ਸੋਮਵਾਰ, 16 ਨਵੰਬਰ 2026, 1 ਮੱਘਰ, ਨਾਨਕਸ਼ਾਹੀ 558, ਬਿਕਰਮੀ 2083, ਜਿਲਦ/VOL. : 75, ਅੰਕ/NO. : 166
ਕੀਮਤ/PRICE : 5.00 ਰੁਪਏ
Regd. No : L-4/Pb-JL-0023/2024-26, (R.N.I.)-00068/57
ਰੋਜ਼ਾਨਾ ਨਵਾਂ ਜ਼ਮਾਨਾ ਜਲੰਧਰ
DAILY NAWAN ZAMANA • MONDAY, 16 NOVEMBER, 2026
E-mail : nawanzamana@gmail.com
www.nawanzamana.in

जनगणना 2027

MINISTRY OF HOME AFFAIRS
GOVERNMENT OF INDIA
सत्यमेव जयते



सवै-गणना
16 ਨਵੰਬਰ-30 ਨਵੰਬਰ, 2026

ਜਨਸੰਖਿਆ ਗਣਨਾ
1 ਦਸੰਬਰ, 2026 - 4 ਜਨਵਰੀ, 2027
ਸੁਧਾਈ ਗੇੜ 5 ਜਨਵਰੀ - 9 ਜਨਵਰੀ, 2027

* ਸਿਰਫ਼ ਗੋਆ, ਪੰਜਾਬ, ਉੱਤਰਾਖੰਡ ਅਤੇ ਉੱਤਰ ਪ੍ਰਦੇਸ਼ ਲਈ

ਸਵੈ-ਗਣਨਾ 'ਚ ਹਿੱਸਾ ਲਓ

∴ **ਆਪਣੀ ਸੁਵਿਧਾ ਅਨੁਸਾਰ**, ਆਨਲਾਈਨ ਜਾਣਕਾਰੀ ਭਰੋ

ਸਵੈ-ਗਣਨਾ ਲਈ **QR** ਕੋਡ ਸਕੈਨ ਕਰੋ ਜਾਂ ਪੋਰਟਲ 'ਤੇ ਜਾਓ

se.census.gov.in

ਗਣਨਾਕਾਰ ਘਰ ਆਉਣਗੇ

∴ ਜਦੋਂ ਗਣਨਾਕਾਰ ਤੁਹਾਡੇ ਘਰ ਆਉਣ :

- ✓ ਆਪ ਗਣਨਾਕਾਰ ਦਾ ਪਛਾਣ ਪੱਤਰ ਦੇਖ ਸਕਦੇ ਹੋ
- ✓ ਉਸ ਦਾ ਸਵਾਗਤ ਕਰੋ ਅਤੇ ਸਹੀ ਜਾਣਕਾਰੀ ਦਿਓ
- ✓ ਜੇ ਤੁਸੀਂ ਸਵੈ-ਗਣਨਾ ਪੂਰੀ ਕਰ ਲਈ ਹੈ ਤਾਂ ਆਪਣੀ **SE ID** ਸਾਂਝੀ ਕਰੋ

ਸਵੈ-ਗਣਨਾ ਪ੍ਰਕਿਰਿਆ

se.census.gov.in 'ਤੇ ਜਾਓ ›› ਆਪਣੇ ਮੋਬਾਇਲ ਨੰਬਰ ਤੋਂ ਲਾਗਇਨ ਕਰੋ ›› ਪਰਵਾਰ ਦੇ ਸਾਰੇ ਮੈਂਬਰਾਂ ਲਈ ਪ੍ਰਸ਼ਨਾਵਲੀ ਭਰੋ ਅਤੇ ਆਪਣੀ ਜਾਣਕਾਰੀ ਜਮ੍ਹਾਂ ਕਰੋ ›› P ਤੋਂ ਸ਼ੁਰੂ ਹੋਣ ਵਾਲੀ 11 ਅੰਕਾਂ ਦੀ SE ID ਮਿਲੇਗੀ, ਇਸ ਨੂੰ ਸੁਰੱਖਿਅਤ ਰੱਖੋ ›› ਘਰ 'ਤੇ ਗਿਣਤੀਕਾਰ ਦੇ ਆਉਣ ਦੌਰਾਨ ਇਹ SE ID ਉਸ ਨਾਲ ਸਾਂਝੀ ਕਰੋ

ਧਿਆਨ ਦਿਓ :

ਸਵੈ-ਗਣਨਾ ਇੱਕ ਵਾਧੂ ਸੁਵਿਧਾ ਹੈ। ਜੇ ਤੁਸੀਂ ਇਸ ਦਾ ਇਸਤੇਮਾਲ ਨਹੀਂ ਕਰਦੇ ਤਾਂ ਵੀ ਗਿਣਤੀਕਾਰ ਤੁਹਾਡੇ ਘਰ ਆ ਕੇ ਜਾਣਕਾਰੀ ਇਕੱਠੇ ਕਰੇਗਾ।

ਤੁਹਾਡੀ ਜਾਣਕਾਰੀ ਦੀ ਗੁਪਤ ਜਨਗਣਨਾ ਨਿਯਮ, 1948 ਦੇ ਤਹਿਤ ਯਕੀਨੀ ਹੈ

ਤੁਹਾਡੀ ਜਾਣਕਾਰੀ ਮਹੱਤਵਪੂਰਨ ਹੈ

- ਜਨਗਣਨਾ ਲਈ ਤੁਹਾਡੇ ਕੋਲੋਂ OTP, PIN ਜਾਂ ਦਸਤਾਵੇਜ਼ ਨਹੀਂ ਮੰਗਿਆ ਜਾਵੇਗਾ
- ਜਾਣਕਾਰੀ ਕੇਵਲ ਅਧਿਕਾਰਤ ਮਾਧਿਅਮ ਨਾਲ ਸਾਂਝੀ ਕਰੋ
- ਜਾਣਕਾਰੀ ਸਾਵਧਾਨੀਪੂਰਵਕ ਅਤੇ ਸਹੀ-ਸਹੀ ਦਰਜ ਕਰੋ

CBC 19108/13/0177/2627

ਸਾਡੀ ਜਨਗਣਨਾ, ਸਾਡਾ ਵਿਕਾਸ

1800 180 1855 | 1855

ਪ੍ਰਗਤੀ ਵਰਚੁਅਲ ਅਸਿਸਮੈਂਟ (ਜਨਗਣਨਾ ਚੈਟਬਾਟ) ਲਈ QR ਕੋਡ ਸਕੈਨ ਕਰੋ

CensusIndia2027

ਸੋਮਵਾਰ, 16 ਨਵੰਬਰ, 2026
1 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 166


ਰੋਜ਼ਾਨਾ
ਨਵਾਂ ਜ਼ਮਾਨਾ
DAILY NAWAN ZAMANA • MONDAY, 16 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਕਮਾਲ ਦੀ ਲੈਂਡਿੰਗ



ਪੁਲਾੜ ਖੋਜ ਦੇ ਖੇਤਰ ਵਿੱਚ ਨਵਾਂ ਇਤਿਹਾਸ ਸਿਰਜਦਿਆਂ ਐਲਨ ਮਸਕ ਦੀ ਕੰਪਨੀ 'ਸਪੇਸਐਕਸ' ਨੇ ਸ਼ਨੀਵਾਰ ਆਪਣੇ ਵਿਸ਼ਾਲ 'ਸਟਾਰਸ਼ਿਪ' ਪੁਲਾੜ ਯਾਨ ਨੂੰ ਔਰਬਿਟ ਤੋਂ ਵਾਪਸ ਧਰਤੀ 'ਤੇ ਲਿਆ ਕੇ ਲਾਂਚ ਟਾਵਰ 'ਮੇਕਾਜ਼ਿਲਾ' ਦੀਆਂ ਮਸ਼ੀਨੀ ਬਾਹਾਂ ਵਿੱਚ ਸਿੱਧਾ ਅਤੇ ਸੁਰੱਖਿਅਤ ਫੜਨ ਦਾ ਅਦਭੁੱਤ ਕਾਰਨਾਮਾ ਕਰ ਦਿਖਾਇਆ। ਇਹ ਪੁਲਾੜ ਇਤਿਹਾਸ ਵਿੱਚ ਪਹਿਲਾ ਮੌਕਾ ਹੈ, ਜਦੋਂ ਕਿਸੇ ਔਰਬਿਟਲ ਰਾਕੇਟ ਦਾ ਉਪਰਲਾ ਹਿੱਸਾ ਪੁਲਾੜ ਤੋਂ ਵਾਪਸ ਪਰਤ ਕੇ ਲਾਂਚ ਸਾਈਟ 'ਤੇ ਸਿੱਧਾ ਉਤਰਿਆ ਹੈ, ਜੋ ਭਵਿੱਖ ਵਿੱਚ ਰਾਕੇਟਾਂ ਦੀ ਮੁੜ ਵਰਤੋਂ ਦੀ ਦਿਸ਼ਾ ਨੂੰ ਪੂਰੀ ਤਰ੍ਹਾਂ ਬਦਲ ਦੇਵੇਗਾ।

ਕਿਸਾਨਾਂ ਦੇ ਬਕਾਏ ਨਾ ਦੇਣ 'ਤੇ ਗੰਨਾ ਮਿੱਲ ਸੀਲ



ਫਗਵਾੜਾ : ਗੰਨਾ ਕਿਸਾਨਾਂ ਦੇ 2021-22 ਸੀਜ਼ਨ ਦੇ ਰਹਿੰਦੇ 27.74 ਕਰੋੜ ਰੁਪਏ ਦੇ ਬਕਾਏ ਨਾ ਦੇਣ 'ਤੇ ਫਗਵਾੜਾ ਪ੍ਰਸ਼ਾਸਨ ਨੇ ਐਤਵਾਰ ਗੋਲਡਨ ਸੰਧਰ ਸ਼ੂਗਰ ਮਿੱਲ ਨੂੰ ਸੀਲ ਕਰ ਦਿੱਤਾ। ਕਿਸਾਨਾਂ ਨੇ ਪੈਸੇ ਨਾ ਮਿਲਣ 'ਤੇ 18 ਨਵੰਬਰ ਤੋਂ ਤਿੱਖੇ ਸੰਘਰਸ਼ ਦੀ ਚਿਤਾਵਨੀ ਦਿੱਤੀ ਸੀ।

ਅਧਿਕਾਰੀਆਂ ਦੀ ਹਾਜ਼ਰੀ ਵਿੱਚ ਸੀਲਿੰਗ ਦੀ ਕਾਰਵਾਈ ਸਵੇਰੇ 11:15 ਵਜੇ ਸ਼ੁਰੂ ਹੋਈ। ਮਿੱਲ ਦੇ ਆਲੇ-ਦੁਆਲੇ ਦੇ ਸਾਰੇ ਨੌਂ ਗੇਟਾਂ ਨੂੰ ਜਿੰਦਰੇ ਮਾਰ ਕੇ ਸੀਲ ਕਰ ਦਿੱਤਾ ਗਿਆ। ਹਾਲਾਂਕਿ, ਸੁਰੱਖਿਆ ਮੁਲਾਜ਼ਮਾਂ ਦੀ ਆਵਾਜਾਈ ਲਈ ਆਪਸੀ ਸਹਿਮਤੀ ਨਾਲ ਇੱਕ ਛੋਟਾ ਗੇਟ ਖੁੱਲ੍ਹਾ ਰੱਖਿਆ ਗਿਆ ਹੈ। ਪਾਰਦਰਸ਼ਤਾ ਲਈ ਸਾਰੀ ਕਾਰਵਾਈ ਦੀ ਵੀਡੀਓਗ੍ਰਾਫੀ ਕੀਤੀ ਗਈ ਅਤੇ ਅੰਦਰ ਮੌਜੂਦ ਮਸ਼ੀਨਰੀ, 3 ਟਰੱਕ, 4 ਟਰੈਕਟਰ, 5 ਬਲੈਰੋ ਗੱਡੀਆਂ, ਪਾਣੀ ਵਾਲੇ ਟੈਂਕਰ ਸਮੇਤ ਹੋਰ ਸਾਮਾਨ ਦਾ ਰਿਕਾਰਡ ਬਣਾਇਆ ਗਿਆ। ਕਾਰਵਾਈ ਮੁਕੰਮਲ ਹੋਣ ਮਗਰੋਂ 9 ਤਾਲਿਆਂ ਦੀਆਂ 25 ਚਾਬੀਆਂ ਪੰਜਾਬ ਕੇਨ ਵਿਭਾਗ ਦੇ ਪੀ ਓ ਡਾ. ਰੁਲਦਾ ਸਿੰਘ ਨੂੰ ਸੌਂਪੀਆਂ ਗਈਆਂ। ਕੇਨ ਕਮਿਸ਼ਨਰ ਤਰਨਜੀਤ ਸਿੰਘ ਗਿੱਲ ਮੁਤਾਬਕ ਮਿੱਲ ਪ੍ਰਬੰਧਕਾਂ ਨੇ 2025-26 ਸੀਜ਼ਨ ਲਈ ਬਿਨਾਂ ਲਾਇਸੈਂਸ ਤੋਂ ਪਿੜਾਈ ਸ਼ੁਰੂ ਕਰ ਦਿੱਤੀ ਸੀ ਅਤੇ ਵਾਰ-ਵਾਰ ਕਹਿਣ ਦੇ ਬਾਵਜੂਦ ਕਿਸਾਨਾਂ ਦੇ ਬਕਾਏ ਕਲੀਅਰ ਨਹੀਂ ਕੀਤੇ ਸਨ। ਮਿੱਲ ਦੀ ਮਾਲਕੀ ਵਾਰ-ਵਾਰ ਬਦਲਣ ਕਾਰਨ ਜਵਾਬਦੇਹੀ ਤੈਅ ਕਰਨ ਵਿੱਚ ਵੀ ਦਿੱਕਤ ਆ ਰਹੀ ਹੈ। ਇਹ ਵਿਵਾਦ ਕਈ ਸਾਲਾਂ ਤੋਂ ਚੱਲਿਆ ਆ ਰਿਹਾ ਹੈ ਅਤੇ ਸਤੰਬਰ 2022 ਵਿੱਚ ਪ੍ਰਸ਼ਾਸਨ ਨੇ ਮਿੱਲ ਦੀ ਜਾਇਦਾਦ ਅਟੈਚ ਕੀਤੀ ਸੀ। ਸਤੰਬਰ 2023 ਵਿੱਚ ਵੀ ਕਿਸਾਨਾਂ ਦੇ ਪ੍ਰਦਰਸ਼ਨ ਮਗਰੋਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਕਿਸਾਨ ਨੁਮਾਇੰਦਿਆਂ ਵਿਚਾਲੇ ਹੋਈ ਮੀਟਿੰਗ ਤੋਂ ਬਾਅਦ ਮਿੱਲ ਨੂੰ ਪੁਲਸ ਦੀ ਮਦਦ ਨਾਲ ਸੀਲ ਕੀਤਾ ਗਿਆ ਸੀ। ਇਨ੍ਹਾਂ ਘਟਨਾਵਾਂ ਦੌਰਾਨ ਹੀ ਵਿਜੀਲੈਂਸ ਬਿਊਰੋ ਵੱਲੋਂ ਪੰਜਾਬ ਮਾਰਕਫੈੱਡ ਦੇ ਸਾਬਕਾ ਚੇਅਰਮੈਨ ਅਤੇ ਮਿੱਲ ਮੈਨੇਜਮੈਂਟ ਦੇ ਸਾਬਕਾ ਅਧਿਕਾਰੀ ਜਰਨੈਲ ਸਿੰਘ ਵਾਹਦ ਨੂੰ ਮਿੱਲ ਨਾਲ ਜੁੜੀਆਂ ਕਥਿਤ ਵਿੱਤੀ ਬੇਨਿਯਮੀਆਂ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਹਾਲਾਂਕਿ ਬਾਅਦ ਵਿੱਚ ਸਰਕਾਰ ਨਾਲ ਸਹਿਮਤੀ ਬਣਨ 'ਤੇ ਮਿੱਲ ਦੇ ਤਾਲੇ ਖੋਲ੍ਹ ਦਿੱਤੇ ਗਏ ਸਨ। ਹੁਣ ਕਿਸਾਨ ਫਿਰ ਲੰਮੇ ਸਮੇਂ ਤੋਂ ਆਪਣੀ ਅਦਾਇਗੀ ਦੀ ਉਡੀਕ ਕਰ ਰਹੇ ਹਨ। 18 ਨਵੰਬਰ ਦੀ ਮਿਆਦ ਨੇੜੇ ਆਉਣ ਕਾਰਨ ਹੁਣ ਸਭ ਦੀਆਂ ਨਜ਼ਰਾਂ ਇਸ ਗੱਲ 'ਤੇ ਹਨ ਕਿ ਕੀ ਇਸ ਕਾਰਵਾਈ ਨਾਲ ਕਿਸਾਨਾਂ ਨੂੰ ਉਨ੍ਹਾਂ ਦੇ ਹੱਕ ਦੇ ਪੈਸੇ ਮਿਲ ਸਕਣਗੇ।

ਹਾਦਸਿਆਂ 'ਤੇ ਸਿਆਸਤ ਠੀਕ ਨਹੀਂ : ਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀਆਂ ਬੱਸਾਂ ਨਾਲ ਨੌਸ਼ਹਿਰਾ ਪੰਨੂਆਂ ਨੇੜੇ ਵਾਪਰੇ ਭਿਆਨਕ ਸੜਕ ਹਾਦਸੇ ਦੇ ਪੀੜਤਾਂ ਨਾਲ ਐਤਵਾਰ ਮੁਲਾਕਾਤ ਕੀਤੀ ਅਤੇ ਇਸ ਦੁਰਘਟਨਾ ਵਿੱਚ ਕੀਮਤੀ ਜਾਨਾਂ ਚਲੇ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਮ੍ਰਿਤਕਾਂ ਦੇ ਪਰਵਾਰਾਂ ਨੂੰ 5-5 ਲੱਖ ਰੁਪਏ ਅਤੇ ਜ਼ਖ਼ਮੀਆਂ ਨੂੰ 1-1 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹਾਦਸੇ ਵਿੱਚ ਜ਼ਖ਼ਮੀ ਹੋਏ ਸਾਰੇ ਵਿਅਕਤੀਆਂ ਦਾ ਬਿਹਤਰ ਡਾਕਟਰੀ ਇਲਾਜ ਵੀ ਯਕੀਨੀ ਬਣਾਏਗੀ।ਮੀਡੀਆ ਨਾਲ ਗੱਲਬਾਤ ਕਰਦਿਆਂ ਮਾਨ ਨੇ ਕਿਹਾ ਕਿ ਇਸ ਹਾਦਸੇ ਵਿੱਚ 11 ਵਿਅਕਤੀ ਜ਼ਖ਼ਮੀ ਹੋਏ ਹਨ, ਜਦਕਿ ਚਾਰ ਸ਼ਰਧਾਲੂਆਂ ਅਤੇ ਇੱਕ ਮੋਟਰਸਾਈਕਲ ਸਵਾਰ ਦੀ ਦੁਖਦਾਈ ਮੌਤ ਹੋ ਗਈ ਹੈ।

'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਮ੍ਰਿਤਸਰ, ਖਾਟੂ ਸ਼ਿਆਮ ਅਤੇ ਮਥੁਰਾ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਲਈ 17,531 ਤੋਂ ਵੱਧ ਸਫਲ ਯਾਤਰਾਵਾਂ ਰਾਹੀਂ 7,02,203 ਤੋਂ ਵੱਧ ਸ਼ਰਧਾਲੂ ਇਸ ਪਹਿਲਕਦਮੀ ਦਾ ਲਾਭ ਉਠਾ ਚੁੱਕੇ ਹਨ।

ਉਨ੍ਹਾ ਕਿਹਾ, ਇਸ ਯੋਜਨਾ ਤਹਿਤ ਹਰ ਰੋਜ਼ 70 ਤੋਂ ਵੱਧ ਬੱਸਾਂ ਚੱਲਦੀਆਂ ਹਨ, ਜਿਸ ਨਾਲ ਰੋਜ਼ਾਨਾ 3,000 ਤੋਂ ਵੱਧ ਸ਼ਰਧਾਲੂਆਂ ਨੂੰ ਯਾਤਰਾ ਦੀ ਸਹੂਲਤ ਮਿਲਦੀ ਹੈ। ਹਜ਼ਾਰਾਂ ਯਾਤਰਾਵਾਂ ਸਫਲਤਾਪੂਰਵਕ ਪੂਰੀਆਂ ਹੋ ਚੁੱਕੀਆਂ ਹਨ ਅਤੇ ਇਨ੍ਹਾਂ ਯਾਤਰਾਵਾਂ ਦੌਰਾਨ ਕਦੇ ਵੀ ਅਜਿਹੀ ਕੋਈ ਅਣਹੋਣੀ ਘਟਨਾ ਨਹੀਂ ਵਾਪਰੀ। ਮਾਨ ਨੇ ਵਿਰੋਧੀ ਪਾਰਟੀਆਂ ਨੂੰ ਇਸ ਗਹਿਰੇ ਦੁਖਾਂਤ 'ਤੇ ਸਿਆਸਤ ਨਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਅਜਿਹੇ ਮੰਦਭਾਗੇ ਹਾਦਸਿਆਂ ਨੂੰ ਸਿਆਸੀ ਵਿਵਾਦ ਨਹੀਂ ਬਣਾਉਣਾ ਚਾਹੀਦਾ।

ਐਮਰਜੈਂਸੀ ਲੈਂਡਿੰਗ

ਪੁਣੇ : ਇੱਥੋਂ ਗੁਹਾਟੀ ਜਾ ਰਿਹਾ ਇੰਡੀਗੋ ਦਾ ਜਹਾਜ਼ ਉਡਾਣ ਭਰਨ ਤੋਂ ਤੁਰੰਤ ਬਾਅਦ ਲੈਂਡਿੰਗ ਗੇਅਰ ਬੰਦ ਨਾ ਹੋਣ ਕਾਰਨ ਐਤਵਾਰ ਹਵਾਈ ਅੱਡੇ 'ਤੇ ਵਾਪਸ ਪਰਤ ਆਇਆ। ਜਹਾਜ਼ ਵਿੱਚ 192 ਵਿਅਕਤੀ ਸਵਾਰ ਸਨ। ਹਵਾਈ ਅੱਡੇ ਦਾ ਪ੍ਰਬੰਧਨ ਸੰਭਾਲਣ ਵਾਲੀ ਭਾਰਤੀ ਹਵਾਈ ਸੈਨਾ ਨੇ ਫੁੱਲ ਐਮਰਜੈਂਸੀ ਐਲਾਨ ਦਿੱਤੀ, ਜਿਸ ਤੋਂ ਬਾਅਦ ਸਾਰੀਆਂ ਨਿਰਧਾਰਤ ਐਮਰਜੈਂਸੀ ਲੈਂਡਿੰਗ ਪ੍ਰਕਿਰਿਆਵਾਂ ਨੂੰ ਸਰਗਰਮ ਕਰ ਦਿੱਤਾ ਗਿਆ।

ਮਸਜਿਦ 'ਚ ਅੱਗ

ਸ੍ਰੀਨਗਰ : ਬਾਰਾਮੂਲਾ ਜ਼ਿਲ੍ਹੇ ਵਿੱਚ ਪੱਟਨ ਸਥਿਤ ਹਮਰੇ ਇਲਾਕੇ ਦੀ ਮਸਜਿਦ ਵਿੱਚ ਐਤਵਾਰ ਅੱਗ ਲੱਗਣ ਕਾਰਨ ਚਾਰ ਵਿਅਕਤੀ ਮਾਮੂਲੀ ਜ਼ਖਮੀ ਹੋ ਗਏ। ਉਨ੍ਹਾਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਬਿਹਤਰ ਇਲਾਜ ਲਈ ਸ੍ਰੀਨਗਰ ਦੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

ਸੁਖਬੀਰ ਬਾਦਲ ਦੂਰਅੰਦੇਸ਼ ਨੇਤਾ : ਜਗੀਰ ਕੌਰ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ (72) ਐਤਵਾਰ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਪਰਤ ਆਈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬੇਗੋਵਾਲ ਵਿਖੇ ਬੀਬੀ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ। ਬੀਬੀ ਜਗੀਰ ਕੌਰ 1999, 2004 ਅਤੇ 2020 ਵਿੱਚ ਐੱਸ ਜੀ ਪੀ ਸੀ ਪ੍ਰਧਾਨ ਸੀ। ਉਹ 1997, 2002 ਅਤੇ 2012 ਵਿੱਚ ਵਿਧਾਇਕ ਰਹੀ। ਨਵੰਬਰ 2022 ਵਿੱਚ ਉਸ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚੋਂ ਕੱਢ ਦਿੱਤਾ ਗਿਆ ਸੀ, ਜਦੋਂ ਉਹ ਐੱਸ ਜੀ ਪੀ ਸੀ ਪ੍ਰਧਾਨਗੀ ਦੀ ਚੋਣ ਲੜਨ ਦੇ ਆਪਣੇ ਸਟੈਂਡ 'ਤੇ ਅੜੀ ਰਹੀ, ਜਿਸ ਵਿੱਚ ਉਹ ਅਕਾਲੀ ਦਲ ਦੇ ਉਮੀਦਵਾਰ ਹਰਜਿੰਦਰ ਸਿੰਘ ਧਾਮੀ ਤੋਂ ਹਾਰ ਗਈ। ਹਾਲਾਂਕਿ, ਉਹ ਮਾਰਚ 2024 ਵਿੱਚ ਸ਼੍ਰੋਮਣੀ ਅਕਾਲੀ ਦਲ ਵਿੱਚ ਵਾਪਸ ਆ ਗਈ ਸੀ ਅਤੇ ਉਸ ਸਮੇਂ ਵੀ ਸੁਖਬੀਰ ਬਾਦਲ ਨੇ ਉਸ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਸੀ। ਬਾਅਦ ਵਿੱਚ ਉਸ ਨੇ ਹੋਰ ਅਕਾਲੀ ਆਗੂਆਂ ਨਾਲ ਮਿਲ ਕੇ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦਾ ਗਠਨ ਕੀਤਾ। ਫਿਰ ਹੋਰਨਾਂ ਆਗੂਆਂ ਨਾਲ ਮਿਲ ਕੇ ਅਕਾਲੀ ਦਲ ਪੁਨਰ ਸੁਰਜੀਤ ਬਣਾਇਆ। ਸੁਖਬੀਰ ਬਾਦਲ ਨੇ ਬੀਬੀ ਜਗੀਰ ਕੌਰ ਨੂੰ ਹਲਕਾ ਭੁਲੱਥ ਦਾ ਇੰਚਾਰਜ ਲਾਉਣ ਦਾ ਐਲਾਨ ਕੀਤਾ, ਜਿਸ ਦਾ ਮਤਲਬ ਹੈ ਕਿ ਉਹ ਹੀ ਹਲਕੇ ਤੋਂ ਪਾਰਟੀ ਉਮੀਦਵਾਰ ਹੋਵੇਗੀ।

ਸੁਖਬੀਰ ਬਾਦਲ ਵੱਲੋਂ ਬੀਬੀ ਜਗੀਰ ਕੌਰ ਦੀ ਕਰਵਾਈ ਗਈ ਇਸ ਵਾਪਸੀ ਨੂੰ ਦੁਆਬਾ ਖੇਤਰ ਦੀ ਸਿਆਸਤ ਵਿੱਚ ਕਾਫੀ ਅਹਿਮ ਮੰਨਿਆ ਜਾ ਰਿਹਾ ਹੈ। ਇਸ ਨੂੰ ਪਾਰਟੀ ਪ੍ਰਧਾਨ ਦੀ ਆਪਣੇ ਪੁਰਾਣੇ ਪੈਥਕ ਸਾਥੀਆਂ ਨੂੰ ਮੁੜ ਇਕੱਠਾ ਕਰਨ ਦੀ ਮੁਹਿੰਮ ਵਿੱਚ ਇੱਕ ਵੱਡੀ ਸਫਲਤਾ ਵਜੋਂ ਵੀ ਦੇਖਿਆ ਜਾ ਰਿਹਾ ਹੈ। ਸਮਾਗਮ ਦੌਰਾਨ ਬੀਬੀ ਜਗੀਰ ਕੌਰ ਨੇ ਸੁਖਬੀਰ ਸਿੰਘ ਬਾਦਲ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾ ਨੂੰ ਇੱਕ ਦੂਰਅੰਦੇਸ਼ ਨੇਤਾ ਦੱਸਿਆ। ਹਰਸਿਮਰਤ ਕੌਰ ਬਾਦਲ ਨੂੰ ਆਪਣੀ ਭੈਣ ਦੱਸਦਿਆਂ ਉਨ੍ਹਾ ਵੱਲੋਂ ਚਲਾਈ ਗਈ 'ਨੰਨ੍ਹੀ ਛਾਂ' ਮੁਹਿੰਮ ਦੀ ਵੀ ਪ੍ਰਸੰਸਾ ਕੀਤੀ। ਇਸ ਮੌਕੇ ਸੁਖਬੀਰ ਬਾਦਲ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਨੂੰ ਉਜੜਨ ਤੋਂ ਬਚਾਉਣ ਲਈ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਲਿਆਉਣ ਦੀ ਅਪੀਲ ਕੀਤੀ।

ਅਕਾਲੀ ਦਲ ਜਾਂ ਸਟੇਸ਼ਨ !



ਚੰਡੀਗੜ੍ਹ : ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ 'ਐੱਕਸ' ਖਾਤੇ 'ਤੇ ਪਾਈ ਪੋਸਟ ਵਿੱਚ ਅਕਾਲੀ ਦਲ ਦੀ ਸਿਆਸਤ ਦੀ ਤੁਲਨਾ ਰੇਲਵੇ ਸਟੇਸ਼ਨ ਨਾਲ ਕਰਦਿਆਂ ਲਿਖਿਆ, 'ਕਦੇ ਰੁੱਸਣਾ, ਕਦੇ ਮੰਨ ਜਾਣਾ, ਕਦੇ ਪਾਰਟੀ ਛੱਡਣਾ ਤੇ ਕਦੇ ਮੁੜ ਘਰ ਪਰਤ ਆਉਣਾ। ਅਕਾਲੀ ਦਲ ਦੀ ਸਿਆਸਤ ਹੈ ਜਾਂ ਆਉਣ-ਜਾਣ ਵਾਲਿਆਂ ਦਾ ਰੇਲਵੇ ਸਟੇਸ਼ਨ? ' ਸਿਆਸੀ ਹਲਕਿਆਂ ਵਿੱਚ ਇਸ ਟਿੱਪਣੀ ਨੂੰ ਅਕਾਲੀ ਦਲ ਦੀ ਅੰਦਰੂਨੀ ਸਿਆਸਤ 'ਤੇ 'ਆਪ' ਆਗੂ ਦਾ ਤਿੱਖਾ ਤਨਜ਼ ਮੰਨਿਆ ਜਾ ਰਿਹਾ ਹੈ। ਗਰਗ ਨੇ ਆਪਣੀ ਪੋਸਟ ਵਿੱਚ ਕਿਸੇ ਲੰਮੇ ਸਿਆਸੀ ਭਾਸ਼ਣ ਦੀ ਥਾਂ ਰੇਲਵੇ ਸਟੇਸ਼ਨ ਦੀ ਮਿਸਾਲ ਨਾਲ ਹੀ ਪੂਰੀ ਗੱਲ ਕਹਿਣ ਦੀ ਕੋਸ਼ਿਸ਼ ਕੀਤੀ ਹੈ।

ਪਰਗਟ ਨੇ ਬਣਾਈ 'ਪਰਖ' ਕਮੇਟੀ

ਚੰਡੀਗੜ੍ਹ : ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਦੂਜੀਆਂ ਪਾਰਟੀਆਂ ਦੇ ਆਗੂਆਂ ਦੀ ਕਾਂਗਰਸ ਵਿੱਚ ਸ਼ਮੂਲੀਅਤ ਦੀ ਨਿਗਰਾਨੀ ਅਤੇ ਤਾਲਮੇਲ ਲਈ ਚਾਰ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ। ਇਸ ਕਮੇਟੀ ਵਿੱਚ ਕਾਂਗਰਸ ਕੇਂਦਰੀ ਵਰਕਿੰਗ ਕਮੇਟੀ ਦੇ ਮੈਂਬਰ ਵਿਜੇ ਇੰਦਰ ਸਿੰਗਲਾ, ਵਿਧਾਇਕ ਦਲ ਦੀ ਉਪ ਨੇਤਾ ਅਰੁਣਾ ਚੌਧਰੀ, ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਅਤੇ ਵਿਧਾਇਕ ਹਰਦੇਵ ਸਿੰਘ ਲਾਡੀ ਨੂੰ ਸ਼ਾਮਲ ਕੀਤਾ ਗਿਆ ਹੈ। ਕਮੇਟੀ ਨੂੰ ਹਦਾਇਤ ਦਿੱਤੀ ਗਈ ਹੈ ਕਿ ਕਿਸੇ ਵੀ ਆਗੂ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਤੋਂ ਪਹਿਲਾਂ ਸੰਬੰਧਤ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਅਤੇ ਸੰਬੰਧਤ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਨਾਲ ਸਲਾਹ-ਮਸ਼ਵਰਾ ਕਰਨਾ ਲਾਜ਼ਮੀ ਹੋਵੇਗਾ। ਇਸ ਫੈਸਲੇ ਨਾਲ ਸਥਾਨਕ ਕਾਂਗਰਸੀ ਲੀਡਰਸ਼ਿਪ ਨੂੰ ਇਹ ਤੈਅ ਕਰਨ ਵਿੱਚ ਰਸਮੀ ਅਧਿਕਾਰ ਮਿਲ ਗਿਆ ਹੈ ਕਿ ਪਾਰਟੀ ਵਿੱਚ ਕਿਸ ਨੂੰ ਸ਼ਾਮਲ ਕੀਤਾ ਜਾਵੇ। ਹੁਣ ਕਿਸੇ ਵੀ ਨਵੇਂ ਆਗੂ ਦੀ ਸ਼ਮੂਲੀਅਤ ਦੀ ਪ੍ਰਕਿਰਿਆ ਸਥਾਨਕ ਆਗੂਆਂ ਦੇ ਵਿਚਾਰ ਜਾਣਨ ਅਤੇ ਆਪਸੀ ਸਹਿਮਤੀ ਬਣਨ ਤੋਂ ਬਾਅਦ ਹੀ ਅੱਗੇ ਵਧਾਈ ਜਾਵੇਗੀ।

ਸਮੁੱਚੇ ਝੋਨੇ ਦੀ ਖਰੀਦ ਯਕੀਨੀ ਬਣਾਈ ਜਾਵੇ

ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਸੂਬਾਈ ਮੀਟਿੰਗ 'ਚ ਅਹਿਮ ਫੈਸਲੇ



ਮੋਗਾ (ਨਵਾਂ ਜ਼ਮਾਨਾ ਸਰਵਿਸ)

ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੀ ਸੂਬਾਈ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਵਰਕਿੰਗ ਪ੍ਰਧਾਨ ਮਹਾਂਵੀਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਸਾਨ ਸਭਾ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਸੰਘਰਸ਼ਾਂ ਅਤੇ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੇ ਸਹਿਕਾਰਤਾ ਵਿਭਾਗ ਵੱਲੋਂ ਕੋਆਪ੍ਰੇਟਿਵ ਸੋਸਾਇਟੀਆਂ ਨੂੰ ਖ਼ਤਮ ਕਰਨ ਦੀ ਨੀਅਤ ਨਾਲ ਲਿਆਂਦੀ ਗਈ ਨੀਤੀ ਕਿਸਾਨਾਂ ਅਤੇ ਕੋਆਪ੍ਰੇਟਿਵ ਸੋਸਾਇਟੀਆਂ ਦੇ ਮੁਲਾਜ਼ਮਾਂ ਦੇ ਦਬਾਅ ਹੇਠ ਭਾਵੇਂ ਵਾਪਸ ਲੈ ਲਈ ਗਈ ਹੈ, ਪਰ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਕਾਰਨ ਭਵਿੱਖ ਵਿੱਚ ਵੀ ਸਹਿਕਾਰਤਾ ਵਿਭਾਗ ਤੋਂ ਕਿਸਾਨਾਂ ਦੀ ਭਲਾਈ

ਭਖਦੀਆਂ ਮੰਗਾਂ ਨੂੰ ਲੈ ਕੇ ਐੱਨ ਐੱਚ ਐੱਮ ਯੂਨੀਅਨ ਨੇ ਆਪ ਉਮੀਦਵਾਰ ਜੱਸਾ ਪੱਟੀ ਨੂੰ ਮੰਗ ਪੱਤਰ ਸੌਂਪਿਆ

ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਢਾ)- ਐੱਨ ਐੱਚ ਐੱਮ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਅਤੇ ਯੂਨੀਅਨ ਦੇ ਜੁਝਾਰੂ ਯੋਧੇ ਜਸਵੀਰ ਸਿੰਘ ਬਰਨਾਲਾ ਨੇ ਪੱਤਰਕਾਰਾਂ ਨੂੰ ਗਲਬਾਤ ਦੌਰਾਨ ਦੱਸਿਆ ਕਿ ਐੱਨ ਐੱਚ ਐੱਮ ਯੂਨੀਅਨ ਦੇ ਕਰਮਚਾਰੀ ਲੰਮੇ ਸਮੇਂ ਤੋਂ ਬਹੁਤ ਹੀ ਘੱਟ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ ਅਤੇ ਖਾਸ ਕਰਕੇ ਕਰੋਨਾ ਸਮੇਂ ਆਪਣੀਆਂ ਜਾਨਾਂ ਦੀ ਪਰਵਾਹ ਕੀਤੇ ਬਿਨਾਂ ਘਰ ਘਰ ਜਾ ਕੇ ਲੋਕਾਂ ਨੂੰ ਦਵਾਈਆਂ ਦਿੱਤੀਆਂ ਅਤੇ ਟੀਕਾਕਰਨ ਕੀਤਾ ਅਤੇ ਲੋਕਾਂ ਦੀ ਜਾਨ ਬਚਾਈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਜਦ ਉਨ੍ਹਾਂ ਦੀ ਯੂਨੀਅਨ ਰਿਵਾਇਤੀ ਪਾਰਟੀਆਂ ਦੇ ਅੱਤਿਆਚਾਰ ਤੋਂ ਦੁਖੀ ਸਨ ਉਸ ਸਮੇਂ ਉਨਾਂ ਨਾਲ ਪੱਕਾ ਵਾਅਦਾ ਕੀਤਾ ਕੀ ਪੰਜਾਬ ਵਿੱਚ ਮਾਨ ਦੀ ਸਰਕਾਰ ਆਉਣ ਤੇ ਐੱਨ ਐੱਚ ਐੱਮ ਕਰਮਚਾਰੀਆਂ ਨੂੰ ਤੁਰੰਤ ਪੱਕਾ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਲਗਭਗ ਪੰਜ ਸਾਲ ਬੀਤਣ ਵਾਲੇ ਹਨ ਅਤੇ ਮਾਨ ਸਰਕਾਰ ਉਨ੍ਹਾਂ ਨੂੰ ਲਾਰੇ ਤੇ ਲਾਰਾ ਲਗਾ ਰਹੀ ਹੈ ਅਤੇ ਪੱਕਾ ਨਹੀਂ ਕਰ ਰਹੀ। ਉਨਾਂ ਦੱਸਿਆ ਕਿ ਬੀਤੇ ਦਿਨੀਂ ਉਨਾਂ ਐੱਨ ਐੱਚ ਐੱਮ ਮੁੱਖ ਦਫਤਰ ਚੰਡੀਗੜ੍ਹ ਰੋਸ ਧਰਨਾ ਦਿੱਤਾ ਗਿਆ ਸੀ ਜਿਸਤੇ ਉਹਨਾਂ ਨੂੰ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ 17 ਨਵੰਬਰ ਦੀ ਮੀਟਿੰਗ ਦਿੱਤੀ ਅਤੇ ਭਰੋਸਾ ਦਿੱਤਾ ਕਿ ਇਸ ਮੀਟਿੰਗ ਵਿੱਚ ਉਨਾਂ ਦਾ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਵੱਲੋਂ ਆਮ ਉਮੀਦਵਾਰ ਜੱਸਾ ਪੱਟੀ ਨੂੰ ਆਪਣੀਆਂ ਹੱਕੀ ਮੰਗਾਂ ਖਾਤਰ ਮੰਗ ਪੱਤਰ ਸੌਂਪਿਆ ਗਿਆ ਅਤੇ ਜੱਸਾ ਪੱਟੀ ਨੇ ਉਨ੍ਹਾਂ ਨਾਲ ਵਾਅਦਾ ਕੀਤਾ ਹੈ ਕਿ ਉਹ ਉਨ੍ਹਾਂ ਨੂੰ ਪੱਕਾ ਕਰਵਾਉਣ ਲਈ ਮੁੱਖ ਮੰਤਰੀ ਸਾਹਿਬ ਨੂੰ ਇਹ ਮੰਗ ਪੱਤਰ ਦੇਣਗੇ। ਉਨਾਂ ਕਿਹਾ ਕਿ 16 ਨਵੰਬਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੱਟੀ ਵਿਖੇ ਆ ਰਹੇ ਹਨ ਅਤੇ ਯੂਨੀਅਨ ਵੱਲੋਂ ਉਨਾਂ ਨੂੰ ਵੀ ਮੰਗ ਪੱਤਰ ਸੌਂਪਿਆ ਜਾਵੇਗਾ। ਉਨ੍ਹਾਂ ਸਖਤ ਸ਼ਬਦਾਂ ਵਿੱਚ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ 17 ਨਵੰਬਰ ਵਾਲੀ ਮੀਟਿੰਗ ਵਿੱਚ ਉਹਨਾਂ ਦਾ ਮਸਲਾ ਹੱਲ ਨਾ ਕੀਤਾ ਤਾਂ ਉਹ 17 ਨਵੰਬਰ ਨੂੰ ਸਿਹਤ ਮੰਤਰੀ ਦੀ ਰਿਹਾਇਸ਼ ਪਟਿਆਲਾ ਵਿਖੇ ਭੁੱਖ ਹੜ੍ਹਤਾਲ ਤੇ ਬੈਠਣਗੇ। ਇਸ ਸਮੇਂ ਜ਼ਿਲਾ ਤਰਨ ਤਾਰਨ ਦੇ ਯੂਨੀਅਨ ਪ੍ਰਧਾਨ ਮਨਦੀਪ ਸਿੰਘ, ਡਾਕਟਰ ਤਰਸੇਮ ਸਿੰਘ ਕੈਰੋਂ, ਸੰਦੀਪ ਸਿੰਘ ਆਈ ਏ ਕੁਲਵਿੰਦਰ ਸਿੰਘ ਹਾਜ਼ਰ ਸਨ।



ਪ੍ਰੋ. ਸੁਰਜੀਤ ਜੱਜ ਤੇ ਹਰਮੀਤ ਵਿਦਿਆਰਥੀ ਦੇ ਪੈਨਲ ਦੀ ਹਮਾਇਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਵੱਖ-ਵੱਖ ਸਾਹਿਤਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਸਾਹਿਤਕਾਰਾਂ ਦੀ ਇਕ ਸਾਂਝੀ ਇਕੱਤਰਤਾ ਸਾਬਕਾ ਡਾਇਰੈਕਟਰ ਲਾਇਬ੍ਰੇਰੀਅਨ ਡਾ. ਪ੍ਰਭਜੋਤ ਕੌਰ ਸੰਧੂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਸ਼ਹਿਰ ਦੀਆਂ ਸਾਹਿਤਕ ਸਰਗਰਮੀਆਂ ਨੂੰ ਹੋਰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਉਣ ਦੇ ਨਾਲ-ਨਾਲ 13 ਦਸੰਬਰ ਨੂੰ ਜਲੰਧਰ ਵਿਖੇ ਹੋਣ ਜਾ ਰਹੀਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੀਆਂ ਚੋਣਾਂ ਸਬੰਧੀ ਵਿਸਥਾਰ ਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਡਾ. ਪ੍ਰਭਜੋਤ ਕੌਰ ਸੰਧੂ ਨੇ ਕਿਹਾ ਕਿ ਪੰਜਾਬ ਭਰ ਦੀਆਂ ਲਾਇਬ੍ਰੇਰੀਆਂ ਵਿੱਚ ਲਾਇਬ੍ਰੇਰੀਅਨਾਂ ਦੀਆਂ ਬਹੁਤ ਸਾਰੀਆਂ ਅਸਾਮੀਆਂ ਖਾਲੀ ਪਈਆਂ ਹਨ, ਜਿਨ੍ਹਾਂ ਨੂੰ ਸਰਕਾਰ ਵੱਲੋਂ ਤੁਰੰਤ ਭਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਲਾਇਬ੍ਰੇਰੀਆਂ ਗਿਆਨ ਦੇ ਪ੍ਰਸਾਰ ਅਤੇ ਸਾਹਿਤਕ ਚੇਤਨਾ ਦੇ ਵਿਕਾਸ ਦਾ ਅਹਿਮ ਕੇਂਦਰ ਹੁੰਦੀਆਂ ਹਨ। ਇਹ ਕਿਤਾਬਾਂ ਅਤੇ ਪਾਠਕਾਂ ਦਰਮਿਆਨ ਪੁਲ ਦਾ ਕੰਮ ਕਰਦੀਆਂ ਹਨ। ਲਾਇਬ੍ਰੇਰੀਅਨ ਦੀ ਮੌਜੂਦਗੀ ਤੋਂ ਬਿਨਾਂ ਲਾਇਬ੍ਰੇਰੀਆਂ ਦੀਆਂ ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣਾ ਮੁਸ਼ਕਲ ਹੈ। ਇਸ ਮੌਕੇ ਪ੍ਰਗਤੀਸ਼ੀਲ ਲੇਖਕ ਸੰਘ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਫੋਕਲੋਰ ਰਿਸਰਚ ਅਕਾਦਮੀ ਅੰਮ੍ਰਿਤਸਰ ਦੇ ਪ੍ਰਧਾਨ ਗਸ਼ ਯਾਦਵ, ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਭਾਰਤ ਪ੍ਰਧਾਨ ਸਤਬੀਰ ਸਿੰਘ, ਮਾਝਾ ਵਿਰਾਸਤ ਸੱਥ ਅਜਨਾਲਾ ਦੇ ਪ੍ਰਧਾਨ ਐੱਸ. ਪਰਸ਼ੋਤਮ, ਮਜੀਠਾ ਇਕਾਈ ਦੇ ਪ੍ਰਧਾਨ ਸੁਖਬੀਰ ਸਿੰਘ ਭੁੱਲਰ, ਨਿਰੰਜਣ ਸਿੰਘ ਗਿੱਲ, ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਮੰਚ ਅੰਮ੍ਰਿਤਸਰ ਦੇ ਪ੍ਰਧਾਨ ਜਸਬੀਰ ਸਿੰਘ ਝਬਾਲ, ਕਮਲ ਗਿੱਲ, ਲਾਡੀ ਹੁੰਦਲ, ਸਤਨਾਮ ਜੱਸੜ, ਕਰਮਜੀਤ ਕੌਰ ਜੱਸਲ, ਗੁਰਦੇਵ ਸਿੰਘ ਮਹਿਲਾਂਵਾਲਾ ਅਤੇ ਕੁਲਵੰਤ ਸਿੰਘ ਕੰਤ ਸਮੇਤ ਹੋਰ ਸਾਹਿਤਕਾਰਾਂ ਨੇ ਸ਼ਮੂਲੀਅਤ ਕੀਤੀ। ਇਕੱਤਰਤਾ ਦੌਰਾਨ ਹਾਜ਼ਰ ਸਾਹਿਤਕਾਰਾਂ ਨੇ ਕੇਂਦਰੀ ਪੰਜਾਬੀ ਲੇਖਕ ਸਭਾ ਦੀਆਂ ਆਗਾਮੀ ਚੋਣਾਂ ਵਿੱਚ ਪ੍ਰਗਤੀਸ਼ੀਲ ਲੇਖਕ ਸੰਘ ਵੱਲੋਂ ਪੇਸ਼ ਕੀਤੇ ਗਏ ਪ੍ਰੋ. ਸੁਰਜੀਤ ਜੱਜ ਅਤੇ ਹਰਮੀਤ ਵਿਦਿਆਰਥੀ ਦੇ ਪੈਨਲ ਦੀ ਹਮਾਇਤ ਕਰਨ ਦੀ ਅਪੀਲ ਕੀਤੀ।



ਸਾਲਾਨਾ ਸਪੋਰਟਸ ਮੀਟ ਕਰਵਾਈ



ਨਕੋਦਰ (ਮਨਜੀਤ ਮਾਨ)- ਸੇਵਕ ਪਬਲਿਕ ਹਾਈ ਸਕੂਲ ਨਕੋਦਰ ਵਿਖੇ ਸਾਲਾਨਾ ਸਪੋਰਟਸ ਮੀਟ ਕਰਵਾਈ ਗਈ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਰਦਾਰ ਅਜਮੇਰ ਸਿੰਘ ਸ਼ੇਰੋਵਾਲੀਆਂ, ਵਿਸ਼ੇਸ਼ ਮਹਿਮਾਨ ਵਜੋਂ ਸਰਦਾਰ ਹਰਕੰਵਲ ਸਿੰਘ ਮੁੰਧ ਅਤੇ ਐਗਜ਼ੈਕਟਿਵ ਕਮੇਟੀ ਦੇ ਹੋਰ ਮੈਂਬਰ ਸਾਹਿਬਾਨ ਮਨਜੀਤ ਸਿੰਘ, ਸੁਖਦੇਵ ਸਿੰਘ, ਸੁਰਜੀਤ ਸਿੰਘ ਹੈਮਰ ਨੇ ਸ਼ਿਰਕਤ ਕੀਤੀ। ਸਕੂਲ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਖੇਡ ਮੇਲੇ ਦੌਰਾਨ ਵਿਦਿਆਰਥੀਆਂ ਨੇ ਦੌੜਾਂ, ਵੱਖ-ਵੱਖ ਐਥਲੈਟਿਕ ਮੁਕਾਬਲਿਆਂ ਅਤੇ ਹੋਰ ਖੇਡ ਗਤੀਵਿਧੀਆਂ ਵਿੱਚ ਆਪਣੀ ਯੋਗਤਾ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਜੇਤੂ ਵਿਦਿਆਰਥੀਆਂ ਨੂੰ ਆਏ ਹੋਏ ਮੈਂਬਰ ਸਾਹਿਬਾਨਾਂ ਦੁਆਰਾ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਸਰਦਾਰ ਅਜਮੇਰ ਸਿੰਘ ਅਤੇ ਵਿਸ਼ੇਸ਼ ਮਹਿਮਾਨ ਸਰਦਾਰ ਹਰਕੰਵਲ ਸਿੰਘ ਮੁੰਧ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਸਕੂਲ ਦੇ ਚੇਅਰਮੈਨ ਹਰਪਾਲ ਸਿੰਘ ਅਤੇ ਪ੍ਰਿੰਸੀਪਲ ਤਜਿੰਦਰ ਕੌਰ ਅਤੇ ਉਹਨਾਂ ਦੀ ਟੀਮ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

'84 ਦੇ ਹਮਲੇ ਸੰਬੰਧੀ ਸ਼੍ਰੋਮਣੀ ਕਮੇਟੀ ਆਪਣਾ ਪੱਖ ਸਪੱਸ਼ਟ ਕਰੇ : ਬਲਦੇਵ ਸਿੰਘ

ਧਾਰੀਵਾਲ (ਮਨਦੀਪ ਵਿੱਕੀ) - ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਸਿੰਘ ਸਾਹਿਬਾਨ ਤੋਂ ਮੰਗ ਕੀਤੀ ਹੈ ਕਿ 20 ਨਵੰਬਰ ਨੂੰ ਹੋਣ ਵਾਲੇ ਜਨਰਲ ਇਜਲਾਸ ਦੌਰਾਨ ਜੂਨ 1984 ਦੇ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਹੋਏ ਫੌਜੀ ਹਮਲੇ ਸਬੰਧੀ ਅਹਿਮ ਮਤੇ ਪਾਸ ਕੀਤੇ ਜਾਣ ਅਤੇ ਇਸ ਮਾਮਲੇ ਵਿੱਚ ਸੰਸਥਾ ਆਪਣੀ ਭੂਮਿਕਾ ਸਪੱਸ਼ਟ ਕਰੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਕਾਂਗਰਸ ਦੀ ਸਾਬਕਾ ਪ੍ਰਧਾਨ ਸੋਨੀਆ ਗਾਂਧੀ ਵੱਲੋਂ ਹਾਲ ਹੀ ਵਿੱਚ ਜਾਰੀ ਕੀਤੀ ਗਈ ਕਿਤਾਬ 'ਬਿਲੋਂਗਿੰਗ: ਏ ਜਰਨੀ ਆਫ਼ ਲਵ' ਵਿੱਚ ਜੂਨ 1984 ਦੇ ਆਪਰੇਸ਼ਨ ਬਲੂ ਸਟਾਰ ਤੋਂ ਬਾਅਦ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਨਾਲ ਸਬੰਧਤ ਤਸਵੀਰਾਂ ਅਤੇ ਵੀਡੀਓ ਦੇਖ ਕੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀਆਂ ਅੱਖਾਂ ਵਿੱਚ ਹੰਝੂ ਆਉਣ ਦਾ ਜ਼ਿਕਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਇਸੇ ਤਰ੍ਹਾਂ ਨਵੰਬਰ 1984 ਦੇ ਸਿੱਖ ਕਤਲੇਆਮ ਸਬੰਧੀ ਵੀ ਸੋਨੀਆ ਗਾਂਧੀ ਵੱਲੋਂ ਦੁੱਖ ਪ੍ਰਗਟਾਉਣ ਦਾ ਜ਼ਿਕਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਸੀਨੀਅਰ ਆਗੂ ਲਾਲ ਕ੍ਰਿਸ਼ਨ ਅਡਵਾਨੀ ਨੇ ਵੀ ਆਪਣੀ ਸਵੈ ਜੀਵਨੀ "ਮਾਈ ਕੰਟਰੀ,ਮਾਈ ਲਾਈਫ" ਵਿੱਚ ਜੂਨ 1984 ਦੇ ਫੌਜੀ ਹਮਲੇ (ਆਪ੍ਰੇਸ਼ਨ ਬਲੂ ਸਟਾਰ) ਸਬੰਧੀ ਭਾਜਪਾ ਆਗੂਆਂ ਦੀ ਭੂਮਿਕਾ ਦਾ ਜ਼ਿਕਰ ਕੀਤਾ ਹੈ ਕਿ ਬੀ.ਜੇ.ਪੀ. ਦੀ ਲੀਡਰਸ਼ਿਪ ਵੱਲੋਂ ਹਮਲਾ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਸੀ। ਬਲਦੇਵ ਸਿੰਘ ਦਾ ਕਹਿਣਾ ਹੈ ਕਿ ਜਦੋਂ ਕਾਂਗਰਸ ਅਤੇ ਭਾਜਪਾ ਨਾਲ ਸਬੰਧਤ ਆਗੂਆਂ ਵੱਲੋਂ ਇਸ ਘਟਨਾਕ੍ਰਮ ਬਾਰੇ ਆਪਣੀ ਭੂਮਿਕਾ ਸਬੰਧੀ ਵਿਚਾਰ ਸਾਹਮਣੇ ਆ ਰਹੇ ਹਨ ਤਾਂ ਪੰਥਕ ਸੰਸਥਾਵਾਂ ਅਤੇ ਪੰਥ ਦੀ ਨੁਮਾਇੰਦਗੀ ਕਰਨ ਵਾਲੇ ਸ਼੍ਰੋਮਣੀ ਅਕਾਲੀ ਦਲ ਤੇ ਸ਼੍ਰੋਮਣੀ ਕਮੇਟੀ ਨੂੰ ਵੀ ਆਪਣਾ ਪੱਖ ਸਪੱਸਟ ਕਰਨਾ ਚਾਹੀਦਾ ਹੈ।



ਫੁੱਟਬਾਲ ਟੂਰਨਾਮੈਂਟ 27 ਤੇ 28 ਨੂੰ : ਔਜਲਾ

ਅਜਨਾਲਾ - ਵਿਧਾਨ ਸਭਾ ਹਲਕਾ ਅਜਨਾਲਾ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਦੇ ਵਧਦੇ ਪ੍ਰਭਾਵ ਤੋਂ ਦੂਰ ਰੱਖਣ ਦੇ ਮਕਸਦ ਨਾਲ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਦੇ ਭਰਾ ਅਤੇ ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਔਜਲਾ ਵੱਲੋਂ ਯੁਵਕ ਸੇਵਾਵਾਂ ਰਜਿਸਟਰਡ ਕਲੱਬ ਅਜਨਾਲਾ ਦੇ ਸਹਿਯੋਗ ਨਾਲ 27 ਅਤੇ 28 ਨਵੰਬਰ ਨੂੰ ਵਿਧਾਨ ਸਭਾ ਪੱਧਰੀ ਫੁੱਟਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਵਿੱਚ ਹਲਕੇ ਦੀਆਂ ਫੁੱਟਬਾਲ ਟੀਮਾਂ ਹਿੱਸਾ ਲੈਣਗੀਆਂ। ਟੂਰਨਾਮੈਂਟ ਦੇ ਪ੍ਰਬੰਧਾਂ ਵਿੱਚ ਸੁਖਵਿੰਦਰ ਸਿੰਘ ਅਤੇ ਹਰਪ੍ਰੀਤ ਸਿੰਘ ਵੀ ਸਹਿਯੋਗ ਕਰਨਗੇ।ਸੁਖਜਿੰਦਰ ਸਿੰਘ ਔਜਲਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵਿਧਾਨ ਸਭਾ ਪੱਧਰ 'ਤੇ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ ਸੀ, ਜਿਸ ਨੂੰ ਖਿਡਾਰੀਆਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਉਨ੍ਹਾਂ ਦੱਸਿਆ ਕਿ ਵਾਲੀਬਾਲ ਟੂਰਨਾਮੈਂਟ ਦੀ ਸਫਲਤਾ ਤੋਂ ਬਾਅਦ ਹੁਣ ਇਸੇ ਲੜੀ ਤਹਿਤ ਫੁੱਟਬਾਲ ਟੂਰਨਾਮੈਂਟ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੀ ਟੀਮ ਨੂੰ ਇੱਕ ਲੱਖ ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੀ ਟੀਮ ਨੂੰ 50 ਹਜ਼ਾਰ ਰੁਪਏ ਇਨਾਮ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਹੋਰ ਟੀਮਾਂ ਨੂੰ 11-11ਹਜ਼ਾਰ ਰੁਪਏ ਦੇ ਹੌਸਲਾ ਅਫਜ਼ਾਈ ਇਨਾਮ ਵੀ ਦਿੱਤੇ ਜਾਣਗੇ।



ਸਿੱਕੀ ਨੇ ਜਤਿੰਦਰ ਸਿੰਘ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ) - ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਪਿੰਡ ਖੇਲਾ ਵਿਖੇ ਜਤਿੰਦਰ ਸਿੰਘ ਦੇ ਦੇਹਾਂਤ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸਾਬਕਾ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਰਮਨਜੀਤ ਸਿੰਘ ਸਿੱਕੀ ਆਪਣੇ ਸਾਥੀਆਂ ਸਮੇਤ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪੀ.ਏ. ਰਣਜੀਤ ਸਿੰਘ ਰਾਣਾ ਖੇਲਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਦਿਆਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਪਰਿਵਾਰ ਨੂੰ ਹੌਸਲਾ ਦਿੱਤਾ। ਸਿੱਕੀ ਨੇ ਕਿਹਾ ਕਿ ਪਰਿਵਾਰ ਦੇ ਕਿਸੇ ਮੈਂਬਰ ਦਾ ਸਦੀਵੀ ਵਿਛੋੜਾ ਬਹੁਤ ਹੀ ਦੁਖਦਾਈ ਹੁੰਦਾ ਹੈ। ਕਿਸੇ ਆਪਣੇ ਦੇ ਜਾਣ ਨਾਲ ਪਰਿਵਾਰ ਵਿੱਚ ਪੈਦਾ ਹੋਈ ਕਮੀ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ।

ਇਸ ਮੌਕੇ ਪਿੰਡ ਖੇਲਾ ਦੇ ਸਰਪੰਚ ਪ੍ਰਕਾਸ਼ ਸਿੰਘ ਖੇਲਾ, ਮੈਂਬਰ ਪੰਚਾਇਤ ਜੈਮਲ ਸਿੰਘ, ਮੈਂਬਰ ਪੰਚਾਇਤ ਅਮਰਜੀਤ ਸਿੰਘ ਲੱਕੀ, ਮੈਂਬਰ ਪੰਚਾਇਤ ਬਲਵਿੰਦਰ ਸਿੰਘ ਪਵਾਰ, ਸੀਨੀਅਰ ਕਾਂਗਰਸੀ ਆਗੂ ਦੀਦਾਰ ਸਿੰਘ, ਸੁਰਿੰਦਰ ਸਿੰਘ, ਸਾਬਕਾ ਮੈਂਬਰ ਪੰਚਾਇਤ ਦਿਲਬਾਗ ਸਿੰਘ ਭੋਜੋਵਾਲੀ, ਸਾਬਕਾ ਸਰਪੰਚ ਹਰਭਜਨ ਸਿੰਘ, ਅੰਗਰੇਜ਼ ਸਿੰਘ ਫੌਜੀ, ਰਵਿੰਦਰ ਸਿੰਘ ਨੰਬਰਦਾਰ, ਬਾਊ ਨੰਬਰਦਾਰ, ਪ੍ਰਭ ਖੇਲਾ, ਬੱਬਲ, ਜਸਪਾਲ ਸਿੰਘ ਪਾਲਾ ਪਵਾਰ, ਜਗਰੂਪ ਸਿੰਘ ਜੱਗੂ ਪਵਾਰ, ਹਰਪਿੰਦਰ ਸਿੰਘ ਪਵਾਰ ਅਤੇ ਹਰਜੀਤ ਸਿੰਘ ਪਵਾਰ ਸਮੇਤ ਹੋਰ ਪਿੰਡ ਵਾਸੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ

**ਧਾਰੀਵਾਲ, (

ਨਵਾਂ ਜ਼ਮਾਨਾ
ਸੋਮਵਾਰ, 16 ਨਵੰਬਰ 2026

ਰਾਮਲੀਲ੍ਹਾ ਮੈਦਾਨ ਦੀ ਘੇਰਾਬੰਦੀ

ਹਾਕਮ ਕੌਮੀ ਰਾਜਧਾਨੀ ਦਿੱਲੀ ਵਿੱਚ ਕੋਈ ਵੀ ਵੱਡਾ ਪ੍ਰੋਟੈਸਟ ਨਹੀਂ ਹੋਣ ਦੇਣਾ ਚਾਹੁੰਦੇ। ਇਸ ਦਾ ਸਬੂਤ ਦਿੱਲੀ ਪੁਲਸ ਵੱਲੋਂ ਰਾਮਲੀਲ੍ਹਾ ਮੈਦਾਨ ਵਿੱਚ ਰੈਲੀਆਂ ਤੇ ਹੋਰ ਸਮਾਗਮਾਂ ਲਈ ਪ੍ਰਸਤਾਵਤ ਨਵੇਂ ਨਿਯਮਾਂ ਤੋਂ ਲੱਗਦਾ ਹੈ, ਜਿਸ ਵਿੱਚ ਵੱਧ ਤੋਂ ਵੱਧ 50 ਹਜ਼ਾਰ ਲੋਕਾਂ ਦੀ ਹਾਜ਼ਰੀ, ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਦਾ ਸਮਾਂ ਅਤੇ 10 ਦਿਨ ਪਹਿਲਾਂ ਦੀ ਇਜਾਜ਼ਤ ਸ਼ਾਮਲ ਹੈ। ਜੇ ਇਹ ਨਿਯਮ ਲਾਗੂ ਹੋ ਜਾਂਦੇ ਹਨ ਤਾਂ ਰਾਮਲੀਲ੍ਹਾ ਮੈਦਾਨ 'ਚ ਰੈਲੀਆਂ ਕਰਨ ਵਾਲੀਆਂ ਸਿਆਸੀ ਪਾਰਟੀਆਂ, ਕਿਸਾਨ ਸੰਗਠਨਾਂ, ਟਰੇਡ ਯੂਨੀਅਨਾਂ ਅਤੇ ਸਮਾਜਿਕ ਸੰਗਠਨਾਂ ਲਈ ਕਾਫੀ ਮੁਸ਼ਕਲਾਂ ਪੈਦਾ ਕਰ ਸਕਦੇ ਹਨ।

ਨਵੇਂ ਪ੍ਰਸਤਾਵ ਵਿੱਚ ਸਮਾਗਮ ਦੀ ਇਜਾਜ਼ਤ ਪ੍ਰਾਪਤ ਕਰਨ ਦੀ ਪ੍ਰਕਿਰਿਆ ਦੀ ਰੂਪਰੇਖਾ ਵੀ ਦਿੱਤੀ ਗਈ ਹੈ। ਰਾਮਲੀਲ੍ਹਾ ਮੈਦਾਨ ਦਿੱਲੀ ਨਗਰ ਨਿਗਮ (ਐੱਮ ਸੀ ਡੀ) ਦੀ ਮਲਕੀਅਤ ਹੈ। ਇਸ ਲਈ ਕਿਸੇ ਵੀ ਸਮਾਗਮ ਦੇ ਪ੍ਰਬੰਧਕਾਂ ਨੂੰ ਪਹਿਲਾਂ ਉਸ ਤੋਂ ਇੱਕ ਸਰਟੀਫਿਕੇਟ ਪ੍ਰਾਪਤ ਕਰਨਾ ਪਵੇਗਾ। ਉਸ ਤੋਂ ਬਾਅਦ ਪ੍ਰਬੰਧਕਾਂ ਨੂੰ ਦਿੱਲੀ ਪੁਲਸ ਨੂੰ ਇਜਾਜ਼ਤ ਲਈ ਅਰਜ਼ੀ ਦੇਣੀ ਪਵੇਗੀ।

ਸਿਰਫ ਐੱਮ ਸੀ ਡੀ ਤੋਂ ਸਰਟੀਫਿਕੇਟ ਪ੍ਰਾਪਤ ਕਰਨ ਨਾਲ ਹੀ ਸਮਾਗਮ ਦੇ ਆਯੋਜਨ ਦੀ ਇਜਾਜ਼ਤ ਨਹੀਂ ਮਿਲੇਗੀ। ਵੱਖਰੀ ਪੁਲਸ ਪ੍ਰਵਾਨਗੀ ਅਤੇ ਹੋਰ ਜ਼ਰੂਰੀ ਪ੍ਰਸ਼ਾਸਕੀ ਪ੍ਰਵਾਨਗੀਆਂ ਵੀ ਲਾਜ਼ਮੀ ਹੋਣਗੀਆਂ। ਅਰਜ਼ੀ ਸਮਾਗਮ ਤੋਂ ਘੱਟੋ-ਘੱਟ 10 ਦਿਨ ਪਹਿਲਾਂ ਜਮ੍ਹਾਂ ਕਰਵਾਉਣੀ ਪਵੇਗੀ। ਅਰਜ਼ੀਆਂ ਡੀ ਸੀ ਪੀ, ਸੈਂਟਰਲ ਡਿਸਟ੍ਰਿਕਟ, ਦਿੱਲੀ ਪੁਲਸ ਦੇ ਦਫਤਰ ਵਿਖੇ ਮਨੋਨੀਤ ਪ੍ਰਬੰਧ ਸੈੱਲ ਰਾਹੀਂ ਦਿੱਤੀਆਂ ਜਾਣਗੀਆਂ। ਇਸ ਪ੍ਰਬੰਧ ਦਾ ਉਦੇਸ਼ ਪੁਲਸ ਨੂੰ ਸੁਰੱਖਿਆ, ਟ੍ਰੈਫਿਕ ਅਤੇ ਭੀੜ ਪ੍ਰਬੰਧਨ ਲਈ ਪਹਿਲਾਂ ਤੋਂ ਤਿਆਰੀ ਕਰਨ ਲਈ ਕਾਫੀ ਸਮਾਂ ਦੇਣਾ ਹੈ। ਪ੍ਰਸਤਾਵਤ ਦਿਸ਼ਾ-ਨਿਰਦੇਸ਼ਾਂ ਵਿੱਚ ਆਵਾਜਾਈ ਪ੍ਰਬੰਧਨ ਦੀ ਜ਼ਿੰਮੇਵਾਰੀ ਪ੍ਰਬੰਧਕਾਂ 'ਤੇ ਵੀ ਰੱਖੀ ਗਈ ਹੈ। ਉਨ੍ਹਾਂ ਨੂੰ ਟ੍ਰੈਫਿਕ ਪੁਲਸ ਅਤੇ ਸਥਾਨਕ ਪੁਲਸ ਨਾਲ ਤਾਲਮੇਲ ਕਰਨਾ ਪਵੇਗਾ। ਵਾਹਨਾਂ ਦੀ ਆਵਾਜਾਈ ਲਈ ਢੁਕਵੇਂ ਪ੍ਰਬੰਧ ਕਰਨੇ ਪੈਣਗੇ। ਪਾਰਕਿੰਗ ਦੇ ਪ੍ਰਬੰਧ ਯਕੀਨੀ ਬਣਾਉਣੇ ਪੈਣਗੇ। ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਲਈ ਨਿਰਧਾਰਤ ਡਰਾਪ-ਆਫ ਪੁਆਇੰਟ ਬਣਾਉਣੇ ਪੈਣਗੇ। ਸੜਕਾਂ ਅਤੇ ਫੁੱਟਪਾਥਾਂ 'ਤੇ ਕੋਈ ਵੀ ਰੁਕਾਵਟ ਨਹੀਂ ਆਉਣੀ ਚਾਹੀਦੀ। ਐਂਬੂਲੈਂਸਾਂ ਅਤੇ ਹੋਰ ਐਮਰਜੈਂਸੀ ਸੇਵਾਵਾਂ ਲਈ ਸੜਕਾਂ ਖੁੱਲ੍ਹੀਆਂ ਰੱਖਣੀਆਂ ਪੈਣਗੀਆਂ। ਸਮਾਗਮ ਵਿੱਚ ਸ਼ਾਮਲ ਹੋਣ ਵਾਲੇ ਲੋਕਾਂ ਨੂੰ ਅਗਨ ਸ਼ਸਤਰ, ਤਲਵਾਰਾਂ ਅਤੇ ਬਰਛੇ, ਤਿੱਖੀਆਂ ਵਸਤੂਆਂ ਅਤੇ ਕਾਨੂੰਨ ਅਧੀਨ ਵਰਜਿਤ ਹੋਰ ਚੀਜ਼ਾਂ ਲਿਆਉਣੀਆਂ ਮਨ੍ਹਾ ਹੋਣਗੀਆਂ। ਇਸ ਤੋਂ ਇਲਾਵਾ ਮੈਦਾਨ ਦੇ ਆਲੇ-ਦੁਆਲੇ ਡਰੋਨ ਉਡਾਉਣ ਲਈ ਪਹਿਲਾਂ ਤੋਂ ਇਜਾਜ਼ਤ ਦੀ ਲੋੜ ਹੋਵੇਗੀ। ਸਮਾਗਮ ਦੌਰਾਨ ਹਿੰਸਾ, ਅਗਜ਼ਨੀ, ਸਰਕਾਰੀ ਜਾਂ ਨਿੱਜੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਜਨਤਕ ਵਿਵਸਥਾ ਨੂੰ ਖਤਰੇ ਵਿੱਚ ਪਾਉਣ ਵਾਲੀਆਂ ਗਤੀਵਿਧੀਆਂ ਦੀ ਮਨਾਹੀ ਹੋਵੇਗੀ। ਪੀਣ ਵਾਲੇ ਸਾਫ ਪਾਣੀ, ਡਾਕਟਰੀ ਸਹਾਇਤਾ ਅਤੇ ਮੁੱਢਲੀ ਸਹਾਇਤਾ, ਢੁਕਵੀਆਂ ਟਾਇਲਟ ਅਤੇ ਸੈਨੀਟੇਸ਼ਨ ਸਹੂਲਤਾਂ ਅਤੇ ਸਹੀ ਰਹਿੰਦ-ਖੂੰਹਦ ਦਾ ਨਿਪਟਾਰਾ ਆਦਿ ਦੀ ਜ਼ਿੰਮੇਵਾਰੀ ਪ੍ਰਬੰਧਕਾਂ ਦੀ ਹੋਵੇਗੀ। ਦਿੱਲੀ ਪੁਲਸ ਦਾ ਇਹ ਪ੍ਰਸਤਾਵ ਅਜਿਹੇ ਸਮੇਂ ਆਇਆ ਹੈ, ਜਦੋਂ ਉਸ ਨੇ ਜੰਤਰ-ਮੰਤਰ ਨੂੰ ਨੋਟੀਫਾਈਡ ਵਿਰੋਧ ਸਥਾਨਾਂ ਦੀ ਸੂਚੀ ਤੋਂ ਹਟਾ ਦਿੱਤਾ ਸੀ। ਇਸ ਦੀ ਥਾਂ ਤਿੰਨ ਬਦਲਵੇਂ ਸਥਾਨਾਂ ਦੀ ਪਛਾਣ ਕੀਤੀ ਗਈ ਸੀ : ਰਾਮਲੀਲ੍ਹਾ ਮੈਦਾਨ (ਕੇਂਦਰੀ ਦਿੱਲੀ), ਬੁਰਾੜੀ ਮੈਦਾਨ ਤੇ ਸੀ ਬੀ ਡੀ ਮੈਦਾਨ (ਪੂਰਬੀ ਦਿੱਲੀ)। ਪਹਿਲੀ ਨਵੰਬਰ ਨੂੰ 'ਇੰਡੀਆ' ਗੱਠਜੋੜ ਨੇ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ 'ਚ ਬੇਨੇਮੀਆਂ ਦੇ ਵਿਰੋਧ 'ਚ ਰਾਮਲੀਲ੍ਹਾ ਮੈਦਾਨ 'ਚ ਵਿਸ਼ਾਲ ਰੈਲੀ ਕਰਕੇ ਸਰਕਾਰ ਨੂੰ ਹਿਲਾ ਦਿੱਤਾ ਸੀ। ਸਭ ਤੋਂ ਮਹੱਤਵਪੂਰਨ ਸਵਾਲ ਇਹ ਹੈ ਕਿ ਵਿਰੋਧ ਪ੍ਰਦਰਸ਼ਨਾਂ ਲਈ ਉਪਲੱਬਧ ਸਥਾਨਾਂ ਅਤੇ ਸਮੇਂ 'ਤੇ ਵਧਦੇ ਪ੍ਰਸ਼ਾਸਕੀ ਨਿਯੰਤਰਣ ਦੇ ਵਿਚਕਾਰ ਨਾਗਰਿਕਾਂ ਦੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਦੇ ਸੰਵਿਧਾਨਕ ਅਧਿਕਾਰ ਨੂੰ ਕਿਵੇਂ ਸੁਰੱਖਿਅਤ ਕੀਤਾ ਜਾਵੇਗਾ। ਲੋਕਤੰਤਰ ਵਿੱਚ ਵਿਰੋਧ ਪ੍ਰਦਰਸ਼ਨ ਸਿਰਫ ਸਿਆਸੀ ਪਾਰਟੀਆਂ ਦੀ ਗਤੀਵਿਧੀ ਨਹੀਂ ਹੁੰਦੇ, ਸਗੋਂ ਨਾਗਰਿਕਾਂ ਲਈ ਆਪਣੀ ਅਸਹਿਮਤੀ ਪ੍ਰਗਟ ਕਰਨ ਦਾ ਇੱਕ ਮਹੱਤਵਪੂਰਨ ਸਾਧਨ ਵੀ ਹੁੰਦੇ ਹਨ। ਰਾਮਲੀਲ੍ਹਾ ਮੈਦਾਨ ਹੀ ਵੱਡੇ ਪ੍ਰੋਟੈਸਟ ਲਈ ਢੁਕਵਾਂ ਸਥਾਨ ਹੈ ਤੇ ਹੁਣ ਹਾਕਮ ਪ੍ਰੋਟੈਸਟਰਾਂ ਨੂੰ ਉੱਥੇ ਆਉਣ ਤੋਂ ਰੋਕ ਕੇ ਦਿੱਲੀ ਦੇ ਬਾਹਰ ਖਦੇੜਨਾ ਚਾਹੁੰਦੇ ਹਨ, ਪਰ ਹਾਕਮ ਇਸ ਵਿੱਚ ਸਫਲ ਨਹੀਂ ਹੋਣਗੇ, ਕਿਉਂਕਿ ਪ੍ਰੋਟੈਸਟਰਾਂ ਦੇ ਹੜ੍ਹ ਨੂੰ ਦੁਨੀਆ ਦੀ ਕੋਈ ਤਾਕਤ ਨਾ ਕਦੇ ਰੋਕ ਸਕੀ ਹੈ ਤੇ ਨਾ ਰੋਕ ਸਕੇਗੀ।

112ਵੇਂ ਸ਼ਹੀਦੀ ਦਿਵਸ ਨੂੰ ਸਮਰਪਤ

ਸ਼ਹੀਦ ਕਰਤਾਰ ਸਿੰਘ ਸਰਾਭਾ ਅਮਰ ਹੈ, ਅਮਰ ਰਹੇਗਾ

ਚਰਨ ਸਿੰਘ ਸਰਾਭਾ

ਸ਼ਹੀਦ ਕਰਤਾਰ ਸਿੰਘ ਸਰਾਭਾ ਭਾਰਤੀ ਆਜ਼ਾਦੀ ਸੰਗਰਾਮ ਦਾ ਪ੍ਰਮੁੱਖ ਨਾਇਕ ਅਤੇ ਗਦਰ ਪਾਰਟੀ ਦਾ ਆਗੂ ਸੀ, ਜੋ ਹਿੰਦੁਸਤਾਨ ਦੀ ਆਜ਼ਾਦੀ ਲਈ ਬਾਬਾ ਸੋਹਣ ਸਿੰਘ ਭਕਨਾ ਦੀ ਅਗਵਾਈ ਹੇਠ ਅੰਗਰੇਜ਼ ਸਾਮਰਾਜੀਆਂ ਦੇ ਲੁਟੇਰੇ ਰਾਜ ਵਿਰੁੱਧ ਸੰਗਰਾਮ ਦੀਆਂ ਮੂਹਰਲੀਆਂ ਸਫ਼ਾਂ ਵਿੱਚ ਰਿਹਾ। ਮਹਾਨ ਗਦਰੀ ਆਗੂ ਕਰਤਾਰ ਸਿੰਘ ਦਾ ਜਨਮ 24 ਮਈ 1896 ਨੂੰ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ ਸ੍ਰੀ ਮੰਗਲ ਸਿੰਘ ਅਤੇ ਮਾਤਾ ਸਾਹਿਬ ਕੌਰ ਦੇ ਘਰ ਹੋਇਆ। ਕਰਤਾਰ ਸਿੰਘ ਸਰਾਭਾ ਦੇ ਪਿਤਾ ਜੀ ਦਾ ਦੇਹਾਂਤ ਹੋ ਜਾਣ ਕਾਰਨ ਛੋਟੀ ਉਮਰ ਤੋਂ ਹੀ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਉਨ੍ਹਾ ਦੇ ਬਾਬਾ ਜੀ 'ਤੇ ਆ ਪਈ। ਕਰਤਾਰ ਸਿੰਘ ਸਰਾਭਾ ਨੇ ਆਪਣੀ ਮੁੱਢਲੀ ਪੜ੍ਹਾਈ ਪਿੰਡ ਦੇ ਹੀ ਪ੍ਰਾਇਮਰੀ ਸਕੂਲ ਤੋਂ ਪ੍ਰਾਪਤ ਕੀਤੀ ਅਤੇ ਦਸਵੀਂ ਤੱਕ ਦੀ ਪੜ੍ਹਾਈ ਮਾਲਵਾ ਖਾਲਸਾ ਹਾਈ ਸਕੂਲ ਲੁਧਿਆਣਾ ਤੋਂ ਲਈ। ਕੁਝ ਇਤਿਹਾਸਕਾਰਾਂ ਦਾ ਕਹਿਣਾ ਹੈ ਸਰਾਭਾ ਨੇ ਆਪਣੀ ਦਸਵੀਂ ਦੀ ਪੜ੍ਹਾਈ ਉਡੀਸ਼ਾ ਵਿੱਚ ਰਹਿੰਦੇ ਆਪਣੇ ਚਾਚਾ ਜੀ ਕੋਲ ਰਹਿ ਕੇ ਪੂਰੀ ਕੀਤੀ ਸੀ। ਇਸ ਉਪਰੰਤ ਬਾਬਾ ਜੀ ਦੇ ਯਤਨਾਂ ਸਦਕਾ ਕਰਤਾਰ ਸਿੰਘ ਸਰਾਭਾ ਨੂੰ ਪੜ੍ਹਾਈ ਲਈ ਅਮਰੀਕਾ ਭੇਜਿਆ ਗਿਆ। ਜਿਥੇ ਉਸ ਨੂੰ ਬਰਕਲੇ ਯੂਨੀਵਰਸਿਟੀ ਦੇ ਰਮਾਇਣ ਵਿਭਾਗ ਵਿੱਚ ਦਾਖਲਾ ਮਿਲ ਗਿਆ।

ਅਮਰੀਕਾ ਵਿੱਚ ਵਿਦਿਆਰਥੀ ਜੀਵਨ ਸਮੇਂ ਹੀ ਵਿਚਰਦਿਆਂ ਕਰਤਾਰ ਸਿੰਘ ਦੀ ਅਨੁਭਵੀ ਪ੍ਰਤਿਭਾ ਨੇ ਅਮਰੀਕੀ ਲੋਕਾਂ ਦੇ ਭਾਰਤੀਆਂ ਪ੍ਰਤੀ ਨਸਲਵਾਦੀ ਅਤੇ ਗੁਲਾਮ ਦੇਸ਼ ਦੇ ਵਾਸੀ ਹੋਣ ਦੇ ਦ੍ਰਿਸ਼ਟੀਕੋਣ ਤੋਂ ਘ੍ਰਿਣਾਤਮਕ ਵਤੀਰੇ ਨੂੰ ਭਾਂਪਿਆ। ਅਮਰੀਕਾ ਵਿੱਚ ਉਸ ਸਮੇਂ ਤੱਕ ਗਏ ਹੋਏ ਭਾਰਤੀਆਂ ਦੀਆਂ ਘੱਟ ਉਜਰਤਾਂ ਅਤੇ ਲਗਾਤਾਰ ਵਿਤਕਰੇ ਭਰਪੂਰ ਵਰਤਾਰੇ ਅਤੇ ਗੁਲਾਮ ਭਾਰਤ ਦੀ ਸਥਿਤੀ ਕਾਰਨ ਉਨ੍ਹਾ ਦੇ ਮਨਾ ਵਿੱਚ ਭਾਰਤੀ ਅਜ਼ਾਦੀ ਪ੍ਰਾਪਤੀ ਦੇ ਵਿਚਾਰ ਪ੍ਰਬਲ ਹੋਣ ਲੱਗੇ।

ਇਸ ਸਮੇਂ ਪ੍ਰਸਿੱਧ ਭਾਰਤੀ ਬੁੱਧੀਜੀਵੀ ਅਤੇ ਦੇਸ਼ ਭਗਤ ਲਾਲਾ ਹਰਦਿਆਲ ਨੇ ਅਮਰੀਕੀ ਭਾਰਤੀਆਂ ਦੀ ਜਥੇਬੰਦੀ ਸਥਾਪਤ ਕਰਨ ਦਾ ਫ਼ੈਸਲਾ ਕੀਤਾ। ਬਰਕਲੇਯੂਨੀਵਰਸਿਟੀ ਵਿਖੇ ਭਾਰਤੀ ਵਿਦਿਆਰਥੀਆਂ ਦੀ ਇਕ ਮੀਟਿੰਗ ਸਮੇਂ ਕਰਤਾਰ ਸਿੰਘ ਸਰਾਭਾ ਦਾ ਮੇਲ ਲਾਲਾ ਹਰਦਿਆਲ ਨਾਲ ਹੋਇਆ। ਕਰਤਾਰ ਸਿੰਘ ਸਰਾਭਾ ਨੇ ਲਾਲਾ ਹਰਦਿਆਲ ਤੋਂ ਪ੍ਰਭਾਵਤ ਹੋ ਕੇ ਆਪਣੀ ਉਚੇਰੀ ਪੜ੍ਹਾਈ ਵਿੱਚ ਹੀ ਛੱਡ ਕੇ ਲਾਲਾ ਹਰਦਿਆਲ ਅਤੇ ਬਾਬਾ ਸੋਹਣ ਸਿੰਘ ਭਕਨਾ ਦੀ ਅਗਵਾਈ ਵਿੱਚ ਬਣਾਈ ਗਈ ਭਾਰਤੀਆਂ ਦੀ ਜਥੇਬੰਦੀ 'ਹਿੰਦੀ ਐਸੋਸੀਏਸ਼ਨ ਆਫ਼ ਦੀ ਪੈਸੇਫਿਕ ਕੋਸਟ ਆਫ਼ ਇੰਡੀਆ' ਜਿਸ ਦਾ ਨਾਂ ਬਾਅਦ ਵਿੱਚ 'ਗਦਰ ਪਾਰਟੀ' ਵਿੱਚ ਬਦਲ ਦਿੱਤਾ ਗਿਆ, ਉਸ ਵਿੱਚ ਵਿੱਚ ਸ਼ਾਮਲ ਹੋ ਗਿਆ। ਸਰਾਭੇ ਨੇ ਇਸ ਜਥੇਬੰਦੀ ਦੇ ਮੁੱਖ ਦਫ਼ਤਰ ਸਨ ਫਰਾਂਸਿਸਕੋ (ਅਮਰੀਕਾ) ਤੋਂ ਕੰਮ ਕਰਨਾ ਆਰੰਭ ਕਰ ਦਿੱਤਾ। ਗਦਰ ਪਾਰਟੀ ਦਾ ਪ੍ਰੋਗਰਾਮ ਭਾਰਤ ਨੂੰ ਬਸਤੀਵਾਦੀ ਅੰਗਰੇਜ਼ ਸਰਕਾਰ ਤੋਂ ਆਜ਼ਾਦ ਕਰਵਾਉਣਾ ਮਿੱਥਿਆ ਗਿਆ ਸੀ। ਆਜ਼ਾਦੀ ਪ੍ਰਾਪਤੀ ਦੇ ਇਸ ਸੰਗਰਾਮ ਨੂੰ ਹੋਰ ਵਿਸ਼ਾਲ ਬਣਾਉਣ ਲਈ ਇਸ ਜਥੇਬੰਦੀ ਨੇ 'ਗਦਰ' ਨਾਂਅ ਦਾ ਅਖਬਾਰ ਕੱਢਣ ਦਾ ਫ਼ੈਸਲਾ ਕੀਤਾ ਅਤੇ ਇਸ ਦੀ ਛਾਪਣ ਦੀ ਮੁੱਖ ਜ਼ਿੰਮੇਵਾਰੀ ਵੀ ਕਰਤਾਰ ਸਿੰਘ ਸਰਾਭਾ ਉੱਪਰ ਹੀ ਪਾਈ ਗਈ। ਗ਼ਦਰ ਪਾਰਟੀ ਦੇ ਇਤਿਹਾਸ ਦੇ ਵਰਕੇ ਦੱਸਦੇ ਹਨ ਕਿ ਕਰਤਾਰ ਸਿੰਘ ਸਰਾਭਾ ਇਸ ਪਰਚੇ ਨੂੰ ਛਾਪਣ ਵਾਲੀ ਹੱਥ ਨਾਲ ਚੱਲਣ ਵਾਲੀ ਮਸ਼ੀਨ 'ਤੇ ਲਗਾਤਾਰ ਕੰਮ ਕਰਦਾ ਅਤੇ ਗਾਉਂਦਾ ਰਹਿੰਦਾ, 'ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ, ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ।'

1914-15 ਵਿੱਚ ਪਹਿਲੀ ਸੰਸਾਰ ਜੰਗ ਦੇ ਆਰੰਭ ਵਿੱਚ ਹੀ ਇਨ੍ਹਾਂ ਗਦਰੀ ਦੇਸ਼ ਭਗਤਾਂ ਨੇ ਇਸ ਨੂੰ ਲਾਹੇਵੰਦ ਸਮਾਂ ਸਮਝਦਿਆਂ ਫੈਸਲਾ ਕੀਤਾ ਕਿ ਭਾਰਤ ਜਾ ਕੇ ਹਥਿਆਰਬੰਦ ਇਨਕਲਾਬ ਰਾਹੀਂ ਅੰਗਰੇਜ਼ ਦੀ ਸਰਕਾਰ ਦਾ ਖਾਤਮਾ ਕੀਤਾ ਜਾਵੇ। ਇਸ ਪ੍ਰੋਗਰਾਮ ਅਧੀਨ ਹੋਰ ਸਾਥੀਆਂ ਦੇ ਨਾਲ ਕਰਤਾਰ ਸਿੰਘ ਸਰਾਭਾ ਸ੍ਰੀਲੰਕਾ ਰਾਹੀਂ ਭਾਰਤ ਪੁੱਜੇ। ਕਰਤਾਰ ਸਿੰਘ ਸਰਾਭਾ ਦੇ ਜ਼ਿੰਮੇ ਲੱਗਾ ਕਿ ਫੌਜੀ ਛਾਉਣੀਆਂ ਵਿੱਚ ਤਾਲਮੇਲ ਪੈਦਾ ਕਰਕੇ ਭਾਰਤੀ ਫੌਜੀਆਂ ਨੂੰ ਬਗਾਵਤ ਕਰਨ ਲਈ ਪਰੇਰਿਆ ਜਾਵੇ ਅਤੇ ਹਥਿਆਰ ਪ੍ਰਾਪਤ ਕੀਤੇ ਜਾਣ। ਇਸ ਮਿੱਥੇ ਮੰਤਵ ਦੀ ਪੂਰਤੀ ਲਈ ਕਰਤਾਰ ਸਿੰਘ ਸਰਾਭਾ ਲਾਹੌਰ ਅਤੇ ਫਿਰੋਜ਼ਪੁਰ ਦੀਆਂ ਛਾਉਣੀਆਂ ਵਿੱਚ ਜਾ ਕੇ ਤਾਲਮੇਲ ਪੈਦਾ ਕਰਦੇ ਰਹੇ। ਬੜੀ ਫੁਰਤੀ ਅਤੇ ਲਗਨ ਨਾਲ ਫੌਜੀਆਂ ਨਾਲ ਤਾਲਮੇਲ ਪੈਦਾ ਕਰਨ ਉਪਰੰਤ ਪ੍ਰੋਗਰਾਮ ਲਾਗੂ ਕਰਨ ਲਈ 20 ਫ਼ਰਵਰੀ 1915 ਨੂੰ ਬਗਾਵਤ ਕਰਨ ਦਾ ਦਿਨ ਮਿੱਥਿਆ ਗਿਆ। ਇਸ ਲਹਿਰ ਦੇ ਹੀ ਇਤਿਹਾਸਕ ਵਰਕੇ ਦੱਸਦੇ ਹਨ ਕਿ ਲਹਿਰ ਵਿੱਚ ਹੀ ਛੁਪੇ ਹੋਏ ਗਦਾਰਾਂ ਦੀ ਮੁਖਬਰੀ ਕਾਰਨ ਇਹ ਖ਼ਬਰ ਬਾਹਰ ਕੱਢ ਦਿੱਤੇ ਜਾਣ ਕਾਰਨ ਇਹ ਮਿਤੀ ਬਦਲਣੀ ਪਈ। ਅਜਿਹੇ ਗਦਾਰਾਂ ਦੀ ਮੁਖਬਰੀ ਕਾਰਨ ਦੀ ਦੂਜੀ ਬਦਲਵੀਂ ਮਿਤੀ ਸਮੇਂ ਪੁਲਸ ਛਾਪੇ ਕਾਰਨ ਪ੍ਰੋਗਰਾਮ ਸਿਰੇ ਨਾ ਚੜ੍ਹ ਸਕਿਆ ਅਤੇ ਕਈ ਗਦਰੀ ਦੇਸ਼ ਭਗਤ ਗ੍ਰਿਫ਼ਤਾਰ ਕਰ ਲਏ ਗਏ। ਕਰਤਾਰ ਸਿੰਘ ਸਰਾਭਾ, ਹਰਨਾਮ ਸਿੰਘ ਟੁੰਡੀਲਾਟ ਅਤੇ ਜਗਤ ਸਿੰਘ ਸੁਰੱਖਿਅਤ ਬਚ ਨਿਕਲੇ। ਇਸ ਸਥਿਤੀ ਵਿੱਚ ਕੁਝ ਦੇਸ਼ ਭਗਤ ਸਾਥੀਆਂ ਦੀ ਸਲਾਹ ਬਣੀ ਕਿ ਇਥੋਂ ਕਾਬਲ ਵੱਲ ਨਿਕਲਿਆ ਜਾਵੇ, ਪਰ ਕਰਤਾਰ ਸਿੰਘ ਸਰਾਭਾ ਦੇ ਜੋਸ਼ੀਲੇ ਸ਼ਬਦ 'ਬਣੀ ਸਿੰਘ ਸ਼ੇਰਾਂ ਦੇ, ਨਹੀਂ ਜਾਣਾ ਭੱਜ ਕੇ' ਉਨ੍ਹਾਂ ਨੂੰ ਮੋੜ ਲਿਆਏ। ਵਾਪਸ ਆਉਂਦਿਆ ਹੋਇਆਂ ਉਹ ਹਥਿਆਰਾਂ ਦੀ ਪ੍ਰਾਪਤੀ ਲਈ ਜਗਤ ਸਿੰਘ ਦੇ ਇੱਕ ਮਿੱਤਰ ਕੋਲ ਸਰਗੋਧਾ ਚਲੇ ਗਏ। ਅੰਗਰੇਜ਼ਾਂ ਦੀ ਮੁਖਬਰੀ ਕਰਕੇ ਰਸਾਲਦਾਰ ਗੰਡਾ ਸਿੰਘ ਨੇ ਇਸ ਜਗ੍ਹਾ ਤੋਂ ਇਨ੍ਹਾਂ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ।

26 ਅਪ੍ਰੈਲ 1915 ਨੂੰ ਇਨ੍ਹਾਂ ਗਦਰੀ ਦੇਸ਼ ਭਗਤਾਂ ਵਿਰੁੱਧ ਲਾਹੌਰ-ਸਾਜ਼ਿਸ਼-ਕੇਸ ਪਹਿਲੇ ਅਧੀਨ ਮੁਕੱਦਮਾ ਚਲਾਇਆ ਗਿਆ। ਇਸ ਨਿਰਅਧਾਰ ਦੋਸ਼ਾਂ ਵਾਲੇ ਮੁਕੱਦਮੇ ਅਤੇ ਮੁਖਬਰਾਂ ਦੀਆਂ ਝੂਠੀਆਂ ਗਵਾਹੀਆਂ ਦੇ ਅਧਾਰ 'ਤੇ ਵਿਸ਼ੇਸ਼ ਅਦਾਲਤ ਨੇ 13 ਸਤੰਬਰ 1915 ਨੂੰ ਆਪਣਾ ਫੈਸਲਾ ਸੁਣਾਉਂਦਿਆਂ 64 ਦੇਸ਼ ਭਗਤਾਂ ਵਿੱਚੋਂ 24 ਨੂੰ ਫਾਂਸੀ ਦੀ ਸਜ਼ਾ ਦਿੱਤੀ ਗਈ ਅਤੇ ਬਾਕੀਆਂ ਨੂੰ ਉਮਰ ਕੈਦ ਜਾਂ ਲੰਮੀਆਂ ਕਈ-ਕਈ ਸਾਲਾਂ ਦੀਆਂ ਸਜ਼ਾਵਾਂ ਹੋਈਆਂ। 24 ਦੇਸ਼ ਭਗਤਾਂ ਨੂੰ ਫਾਂਸੀ ਦੀ ਸਜ਼ਾ ਦਾ ਇਹ ਫੈਸਲਾ ਏਨਾ ਨਿਰਅਧਾਰ ਅਤੇ ਜ਼ਾਲਮਾਨਾ ਸੀ ਕਿ ਇੰਗਲੈਂਡ ਦੀ ਪਾਰਲੀਮੈਂਟ ਵਿੱਚ ਵੀ ਇਸ ਵਿਰੁੱਧ ਆਵਾਜ਼ ਉਠੀ, ਜਿਸ ਕਾਰਨ ਉਸ ਸਮੇਂ ਦੇ ਭਾਰਤੀ ਵਾਇਸਰਾਇ ਲਾਰਡ ਹਾਰਡਿੰਗ ਨੂੰ ਆਪਣਾ ਦਖ਼ਲ ਦੇਣਾ ਪਿਆ। ਸਿੱਟੇ ਵਜੋਂ 17 ਗ਼ਦਰੀ ਦੇਸ਼ ਭਗਤਾ ਦੀ ਫਾਂਸ਼ੀ ਦੀ ਸਜ਼ਾ ਉਮਰ ਕੈਦ ਵਿੱਚ ਬਦਲ ਦਿੱਤੀ ਗਈ ਅਤੇ ਸੱਤ ਦੇਸ਼ ਭਗਤਾਂ ਨੂੰ ਕਰਤਾਰ ਸਿੰਘ ਸਰਾਭਾ ਸਮੇਤ ਫਾਂਸੀ ਦੀ ਸਜ਼ਾ ਬਹਾਲ ਰੱਖੀ ਗਈ। ਕਰਤਾਰ ਸਿੰਘ ਸਰਾਭਾ ਦੀ ਛੋਟੀ ਉਮਰ ਹੋਣ ਕਾਰਨ ਜੱਜਾਂ ਵੱਲੋਂ ਉਸ ਨੂੰ ਰਹਿਮ ਦੀ ਅਪੀਲ



ਕਰਨ ਲਈ ਕਿਹਾ ਗਿਆ। ਕਰਤਾਰ ਸਿੰਘ ਸਰਾਭਾ ਨੇ ਜਦੋਂ ਅਪੀਲ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਭੜਕਾਹਟ ਵਿੱਚ ਆਏ ਜੱਜ ਨੇ ਕਿਹਾ, 'ਇਨ੍ਹਾਂ 64 ਸਾਜ਼ਿਸ਼ੀਆਂ ਵਿੱਚੋਂ ਕਰਤਾਰ ਸਿੰਘ ਦੇ ਕਾਰਨਾਮਿਆਂ ਦੀ ਤਫ਼ਸੀਲ ਬੜੀ ਲੰਮੀ ਹੈ। ਅਮਰੀਕਾ ਵਿੱਚ ਸਮੁੰਦਰੀ ਰਸਤੇ ਵਿੱਚ ਅਤੇ ਭਾਰਤ ਵਿੱਚ ਇਸ ਸਾਜ਼ਿਸ਼ ਦਾ ਕੋਈ ਹ

'ਜਵਾਨੀ ਸੰਭਾਲ' ਯਾਤਰਾ ਦਾ ਧਰਮਕੋਟ ਪੁੱਜਣ 'ਤੇ ਭਰਵਾਂ ਸਵਾਗਤ

ਆਪ ਸਰਕਾਰ ਨੇ ਨਸ਼ਾਖੋਰੀ, ਫਿਰੌਤੀਆਂ ਤੇ ਝੂਠੇ ਪਰਚਿਆਂ 'ਚ ਲੋਕ ਉਲਝਾਏ : ਚੰਨੀ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਵੱਲੋਂ ਪੰਜਾਬ ਵਿੱਚ ਕੱਢੀ ਜਾ ਰਹੀ 'ਜਵਾਨੀ ਸੰਭਾਲ' ਯਾਤਰਾ ਸ਼ਨੀਵਾਰ ਨੂੰ ਧਰਮਕੋਟ ਵਿਖੇ ਪਹੁੰਚੀ ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਹਲਕਾ ਮੋਗਾ ਦੀ ਇੰਚਾਰਜ ਮਾਲਵਿਕਾ ਸੂਦ, ਹਲਕਾ ਧਰਮਕੋਟ ਦੇ ਇੰਚਾਰਜ ਤੇ ਸਾਬਕਾ ਵਿਧਾਇਕ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।ਇਸ ਦੌਰਾਨ ਇਲਾਕੇ ਦੇ ਲੋਕਾਂ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਾਹਮਣੇ ਆਪਣੀਆਂ ਦੁੱਖ-ਤਕਲੀਫ਼ਾਂ ਤੇ ਸਮੱਸਿਆਵਾਂ ਰੱਖੀਆਂ।ਕਈ ਲੋਕਾਂ ਨੇ ਦੋਸ਼ ਲਾਇਆ ਕਿ ਉਨ੍ਹਾਂ ਖ਼ਿਲਾਫ਼ ਝੂਠੇ ਪੁਲਸ ਕੇਸ ਦਰਜ ਕਰਵਾਏ ਗਏ ਹਨ, ਜਦਕਿ ਕਈਆਂ ਨੇ ਇਲਾਕੇ ਵਿੱਚ ਪੇਸ਼ ਆ ਰਹੀਆਂ ਹੋਰ ਮੁਸ਼ਕਲਾਂ ਬਾਰੇ ਵੀ ਜਾਣੂ ਕਰਵਾਇਆ।

ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਹਲਕੇ ਦੇ ਵਿਧਾਇਕ 'ਤੇ ਤਿੱਖੇ ਸਿਆਸੀ ਹਮਲੇ ਕਰਦਿਆਂ ਦੋਸ਼ ਲਾਇਆ ਕਿ ਨਸ਼ਿਆਂ, ਫਿਰੌਤੀਆਂ ਤੇ ਸੱਟੇਬਾਜ਼ੀ ਵਰਗੇ ਮੁੱਦਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਲੋਕਾਂ ਨੂੰ ਕਥਿਤ ਤੌਰ 'ਤੇ ਪੁਲਸ ਕੇਸਾਂ ਵਿੱਚ ਉਲਝਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਜਿਹੜੇ ਲੋਕ ਆਪਣੇ ਹੱਕਾਂ ਲਈ ਤੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਲੈ ਕੇ ਆਵਾਜ਼ ਬੁਲੰਦ ਕਰਦੇ ਹਨ, ਉਨ੍ਹਾਂ ਖ਼ਿਲਾਫ਼ ਹੀ ਪਰਚੇ ਦਰਜ ਕਰਵਾਏ ਜਾ ਰਹੇ ਹਨ।ਚੰਨੀ ਨੇ ਕਿਹਾ ਕਿ ਇਲਾਕੇ ਦੇ ਕਈ ਪਰਵਾਰਾਂ ਨੇ ਉਨ੍ਹਾਂ ਨੂੰ ਆਪਣੀਆਂ ਸਮੱਸਿਆਵਾਂ ਦੱਸੀਆਂ ਹਨ।ਕੁਝ ਲੋਕਾਂ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀਆਂ ਜ਼ਮੀਨਾਂ 'ਤੇ ਜ਼ਬਰਦਸਤੀ ਕਬਜ਼ੇ ਕੀਤੇ ਗਏ ਤੇ ਘਰਾਂ ਵਿੱਚ ਦਾਖ਼ਲ ਹੋ ਕੇ ਉਨ੍ਹਾਂ ਨੂੰ ਤੰਗ-ਪ੍ਰੇਸ਼ਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਕਈ ਪਰਵਾਰਾਂ ਦੇ ਮੈਂਬਰ ਜੇਲ੍ਹਾਂ ਵਿੱਚ ਬੰਦ ਹਨ ਤੇ ਉਨ੍ਹਾਂ ਦੇ ਪਰਵਾਰ ਇਨਸਾਫ਼ ਦੀ ਉਡੀਕ ਕਰ ਰਹੇ ਹਨ।ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਲਈ ਇਕਜੁੱਟ ਹੋ ਕੇ ਆਵਾਜ਼ ਉਠਾਉਣ।

ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ, ਪਰ ਸਰਕਾਰ ਇਸ਼ਤਿਹਾਰਾਂ ਰਾਹੀਂ ਆਪਣੀਆਂ ਪ੍ਰਾਪਤੀਆਂ ਗਿਣਾਉਣ ਵਿੱਚ ਲੱਗੀ ਹੋਈ ਹੈ।ਚੰਨੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਦਾ ਵਾਅਦਾ ਕੀਤਾ ਸੀ, ਪਰ ਅੱਜ ਸੂਬੇ ਦਾ ਮਾਹੌਲ ਨਸ਼ਿਆਂ ਦੀ ਮਾਰ ਹੇਠ ਆ ਗਿਆ ਹੈ।ਅੰਤ ਵਿੱਚ ਚਰਨਜੀਤ ਸਿੰਘ ਚੰਨੀ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਵਿੱਚ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਬਦਲਾਅ ਦੀ ਉਮੀਦ ਲੈ ਕੇ ਆਏ ਸਨ, ਪਰ ਅੱਜ ਸੂਬੇ ਦੇ ਹਾਲਾਤ ਨੂੰ ਲੈ ਕੇ ਲੋਕਾਂ ਵਿੱਚ ਨਿਰਾਸ਼ਾ ਪਾਈ ਜਾ ਰਹੀ ਹੈ।

ਮਾਨ ਸਰਕਾਰ ਨੇ ਆਂਗਣਵਾੜੀ ਵਰਕਰਾਂ/ਹੈਲਪਰਾਂ ਨਾਲ ਵਿਸ਼ਵਾਸਘਾਤ ਕੀਤਾ : ਸਰੋਜ ਛੱਪੜੀਵਾਲਾ

ਧੋਖਾ ਕਰਨ ਵਾਲੀ ਪਾਰਟੀ ਦੇ ਫੁੱਲ ਗੰਗਾ 'ਚ ਪਾਉਣ ਦੀਆਂ ਤਿਆਰੀਆਂ ਮੁਕੰਮਲ : ਸੁਨੀਲ ਕੌਰ ਬੇਦੀ



ਜਲਾਲਾਬਾਦ (ਬਲਵਿੰਦਰ ਸਿੰਘ/ਜੀਤ ਕੁਮਾਰ/ਜੰਗੀਰ ਕੌਰ)-ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਪਣੇ ਚੋਣ ਮੈਨੀਫੈਸਟੋ ਵਿੱਚ ਆਂਗਣਵਾੜੀ ਵਰਕਰਾਂ ਹੈਲਪਰਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਦੇ ਸਾਰ ਹੀ ਤੁਹਾਡਾ ਮਾਣ ਭੱਤਾ ਦੁੱਗਣਾ ਕੀਤਾ ਜਾਵੇਗਾ, ਪਰ ਪੰਜ ਸਾਲਾਂ ਵਿੱਚ ਹਰ ਦਿਨ ਆਂਗਣਵਾੜੀ ਵਰਕਰ ਹੈਲਪਰ ਸਰਕਾਰ ਨੂੰ ਆਪਣਾ ਕੀਤਾ ਚੋਣ ਮੈਨੀਫੈਸਟੋ ਦਾ ਵਾਅਦਾ ਯਾਦ ਕਰਵਾ ਰਹੇ ਹਨ। ਪੂਰੇ ਪੰਜ ਸਾਲਾਂ ਵਿੱਚ ਵੀ ਇਕ ਮੀਟਿੰਗ ਮੁੱਖ ਮੰਤਰੀ ਵੱਲੋਂ ਨਹੀਂ ਕੀਤੀ ਗਈ, ਸਗੋਂ ਮੀਟਿੰਗਾਂ ਦਾ ਸਮਾਂ ਦੇ ਕੇ ਖੱਜਲ ਖੁਆਰੀ ਤੇ ਵਿਸ਼ਵਾਸ ਘਾਤ ਕੀਤਾ ਗਿਆ। ਮਹਿਕਮੇ ਦੇ ਮੰਤਰੀ ਡਾਕਟਰ ਬਲਜੀਤ ਕੌਰ ਨੇ ਕਈ ਮੀਟਿੰਗਾਂ ਕੀਤੀਆਂ, ਪਰ ਹਰ ਮੀਟਿੰਗ 'ਤੇ ਉਹ ਵਿੱਤ ਵਿਭਾਗ ਤੋਂ ਛੋਟੀਆਂ ਛੋਟੀਆਂ ਜੋ ਅਤੀ ਜ਼ਰੂਰੀ ਮੰਗਾਂ ਸਨ, ਉਹ ਵੀ ਪੂਰੀਆਂ ਕਰਵਾਉਣ ਵਿੱਚ ਬੇਵੱਸ ਸਾਬਿਤ ਹੋਏ। ਆਮ ਆਦਮੀ ਦੇ ਚੋਣ ਮੈਨੀਫੈਸਟੋ ਨੂੰ ਦੇਖਦਿਆਂ ਬਹੁਤ ਵਰਕਰ ਹੈਲਪਰ ਨੇ ਆਪਣੇ ਆਪਣੇ ਇਲਾਕੇ ਵਿੱਚ ਆਮ ਆਦਮੀ ਪਾਰਟੀ ਦੇ ਐੱਮ ਐੱਲ ਏ ਨੂੰ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਿਆ, ਪਰ ਕਿਸੇ ਵੀ ਐੱਮ ਐੱਲ ਏ ਨੇ ਵਿਧਾਨ ਸਭਾ ਵਿੱਚ ਦੁੱਗਣਾ ਮਾਣ ਭੱਤਾ ਕਰਨ ਦਾ ਮੁੱਦਾ ਉਠਾ ਕੇ ਪੂਰਾ ਨਹੀਂ ਕੀਤਾ। ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ, ਜਰਨਲ ਸਕੱਤਰ ਸੁਨੀਲ ਕੌਰ ਬੇਦੀ ਨੇ ਕਿਹਾ ਕਿ ਸੂਬਾ ਪੱਧਰ 'ਤੇ ਲੈ ਗਏ ਫੈਸਲੇ ਅਨੁਸਾਰ 17 ਨਵੰਬਰ ਨੂੰ ਪੁਤਲੇ ਬਣਾ ਕੇ ਵਿਧਾਇਕ ਜਗਦੀਪ ਗੋਲਡੀ ਕੰਬੋਜ ਦੇ ਘਰ ਦੇ ਸਾਹਮਣੇ ਉਸ ਦਾ, ਡਾਕਟਰ ਬਲਜੀਤ ਕੌਰ ਜੋ ਮਹਿਕਮੇ ਦੇ ਮੰਤਰੀ ਹਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲਿਆਂ ਦਾ ਸਸਕਾਰ ਕੀਤਾ ਜਾਵੇਗਾ ਤੇ ਫੁੱਲ ਚੁਗੇ ਜਾਣਗੇ। ਸਰੋਜ ਛੱਪੜੀ ਵਾਲਾ ਸੂਬਾ ਪ੍ਰਧਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਆਮ ਆਦਮੀ ਪਾਰਟੀ ਵਿੱਚ ਆਪਣਾ ਰਾਜਨੀਤਕ ਕੈਰੀਅਰ ਜਲਾਲਾਬਾਦ ਪੱ. ਤੋਂ ਸ਼ੁਰੂ ਕੀਤਾ ਸੀ ਤੇ ਜਲਾਲਾਬਾਦ ਪੱ. ਵਿੱਚ ਹੀ ਗੀਤੀ ਰਿਵਾਜਾਂ ਅਨੁਸਾਰ ਆਮ ਆਦਮੀ ਪਾਰਟੀ ਦੇ 13ਵੇਂ 'ਤੇ ਫੁੱਲ ਚੁਗ ਕੇ ਜਲ ਪ੍ਰਵਾਹ ਕੀਤੇ ਜਾਣਗੇ ਤਾਂ ਜੋ ਲੋਕਾਂ ਨਾਲ ਧੋਖਾ, ਬੇਇਨਸਾਫੀ ਤੇ ਵਿਸ਼ਵਾਸਘਾਤ ਵਾਲੀਆਂ ਪਾਰਟੀਆਂ ਜਿੰਦਾ ਨਾ ਰਹਿਣ।

ਏਕਮਵੀਰ ਦੀ ਯਾਦ 'ਚ ਖੂਨਦਾਨ ਕੈਂਪ 22 ਨੂੰ



ਭਵਾਨੀਗੜ੍ਹ (ਰਾਜ ਖੁਰਮੀ)-ਸਵਰਗੀ ਏਕਮਵੀਰ ਸਿੰਘ ਸੰਘਾ ਦੀ ਮਿੱਠੀ ਯਾਦ ਨੂੰ ਸਮਰਪਤ ਦੂਜਾ ਮੈਗਾ ਖੂਨਦਾਨ ਕੈਂਪ 22 ਨਵੰਬਰ ਨੂੰ ਭਵਾਨੀਗੜ੍ਹ ਦੇ ਸ਼ਿਵ ਮੰਦਰ ਵਿਖੇ ਲਗਾਇਆ ਜਾ ਰਿਹਾ ਹੈ।ਰੋਟਰੀ ਜ਼ਿਲ੍ਹਾ ਸੰਗਠਨ ਤੇ ਰੋਟਰੀ ਕਲੱਬ ਦੇ ਸਹਿਯੋਗ ਨਾਲ ਲਗਾਏ ਜਾ ਰਹੇ ਇਸ ਕੈਂਪ ਦਾ ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ ਸਤਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਸਪੁੱਤਰ ਸਵਰਗੀ ਏਕਮਵੀਰ ਸਿੰਘ ਸੰਘਾ ਦੀ ਯਾਦ ਨੂੰ ਸਦੀਵੀ ਬਣਾਈ ਰੱਖਣ ਤੇ ਮਨੁੱਖਤਾ ਦੀ ਸੇਵਾ ਦੇ ਉਦੇਸ਼ ਨਾਲ ਇਹ ਦੂਜਾ ਮੈਗਾ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਐੱਸ ਐੱਸ ਪੀ ਡਾ. ਰਵਜੋਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਉਨ੍ਹਾਂ ਸ਼ਹਿਰ ਵਾਸੀਆਂ, ਨੌਜਵਾਨਾਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ 22 ਨਵੰਬਰ ਨੂੰ ਸ਼ਿਵ ਮੰਦਰ ਵਿਖੇ ਪਹੁੰਚ ਕੇ ਇਸ ਨੇਕ ਉਪਰਾਲੇ ਦਾ ਹਿੱਸਾ ਬਣਨ ਅਤੇ ਵੱਧ ਤੋਂ ਵੱਧ ਖੂਨਦਾਨ ਕਰਨ।

ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ, ਕਿਸਾਨਾਂ ਵੱਲੋਂ ਮਾਰਚ



ਰਾਏਕੋਟ (ਸੰਤੋਖ ਗਿੱਲ)-ਭਾਕਿਯੂ (ਏਕਤਾ ਡਕੌਂਦਾ) ਦੀ ਜ਼ਿਲ੍ਹਾ ਇਕਾਈ ਵੱਲੋਂ ਇਤਿਹਾਸਕ ਪਿੰਡ ਸਰਾਭਾ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਉਨ੍ਹਾਂ ਦੇ ਸਾਥੀਆਂ ਦੇ 111ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ ਤੇ ਮਾਰਚ ਵੀ ਕੀਤਾ ਗਿਆ।ਇਸ ਮੌਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਤੋਂ ਇਲਾਵਾ ਤੇਜਾ ਸਿੰਘ ਸਫ਼ਰੀ, ਪ੍ਰੇਮ ਸਿੰਘ ਸਰਾਭਾ, ਰੁਲੀਆ ਸਿੰਘ ਸਰਾਭਾ ਤੇ 16 ਨਵੰਬਰ 1915 ਨੂੰ ਸ਼ਹੀਦ ਹੋਏ ਸ਼ਹੀਦ ਸਰਾਭਾ ਦੇ ਸਾਥੀ ਵਿਸ਼ਨੂੰ ਗਣੇਸ਼ ਪਿੰਗਲੇ, ਸੁਰੈਣ ਸਿੰਘ ਵੱਡਾ, ਸੁਰੈਣ ਸਿੰਘ ਛੋਟਾ, ਬਖ਼ਸ਼ੀਸ਼ ਸਿੰਘ, ਹਰਨਾਮ ਸਿੰਘ ਤੇ ਜਗਤ ਸਿੰਘ ਨੂੰ ਵੀ ਯਾਦ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ, ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਭਦੌੜ, ਸੂਬਾ ਵਿੱਤ ਸਕੱਤਰ ਗੁਰਦੇਵ ਸਿੰਘ ਮਾਂਗੇਵਾਲ, ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਇਨਕਲਾਬੀ ਕੇਂਦਰ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ, ਮਹਿਲਾ ਕਿਸਾਨ ਆਗੂ ਹਰਜਿੰਦਰ ਕੌਰ ਨੇ ਕਿਹਾ ਕਿ ਗ਼ਦਰ ਪਾਰਟੀ ਦਾ ਜਨਮ ਵਿਦੇਸ਼ੀ ਧਰਤੀ 'ਤੇ ਦੇਸ਼ ਨੂੰ ਸਾਮਰਾਜੀ ਗ਼ੁਲਾਮੀ ਤੋਂ ਮੁਕਤ ਕਰਵਾਉਣ ਦੇ ਉਦੇਸ਼ ਨਾਲ ਹੋਇਆ ਸੀ।

ਬੁਲਾਰਿਆਂ ਨੇ ਕਿਹਾ ਕਿ ਡੇਢ ਸੌ ਦੇ ਕਰੀਬ ਗਦਰੀਆਂ ਨੇ ਫਾਂਸੀ ਦੇ ਰੱਸੇ ਚੁੰਮੇ, ਤਿੰਨ ਸੌ ਦੇ ਕਰੀਬ ਨੇ ਉਮਰ ਕੈਦਾਂ ਕੱਟੀਆਂ ਤੇ ਹਜ਼ਾਰਾਂ ਨੇ ਜੇਲ੍ਹਾਂ ਤੇ ਜੂਹ-ਬੰਦੀਆਂ ਦਾ ਸੰਤਾਪ ਹੰਢਾਇਆ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਤਿਲਾਂਜਲੀ ਦੇ ਕੇ ਸਾਮਰਾਜੀ ਅਤੇ ਕਾਰਪੋਰੇਟ ਤਾਕਤਾਂ ਦਾ ਖੇਤੀਬਾੜੀ, ਉਦਯੋਗ ਤੇ ਸੇਵਾ ਖੇਤਰ ਉੱਤੇ ਪ੍ਰਭਾਵ ਵਧ ਰਿਹਾ ਹੈ।ਉਨ੍ਹਾਂ ਮਹਿੰਗਾਈ ਅਤੇ ਕਾਰਪੋਰੇਟ ਲੁੱਟ ਕਾਰਨ ਆਮ ਲੋਕਾਂ ਦੀ ਰੋਜ਼ੀ-ਰੋਟੀ 'ਤੇ ਪੈ ਰਹੇ ਪ੍ਰਭਾਵਾਂ ਦਾ ਜ਼ਿਕਰ ਕਰਦਿਆਂ ਅਮਰੀਕਾ ਨਾਲ ਪ੍ਰਸਤਾਵਿਤ ਮੁਕਤ ਵਪਾਰ ਸਮਝੌਤੇ ਦੀ ਵੀ ਆਲੋਚਨਾ ਕੀਤੀ।ਇਸ ਦੇ ਨਾਲ ਹੀ ਕੇਂਦਰ ਅਤੇ ਪੰਜਾਬ ਸਰਕਾਰ ਦੀ ਮੰਡੀਆਂ ਬੰਦ ਕਰਨ ਦੇ ਮਾਮਲੇ 'ਤੇ ਆਲੋਚਨਾ ਕਰਦਿਆਂ ਬੰਦ ਕੀਤੀਆਂ 450 ਮੰਡੀਆਂ ਤੁਰੰਤ ਚਾਲੂ ਕਰਨ ਦੀ ਮੰਗ ਕੀਤੀ।ਬੁਲਾਰਿਆਂ ਨੇ ਇਤਿਹਾਸਕ ਕਿਸਾਨ ਅੰਦੋਲਨ ਦੀ ਵਰ੍ਹੇਗੰਢ ਮੌਕੇ 26 ਨਵੰਬਰ ਨੂੰ ਪਟਿਆਲਾ ਜ਼ਿਲ੍ਹੇ ਵਿੱਚ ਮਾਲਵੇ ਦੇ ਸੱਤ ਜ਼ਿਲ੍ਹਿਆਂ ਦੇ ਵੱਡੇ ਸਮਾਗਮ ਵਿੱਚ ਸ਼ਮੂਲੀਅਤ ਦਾ ਸੱਦਾ ਦਿੱਤਾ ਗਿਆ।ਕਿਸਾਨ ਆਗੂਆਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ 'ਤੇ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਦਿੱਤੀ।ਇਸ ਮੌਕੇ ਇਨਕਲਾਬੀ ਨਾਅਰੇ ਕਰਦਿਆਂ ਸ਼ਹੀਦ ਦੇ ਘਰ ਤੱਕ ਸ਼ਰਧਾਂਜਲੀ ਮਾਰਚ ਵੀ ਕੀਤਾ ਗਿਆ।ਹੋਰਨਾਂ ਤੋਂ ਇਲਾਵਾ ਵੇਰਕਾ ਮੁਲਾਜ਼ਮ ਆਗੂ ਗੁਰਦੀਪ ਸਿੰਘ, ਕੁਲਵਿੰਦਰ ਜੀਤ ਸਿੰਘ ਸਰਾਭਾ, ਪ੍ਰਧਾਨ ਦਰਸ਼ਨ ਸਿੰਘ ਸਰਾਭਾ, ਸਰਪੰਚ ਕਮਲਜੀਤ ਕੌਰ ਤੇ ਸਾਬਕਾ ਖੇਤੀਬਾੜੀ ਅਫ਼ਸਰ ਸੁਖਵਿੰਦਰ ਕੌਰ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਹਾਕਮ ਸਿੰਘ ਭੱਟੀਆਂ, ਜਗਰਾਜ ਸਿੰਘ ਹਰਦਾਸਪੁਰਾ, ਧਰਮ ਸਿੰਘ ਸੂਜਾਪੁਰ ਤੇ ਜਸਬੀਰ ਸਿੰਘ ਅਕਾਲਗੜ੍ਹ ਸਮੇਤ ਹੋਰ ਆਗੂ ਤੇ ਕਿਸਾਨ ਹਾਜ਼ਰ ਸਨ।

ਫੂਡ ਏਜੰਸੀਆਂ 'ਚ ਕੰਮ ਕਰਦੇ ਪੱਲੇਦਾਰਾਂ ਲਈ ਠੇਕੇਦਾਰੀ ਸਿਸਟਮ ਬੰਦ ਕਰਨ ਦੀ ਮੰਗ



ਮਾਨਸਾ (ਆਤਮਾ ਸਿੰਘ ਪਮਾਰ)

ਪੰਜਾਬ ਵਿਧਾਨ ਸਭਾ ਦੀਆਂ ਆਗਾਮੀ ਚੋਣਾਂ ਲਈ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਅਤੇ ਮੈਂਬਰ ਪਾਰਲੀਮੈਂਟ ਸ੍ਰ. ਅਮਰ ਸਿੰਘ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ 'ਚ ਜਾ ਕੇ ਮੈਨੀਫੈਸਟੋ ਤਿਆਰ ਕਰਨ ਲਈ ਹਰ ਵਰਗ ਦੇ ਲੋਕਾਂ ਦੀ ਰਾਏ ਲੈ ਰਹੇ ਹਨ।ਪਿਛਲੇ ਦਿਨੀਂ ਕਮੇਟੀ ਵੱਲੋਂ ਬਠਿੰਡਾ ਜ਼ਿਲ੍ਹੇ ਦੇ ਦੌਰੇ ਦੌਰਾਨ ਆਮ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀ ਰਾਏ ਲਈ ਗਈ।

ਜ਼ਿਲ੍ਹਾ ਬਠਿੰਡਾ 'ਚ ਹੋਈ ਮੈਨੀਫੈਸਟੋ ਦੀ ਕਮੇਟੀ ਦੀ ਮੀਟਿੰਗ ਸਮੇਂ ਐੱਸ ਸੀ ਵਿੰਗ ਦੇ ਸਕੱਤਰ ਹਰਜਿੰਦਰ ਸਿੰਘ ਬਹਾਦਰਪੁਰ ਵੱਲੋਂ ਆਪਣੇ ਪਿਤਾ ਸਵ: ਜਰਨੈਲ ਸਿੰਘ ਬਹਾਦਰਪੁਰ, ਜੋ ਕਿ ਪੰਜਾਬ ਪ੍ਰਦੇਸ਼ ਪੱਲੇਦਾਰ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਦੇ ਰਾਹ 'ਤੇ ਚੱਲਦਿਆਂ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਡਾਕਟਰ ਅਮਰ ਸਿੰਘ ਨੂੰ ਮਿਲ ਕੇ ਮੰਗ ਪੱਤਰ ਦਿੱਤਾ।ਮੰਗ ਪੱਤਰ 'ਚ ਵੱਖ ਵੱਖ ਏਜੰਸੀਆਂ 'ਚੋਂ ਠੇਕੇਦਾਰੀ ਸਿਸਟਮ ਨੂੰ ਖਤਮ ਕਰਨ ਬਾਰੇ ਉਨ੍ਹਾਂ ਨੂੰ ਦੱਸਿਆ ਗਿਆ, ਕਿਉਂਕਿ ਜਿੱਥੇ ਜਿੱਥੇ ਲੇਬਰ ਯੂਨੀਅਨਾਂ ਕੰਮ ਕਰ ਰਹੀਆਂ ਹਨ, ਉੱਥੇ ਉਨ੍ਹਾਂ ਨੂੰ ਹੀ ਲੇਬਰ ਦਾ ਕੰਮ ਪੱਕੇ ਤੌਰ ਤੇ ਦਿੱਤਾ ਜਾਵੇ।, ਜਿਸ ਤਰ੍ਹਾਂ ਵੱਖ ਵੱਖ ਵਿਭਾਗਾਂ 'ਚ ਆਊਟ ਸੋਰਸਿੰਗ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ, ਇਸੇ ਤਰ੍ਹਾਂ ਫੂਡ ਏਜੰਸੀਆਂ 'ਚ ਕੰਮ ਕਰਦੇ ਪੱਲੇਦਾਰਾਂ ਮਜ਼ਦੂਰਾਂ ਦਾ ਵੀ ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਕਿਉਂਕਿ ਪੱਲੇਦਾਰ ਦਾਣਾ ਮੰਡੀਆਂ ਤੋਂ ਸੈਂਟਰ ਦੀਆਂ ਏਜੰਸੀਆਂ ਤੱਕ ਅਨਾਜ ਪਹੁੰਚਾਉਣ ਲਈ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੇ ਹਨ।ਕਾਂਗਰਸੀ ਆਗ

ਏ ਡੀ ਸੀ ਵੱਲੋਂ ਮੰਡੀਆਂ 'ਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਜ਼ਿਲ੍ਹਾ ਬਰਨਾਲਾ ਵਿੱਚ ਚੱਲ ਰਹੇ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਏ.ਡੀ.ਸੀ. (ਜ) ਵਿਵੇਕ ਕੁਮਾਰ ਮੋਦੀ ਨੇ ਮਾਰਕੀਟ ਕਮੇਟੀ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਹਮੀਦੀ ਤੇ ਖਿਆਲੀ ਦੇ ਖਰੀਦ ਕੇਂਦਰਾਂ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਏ.ਡੀ.ਸੀ. ਵਿਵੇਕ ਮੋਦੀ ਨੇ ਦੱਸਿਆ ਕਿ ਬਰਨਾਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ 7,46,274 ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ 4,05,821 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ।ਇਸ ਤੋਂ ਇਲਾਵਾ ਕਿਸਾਨਾਂ ਨੂੰ ਹੁਣ ਤੱਕ 1468 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ।ਇਸ ਮੌਕੇ ਮਾਰਕੀਟ ਕਮੇਟੀ ਮਹਿਲ ਕਲਾਂ ਦੇ ਸਕੱਤਰ ਭੀਨਪਾਲ ਸਿੰਘ ਧੂਰੀ ਨੇ ਖਰੀਦ ਪ੍ਰਬੰਧਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ।ਏ.ਡੀ.ਸੀ. ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤੇ ਪਰਾਲੀ ਨੂੰ ਅੱਗ ਨਾ ਲਗਾਉਣ।ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਸਬੰਧੀ ਸਰਕਾਰੀ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਸ ਮੌਕੇ ਮਾਰਕੀਟ ਕਮੇਟੀ ਦੇ ਅਧਿਕਾਰੀ, ਆੜ੍ਹਤੀ, ਕਿਸਾਨ ਤੇ ਮਜ਼ਦੂਰ ਹਾਜ਼ਰ ਸਨ।

ਸਟੀਫਨ ਇੰਟਰਨੈਸ਼ਨਲ ਸਕੂਲ 'ਚ ਬਾਲ ਦਿਵਸ ਮਨਾਇਆ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਬਾਲ ਦਿਵਸ ਮੌਕੇ ਕਿੰਡਰਗਾਰਟਨ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਮੌਕੇ ਨੰਨ੍ਹੇ-ਮੁੰਨੇ ਬੱਚਿਆਂ ਲਈ ਕਈ ਮਨੋਰੰਜਕ ਗਤੀਵਿਧੀਆਂ ਤੇ ਖੇਡਾਂ ਦਾ ਪ੍ਰਬੰਧ ਕੀਤਾ ਗਿਆ।ਇਸ ਸਮਾਗਮ ਦਾ ਸੰਚਾਲਨ ਮਿਸ ਗੀਤਾ ਦੇ ਕੋਆਰਡੀਨੇਸ਼ਨ ਹੇਠ ਤੇ ਸੀਨੀਅਰ ਕੋਆਰਡੀਨੇਟਰ ਮਿਸ ਮੀਨਾ ਸੈਣੀ ਦੇ ਮਾਰਗਦਰਸ਼ਨ ਤੇ ਸਹਿਯੋਗ ਨਾਲ ਕੀਤਾ ਗਿਆ।ਇਸ ਦੌਰਾਨ ਬੱਚਿਆਂ ਨੇ ਸਪੂਨ ਰੇਸ (ਚਮਚ ਦੌੜ), ਮਨੋਰੰਜਕ ਖੇਡਾਂ, ਮਜ਼ੇਦਾਰ ਮੁਕਾਬਲਿਆਂ ਤੇ ਹੋਰ ਦਿਲਚਸਪ ਗਤੀਵਿਧੀਆਂ ਵਿੱਚ ਬੜੇ ਜੋਸ਼ ਨਾਲ ਭਾਗ ਲਿਆ।ਬੱਚਿਆਂ ਦੀਆਂ ਖੁਸ਼ੀਆਂ, ਹਾਸੇ ਤੇ ਉਤਸ਼ਾਹ ਨਾਲ ਸਕੂਲ ਦਾ ਮਾਹੌਲ ਖੁਸ਼ਨੁਮਾ ਹੋ ਗਿਆ। ਇਨ੍ਹਾਂ ਗਤੀਵਿਧੀਆਂ ਦਾ ਉਦੇਸ਼ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਆਪਸੀ ਸਹਿਯੋਗ, ਟੀਮ ਭਾਵਨਾ ਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਸੀ।ਅਧਿਆਪਕਾਂ ਨੇ ਵੀ ਬੱਚਿਆਂ ਨੂੰ ਹਰ ਗਤੀਵਿਧੀ ਵਿੱਚ ਭਾਗ ਲੈਣ ਲਈ ਉਤਸ਼ਾਹਤ ਕੀਤਾ ਅਤੇ ਉਨ੍ਹਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ।ਬੱਚਿਆਂ ਦੇ ਚਿਹਰਿਆਂ 'ਤੇ ਖਿੜੀਆਂ ਖੁਸ਼ੀਆਂ ਨੇ ਇਸ ਦਿਨ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।ਸਮਾਗਮ ਦਾ ਸਮਾਪਨ ਖੁਸ਼ੀ ਤੇ ਉਤਸ਼ਾਹ ਭਰੇ ਮਾਹੌਲ ਵਿੱਚ ਹੋਇਆ।ਸਟੀਫਨ ਇੰਟਰਨੈਸ਼ਨਲ ਸਕੂਲ ਦਾ ਮੰਨਣਾ ਹੈ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਸਿਰਫ਼ ਕਿਤਾਬੀ ਸਿੱਖਿਆ ਤੱਕ ਸੀਮਤ ਨਹੀਂ, ਸਗੋਂ ਅਜਿਹੇ ਸਮਾਗਮ ਉਨ੍ਹਾਂ ਦੇ ਬਚਪਨ ਨੂੰ ਖੁਸ਼ਹਾਲ ਤੇ ਯਾਦਗਾਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਬੀ ਐਂਡ ਵਿਦਿਆਰਥੀਆਂ ਵੱਲੋਂ ਨਿਊ ਹੋਪ ਥੈਰੇਪੀ ਐਂਡ ਸਪੈਸ਼ਲ ਐਜੂਕੇਸ਼ਨ ਸਕੂਲ ਦਾ ਦੌਰਾ



ਭੀਖੀ (ਧਰਮਵੀਰ ਸ਼ਰਮਾ)-ਮਾਡਰਨ ਕਾਲਜ ਆਫ਼ ਐਜੂਕੇਸ਼ਨ ਭੀਖੀ ਦੇ ਬੀ. ਐੱਡ. ਦੇ ਵਿਦਿਆਰਥੀਆਂ ਵੱਲੋਂ ਬਾਲ ਦਿਵਸ ਮੌਕੇ ਨਿਊ ਹੋਪ ਥੈਰੇਪੀ ਐਂਡ ਨਿਊ ਸਪੈਸ਼ਲ ਐਜੂਕੇਸ਼ਨ ਸਕੂਲ ਦਾ ਵਿਦਿਅਕ ਦੌਰਾ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਮਿਲ ਕੇ ਬਾਲ ਦਿਵਸ ਮਨਾਇਆ ਤੇ ਉਨ੍ਹਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਦੌਰਾਨ ਵਿਦਿਆਰਥੀਆਂ ਨੇ ਬੱਚਿਆਂ ਨਾਲ ਖੇਡਾਂ, ਗੀਤ-ਸੰਗੀਤ ਤੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਵਿੱਚ ਭਾਗ ਲਿਆ। ਉਨ੍ਹਾਂ ਬੱਚਿਆਂ ਨੂੰ ਪਿਆਰ, ਸਨੇਹ ਤੇ ਹੌਸਲਾ ਦਿੰਦਿਆਂ ਉਨ੍ਹਾਂ ਨਾਲ ਯਾਦਗਾਰ ਸਮਾਂ ਬਿਤਾਇਆ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਵਿਸ਼ੇਸ਼ ਬੱਚਿਆਂ ਦੀਆਂ ਸਿੱਖਣ ਸਬੰਧੀ ਲੋੜਾਂ, ਸਿੱਖਿਆ ਦੇ ਢੰਗਾਂ ਤੇ ਦੇਖਭਾਲ ਦੀਆਂ ਵਿਧੀਆਂ ਬਾਰੇ ਵੀ ਜਾਣਕਾਰੀ ਪ੍ਰਾਪਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਦੌਰੇ ਦਾ ਮੁੱਖ ਉਦੇਸ਼ ਭਵਿੱਖ ਦੇ ਅਧਿਆਪਕਾਂ ਵਿੱਚ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਪ੍ਰਤੀ ਸੰਵੇਦਨਸ਼ੀਲਤਾ, ਸਹਿਯੋਗ, ਸਮਾਨਤਾ ਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ। ਅਜਿਹੇ ਵਿਦਿਅਕ ਦੌਰੇ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਇੱਕ ਸੰਵੇਦਨਸ਼ੀਲ ਤੇ ਜ਼ਿੰਮੇਵਾਰ ਅਧਿਆਪਕ ਬਣਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਮਨੁੱਖਤਾ, ਸੇਵਾ ਭਾਵਨਾ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ।

ਗੁਰੂ ਤੇਗ ਬਹਾਦਰ ਪਬਲਿਕ ਸਕੂਲ ਵਿਖੇ ਲੱਗਿਆ ਖੁਸ਼ੀਆਂ ਦਾ ਮੇਲਾ



ਦਿੜ੍ਹਬਾ (ਜਸਵੀਰ ਲਾਡੀ)-ਬੱਚਿਆਂ ਦੀ ਮਾਸੂਮੀਅਤ, ਉਨ੍ਹਾਂ ਦੀਆਂ ਨਿੱਕੀਆਂ-ਨਿੱਕੀਆਂ ਖੁਸ਼ੀਆਂ ਤੇ ਉਨ੍ਹਾਂ ਦੇ ਸੁਨਹਿਰੀ ਸੁਪਨਿਆਂ ਨੂੰ ਸਮਰਪਤ ਬਾਲ ਦਿਵਸ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਛਾਜਲੀ ਵਿਖੇ ਬੜੇ ਉਤਸ਼ਾਹ, ਪਿਆਰ ਤੇ ਉਤਸ਼ਾਹਪੂਰਨ ਮਾਹੌਲ ਵਿੱਚ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਪਿਆਰ ਤੇ ਅਪਣੱਤ ਦੇ ਪ੍ਰਤੀਕ ਵਜੋਂ ਸੁੰਦਰ ਤੋਹਫ਼ੇ ਭੇਟ ਕੀਤੇ ਗਏ।ਤੋਹਫ਼ੇ ਪ੍ਰਾਪਤ ਕਰਕੇ ਬੱਚਿਆਂ ਦੇ ਚਿਹਰਿਆਂ 'ਤੇ ਖਿੜੀਆਂ ਖੁਸ਼ੀਆਂ ਨੇ ਸਮੁੱਚੇ ਸਕੂਲ ਦੇ ਮਾਹੌਲ ਨੂੰ ਹੋਰ ਵੀ ਰੰਗੀਨਮਈ ਬਣਾ ਦਿੱਤਾ।ਇਸ ਮੌਕੇ ਅਧਿਆਪਕਾਂ ਨੇ ਬੱਚਿਆਂ ਨਾਲ ਆਪਣੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਕਿਹਾ ਕਿ ਬਾਲ ਦਿਵਸ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਬਚਪਨ ਦੀਆਂ ਮਿੱਠੀਆਂ ਯਾਦਾਂ, ਮਾਸੂਮ ਸੁਪਨਿਆਂ ਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਦਾ ਵਿਸ਼ੇਸ਼ ਦਿਨ ਹੈ।ਬੱਚੇ ਕਿਸੇ ਵੀ ਸਮਾਜ ਤੇ ਦੇਸ਼ ਦੀ ਅਸਲ ਪੂੰਜੀ ਹੁੰਦੇ ਹਨ।ਉਨ੍ਹਾਂ ਦੀ ਸਹੀ ਪਰਵਰਿਸ਼, ਮਿਆਰੀ ਸਿੱਖਿਆ ਤੇ ਚੰਗੇ ਸੰਸਕਾਰ ਹੀ ਇੱਕ ਮਜ਼ਬੂਤ ਤੇ ਖੁਸ਼ਹਾਲ ਸਮਾਜ ਦੀ ਨੀਂਹ ਰੱਖਦੇ ਹਨ।ਸਕੂਲ ਦੇ ਪ੍ਰਿੰਸੀਪਲ ਬੀਬੀ ਪਰਮੀਤ ਕੌਰ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀਆਂ ਦਿਲੋਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਬੱਚਿਆਂ ਦੀਆਂ ਮੁਸਕਾਨਾਂ ਹੀ ਸਾਡੀ ਸਭ ਤੋਂ ਵੱਡੀ ਪ੍ਰਾਪਤੀ ਹੈ।ਉਨ੍ਹਾਂ ਸਮੂਹ ਅਧਿਆਪਕਾਂ ਵੱਲੋਂ ਬੱਚਿਆਂ ਦੀ ਖੁਸ਼ੀ ਲਈ ਕੀਤੇ ਗਏ ਇਸ ਪਿਆਰ ਭਰੇ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਨੇ ਵੀ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਤੇ ਆਪਣੇ ਮਾਪਿਆਂ, ਅਧਿਆਪਕਾਂ ਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਪੈਨਸ਼ਨਰ ਆਗੂਆਂ ਨੇ ਆਰ ਟੀ ਓ ਨਾਲ ਕੀਤੀ ਮੀਟਿੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਾਹਨਾਂ ਦੀ ਰਜਿਸਟਰੇਸ਼ਨ, ਡਰਾਈਵਿੰਗ ਲਾਇਸੰਸ ਬਣਾਉਣ ਤੇ ਹੋਰ ਲੰਬਿਤ ਪਏ ਆਰ ਟੀ ਓ ਦਫਤਰ ਨਾਲ ਸਬੰਧਤ ਮਸਲਿਆਂ ਦੇ ਹੱਲ ਲਈ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸਨ ਦੇ ਜ਼ਿਲ੍ਹਾ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ ਤੇ ਪੰਜਾਬ ਸਟੇਟ ਕਰਮਚਾਰੀ ਦਲ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਬੇਦੀ ਨੇ ਫਿਰੋਜ਼ਪੁਰ ਦੇ ਆਰ ਟੀ ਓ ਵਿਸ਼ਵਜੀਤ ਸਿੰਘ ਸਿੱਧੂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਆਗੂਆਂ ਨੇ ਆਰ ਟੀ ਓ ਫਿਰੋਜ਼ਪੁਰ ਨੂੰ ਆਮ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਰ ਟੀ ਓ ਦਫਤਰ ਨਾਲ ਸਬੰਧਤ ਕੰਮਾਂ ਲਈ ਵਾਰ-ਵਾਰ ਦਫਤਰ ਦੇ ਚੱਕਰ ਕੱਟਣੇ ਪੈਂਦੇ ਹਨ, ਇਨ੍ਹਾਂ ਮੰਗਾਂ ਦੇ ਹੱਲ ਲਈ ਆਰ ਟੀ ਓ ਫਿਰੋਜ਼ਪੁਰ ਨੇ ਜਥੇਬੰਦੀਆਂ ਦੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਵਾਹਨਾਂ ਨਾਲ ਸਬੰਧਤ ਕੰਮਾਂ ਲਈ ਲੋਕਾਂ ਨੂੰ ਕਿਸੇ ਕਿਸਮ ਦੀ ਬੇਲੋੜੀ ਪ੍ਰਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਮੌਕੇ 'ਤੇ ਵੀ ਆਪਣੇ ਅਧੀਨ ਕੰਮ ਕਰਦੇ ਸਟਾਫ ਨੂੰ ਹਦਾਇਤਾਂ ਜਾਰੀ ਕੀਤੀਆਂ।

ਕਿੰਡਰ ਗਾਰਟਨ ਸਕੂਲ 'ਚ ਬਾਲ ਦਿਵਸ ਮਨਾਇਆ



ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਕਿੰਡਰ ਗਾਰਟਨ ਸਕੂਲ ਵਿੱਚ ਬੱਚਿਆਂ ਨੇ 'ਬਾਲ ਦਿਵਸ' ਮਨਾਇਆ, ਜਿਸ ਵਿੱਚ ਨੰਨ੍ਹੇ-ਮੁੰਨੇ ਬੱਚਿਆਂ ਨੇ ਕਵਿਤਾਵਾਂ ਤੇ ਦੇਸ਼ ਭਗਤੀ ਦੇ ਗੀਤਾਂ ਰਾਹੀਂ ਕਈ ਸੰਦੇਸ਼ ਸਾਂਝੇ ਕੀਤੇ।ਬੱਚਿਆਂ ਨੇ ਜਵਾਹਰ ਲਾਲ ਨਹਿਰੂ ਦੇ ਪਹਿਰਾਵੇ 'ਚ ਕਈ ਵੰਨਗੀਆਂ ਪੇਸ਼ ਕੀਤੀਆਂ।ਇਸ ਮੌਕੇ ਅਧਿਆਪਕਾਂ ਨੇ ਇਸ 'ਬਾਲ ਦਿਵਸ' ਬਾਰੇ ਆਪਣੇ ਵਿਚਾਰ ਬੱਚਿਆਂ ਨਾਲ ਸਾਂਝੇ ਕੀਤੇ।ਸਕੂਲ ਦੇ ਡਾਇਰੈਕਟਰ ਸਰਬਜੀਤ ਕੌਰ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਸਬੰਧੀ ਜਾਣਕਾਰੀ ਦਿੰਦੇ ਕਿਹਾ ਕਿ ਜਵਾਹਰ ਲਾਲ ਨਹਿਰੂ ਨੂੰ ਬੱਚਿਆਂ ਨਾਲ ਬਹੁਤ ਪਿਆਰ ਸੀ।ਉਹ ਬੱਚਿਆਂ ਦੇ ਕਲਿਆਣ ਨੂੰ ਲੈ ਕੇ ਕਾਫੀ ਸੋਚਦੇ ਸੀ।ਉਹ ਸਕੂਲੀ ਬੱਚਿਆਂ ਨੂੰ ਭੋਜਨ ਤੇ ਹੋਰ ਜ਼ਰੂਰੀ ਚੀਜ਼ਾਂ ਮੁਹੱਈਆ ਕਰਵਾਉਣ ਲਈ ਪ੍ਰੋਗਰਾਮ ਲਾਂਚ ਕਰਦੇ ਰਹਿੰਦੇ ਸਨ।ਉਨ੍ਹਾਂ ਆਪਣੇ ਕਾਰਜ ਕਾਲ ਦੌਰਾਨ ਬੱਚਿਆਂ ਦੇ ਕਲਿਆਣ ਦੇ ਲਈ ਕਈ ਪ੍ਰੋਗਰਾਮ ਸ਼ੁਰੂ ਕੀਤੇ।ਇਨ੍ਹਾਂ ਪ੍ਰੋਗਰਾਮਾਂ ਨਾਲ ਬੱਚਿਆਂ ਦੀ ਸੁਰੱਖਿਆ ਸੁਨਿਸ਼ਚਿਤ ਹੋਈ ਤੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰੀ ਕੀਤਾ ਜਾ ਸਕਿਆ।ਉਹ ਕਿਹਾ ਕਰਦੇ ਸੀ ਕਿ ਬੱਚੇ ਦੇਸ਼ ਦਾ ਭਵਿੱਖ ਹਨ।ਉਨ੍ਹਾਂ ਬੱਚਿਆਂ ਦੀ ਸਿੱਖਿਆ ਲਈ ਕਈ ਪ੍ਰੋਗਰਾਮ ਸ਼ੁਰੂ ਕੀਤੇ।ਉਨ੍ਹਾਂ ਬੱਚਿਆਂ ਨੂੰ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਤ ਜਵਾਹਰ ਲਾਲ ਨਹਿਰੂ, ਜਿਨ੍ਹਾਂ ਨੂੰ ਪਿਆਰ ਨਾਲ 'ਚਾਚਾ ਨਹਿਰੂ' ਕਰਕੇ ਜਾਣਿਆ ਜਾਂਦਾ ਹੈ ਅਤੇ ਉਨ੍ਹਾਂ ਦੇ ਦੱਸੇ ਮਾਰਗ 'ਤੇ ਚੱਲਣ ਦੀ ਸਲਾਹ ਦਿੱਤੀ।ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਉੱਪ ਚੇਅਰਮੈਨ ਕਮਲਜੀਤ ਸਿੰਘ ਸ਼ਾਹੀ, ਡਾਇਰੈਕਟਰ ਸਰਬਜੀਤ ਕੌਰ, ਪ੍ਰਿੰਸੀਪਲ ਰਣਜੋਤ ਕੌਰ ਤੇ ਸਮੂਹ ਸਟਾਫ ਨੇ ਬੱਚਿਆਂ ਨੂੰ ਬਾਲ ਦਿਵਸ ਦੀਆਂ ਵਧਾਈਆਂ ਦਿੱਤੀਆਂ।

32ਵਾਂ ਸਾਲਾਨਾ ਕਲਾ ਮੇਲਾ 26 ਤੋਂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸਰਦਾਰ ਸੋਭਾ ਸਿੰਘ ਮੈਮੋਰੀਅਲ ਚਿੱਤਰਕਾਰ ਸੋਸਾਇਟੀ (ਰਜਿ.) ਬਠਿੰਡਾ ਵੱਲੋਂ 32ਵਾਂ ਸਾਲਾਨਾ ਕਲਾ ਮੇਲਾ 26 ਤੋਂ 29 ਨਵੰਬਰ ਤੱਕ ਕਰਵਾਇਆ ਜਾ ਰਿਹਾ ਹੈ।ਇਸ ਸਾਲ ਦਾ ਕਲਾ ਮੇਲਾ ਪ੍ਰਸਿੱਧ ਪੰਜਾਬੀ ਚਿੱਤਰਕਾਰ ਸ੍. ਸੋਭਾ ਸਿੰਘ ਦੇ 125ਵੇਂ ਜਨਮ ਵਰ੍ਹੇ ਨੂੰ ਸਮਰਪਤ ਹੈ।ਇਸ ਮੌਕੇ ਵਿਸ਼ੇਸ਼ ਆਕਰਸ਼ਣ ਕਲਾ ਦੇ ਖੇਤਰ ਵਿੱਚ ਲੰਮੇ ਸਮੇਂ ਤੋਂ ਯੋਗਦਾਨ ਪਾ ਰਹੀਆਂ ਸ਼ਖ਼ਸੀਅਤਾਂ ਨੂੰ ਦਿੱਤੇ ਜਾਣ ਵਾਲੇ ਵੱਕਾਰੀ ਸਾਲਾਨਾ ਕਲਾ ਸਨਮਾਨ ਤੇ ਲਾਈਫਟਾਈਮ ਅਚੀਵਮੈਂਟ ਐਵਾਰਡ ਹੋਣਗੇ।ਸੋਸਾਇਟੀ ਵੱਲੋਂ ਇਸ ਸਾਲ ਦੇ ਸਨਮਾਨਾਂ ਲਈ ਚੁਣੀਆਂ ਗਈਆਂ ਸ਼ਖ਼ਸੀਅਤਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਗਿਆ ਹੈ।ਇਸ ਸਾਲ ਲਾਈਫਟਾਈਮ ਅਚੀਵਮੈਂਟ ਐਵਾਰਡ ਲਈ ਸ੍ਰੀ ਕ੍ਰਿਸ਼ਨ ਸਿੰਘ ਰੱਤੀਆ ਦੀ ਚੋਣ ਕੀਤੀ ਗਈ ਹੈ।ਇਸੇ ਤਰ੍ਹਾਂ ਸਾਲਾਨਾ ਕਲਾ ਸਨਮਾਨਾਂ ਲਈ ਡਾ. ਗੁਰਦੀਪ ਕੌਰ ਲੁਧਿਆਣਾ, ਰਮਨਦੀਪ ਕੌਰ ਬਠਿੰਡਾ, ਗੁਰਪਿੰਦਰ ਧਾਲੀਵਾਲ ਮੁਕਤਸਰ, ਸ੍ਰੀ ਜਗਜੀਤ ਸਿੰਘ ਪਟਿਆਲਾ ਤੇ ਸ੍ਰੀ ਹਰੀਸ਼ ਵਰਮਾ ਜਲੰਧਰ ਦੀ ਚੋਣ ਕੀਤੀ ਗਈ ਹੈ।

ਭਾਜਪਾ ਆਪਣੇ ਬਲਬੂਤੇ 'ਤੇ ਪੰਜਾਬ 'ਚ ਸਰਕਾਰ ਬਣਾਏਗੀ : ਸੈਣੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਵਿਖੇ ਭਾਜਪਾ ਦੇ ਇੱਕ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਪਹੁੰਚੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਨੂੰ ਪਸੰਦ ਕਰਦੇ ਹੋਏ ਵੱਡੀ ਗਿਣਤੀ ਵਿੱਚ ਭਾਜਪਾ ਨਾਲ ਜੁੜ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਅੰਦਰ ਭਾਜਪਾ ਦੀ ਹੀ ਸਰਕਾਰ ਬਣੇਗੀ।ਇਸ ਮੌਕੇ ਵਿਰੋਧੀ ਪਾਰਟੀਆਂ 'ਤੇ ਤਿੱਖੇ ਹਮਲੇ ਕਰਦਿਆਂ ਉਨ੍ਹਾਂ ਕਿਹਾ ਕ

ਸਾਲਾਨਾ ਇਨਾਮ ਵੰਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਕਰਵਾਇਆ



ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ) : ਪੀ.ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਥਰੀ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਬੜੇ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਕੂਲ ਦੇ ਪ੍ਰਿੰਸੀਪਲ ਮਨਦੀਪ ਸਿੰਘ ਚੀਮਾ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਦਲਬੀਰ ਸਿੰਘ ਗਿੱਲ, ਜਸਵਿੰਦਰ ਸਿੰਘ, ਸਰਪੰਚ ਪਿੰਡ ਆਕੜੀ ਤੇ ਸਕੂਲ ਚੇਅਰਮੈਨ ਕੁਲਵੰਤ ਸਿੰਘ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ।ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਤੇ ਰੰਗਾਰੰਗ ਪੇਸ਼ਕਾਰੀਆਂ ਦਿੱਤੀਆਂ ਗਈਆਂ।ਇਸ ਮੌਕੇ ਲਖਵੀਰ ਸਿੰਘ, ਬਲਵੀਰ ਸਿੰਘ, ਜਸਵੰਤ ਸਿੰਘ, ਦਲਬੀਰ ਸਿੰਘ, ਗੁਰਵਿੰਦਰ ਸਿੰਘ, ਹਰਦੀਪ ਸਿੰਘ, ਅੰਜੂ ਰਾਣੀ, ਸੁਰਜੀਤ ਸਿੰਘ, ਗੁਰਜੰਟ ਸਿੰਘ, ਇੰਜ. ਰਣਜੀਤ ਸਿੰਘ ਢਿੱਲੋਂ, ਕੋਮਲਦੀਪ ਕੌਰ, ਅਦਿੱਤਿਆ ਰਾਣਾ, ਅੰਮ੍ਰਿਤਪਾਲ ਸਿੰਘ ਤੇ ਅਮਨਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪਹੁੰਚੇ।ਇਹ ਸਾਬਕਾ ਵਿਦਿਆਰਥੀ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ।

ਇਸ ਮੌਕੇ ਸਕੂਲ ਪ੍ਰਿੰਸੀਪਲ ਮਨਦੀਪ ਸਿੰਘ ਚੀਮਾ ਨੇ ਕਿਹਾ ਕਿ ਸਾਲਾਨਾ ਸਮਾਰੋਹ ਵਿਦਿਆਰਥੀਆਂ ਦੀ ਸਾਲ ਭਰ ਦੀ ਮਿਹਨਤ, ਪ੍ਰਾਪਤੀਆਂ ਤੇ ਪ੍ਰਤਿਭਾ ਨੂੰ ਸਨਮਾਨਤ ਕਰਨ ਦਾ ਮਹੱਤਵਪੂਰਨ ਮੌਕਾ ਹੁੰਦਾ ਹੈ।ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਆਤਮ-ਵਿਸ਼ਵਾਸ ਤੇ ਸ਼ਖ਼ਸੀਅਤ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਤੇ ਸਹਿ-ਵਿੱਦਿਅਕ ਗਤੀਵਿਧੀਆਂ ਵਿੱਚ ਵੀ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਲੈਕਚਰਾਰ ਅਮਰੀਕ ਸਿੰਘ ਨੇ ਸਕੂਲ ਦੇ ਸਾਬਕਾ ਵਿਦਿਆਰਥੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ।ਮਾਸਟਰ ਅਕਸ਼ੈ ਕੁਮਾਰ ਨੇ ਸਮਾਗਮ 'ਚ ਪਹੁੰਚੇ ਮਹਿਮਾਨਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦਾ ਸਵਾਗਤ ਕੀਤਾ।ਇਸ ਮੌਕੇ ਮਾਸਟਰ ਵਿੱਕੀ ਸ਼ਰਮਾ ਤੇ ਮਾਸਟਰ ਸੰਦੀਪ ਸਿੰਘ ਬਾਜਵਾ ਨੇ ਬਹੁਤ ਹੀ ਸੁਰੀਲੇ ਤੇ ਖੂਬਸੂਰਤ ਗੀਤਾਂ ਦੀ ਪੇਸ਼ਕਾਰੀ ਕਰਕੇ ਸਮਾਗਮ ਵਿੱਚ ਸੰਗੀਤਕ ਰੰਗ ਭਰ ਦਿੱਤੇ ਤੇ ਹਾਜ਼ਰੀਨ ਦਾ ਮਨੋਰੰਜਨ ਕੀਤਾ। ਇਸ ਮੌਕੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਮੈਡਮ ਅਮਿਤਾ ਘਈ ਤੇ ਮੈਡਮ ਸੁਮਿਤਾ ਖੁਰਾਣਾ ਨੇ ਬਾਖੂਬੀ ਨਿਭਾਈ।ਸਮਾਰੋਹ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਦਸਤਾਰ ਮੁਕਾਬਲੇ ਕਰਵਾਏ



ਦੋਰਾਹਾ : (ਹਰਮਿੰਦਰ ਸੇਠ)-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਵਸ ਨੂੰ ਸਮਰਪਤ ਦਸਤਾਰ ਮੁਕਾਬਲਾ ਕਰਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ ਦੀ ਸਰਪ੍ਰਸਤੀ ਹੇਠ ਵਿਦਿਆਰਥੀਆਂ ਵਿੱਚ ਗੁਰਬਾਣੀ ਤੇ ਗੁਰਸਿੱਖੀ ਸਰੂਪ ਪ੍ਰਤੀ ਲਗਨ ਪੈਦਾ ਕਰਨ ਹਿੱਤ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ।ਇਸ ਮੁਕਾਬਲੇ ਵਿੱਚ ਤਕਰੀਬਨ 21 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਕ੍ਰਮਵਾਰ ਅਨਮੋਲਦੀਪ ਸਿੰਘ ਬੀ ਕਾਮ ਭਾਗ ਤੀਜਾ ਦੇ ਵਿਦਿਆਰਥੀ ਨੇ ਪਹਿਲਾ, ਗੋਬਿੰਦ ਸਿੰਘ ਬੀ ਏ ਭਾਗ ਦੂਜਾ ਨੇ ਦੂਜਾ ਤੇ ਤਰਨਜੀਤ ਸਿੰਘ ਬੀ. ਕਾਮ ਭਾਗ ਦੂਜਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਪ੍ਰੋ. ਰਣਜੀਤ ਕੌਰ, ਪ੍ਰੋ. ਜਗਰੂਪ ਸਿੰਘ, ਪ੍ਰੋ. ਗੁਰਜਿੰਦਰ ਕੌਰ, ਪ੍ਰੋ. ਸੰਦੀਪ ਸਿੰਘ ਹੁੰਦਲ, ਡਾ. ਕਰਮਜੀਤ ਸਿੰਘ, ਕੁਲਵੰਤ ਸਿੰਘ ਗਿੱਲ, ਜਰਨੈਲ ਸਿੰਘ ਤੇ ਅੰਮ੍ਰਿਤਬੀਰ ਸਿੰਘ ਹਾਜ਼ਰ ਸਨ।ਇਸ ਗਤੀਵਿਧੀ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਬਾਬਾ ਬਕਾਲਾ ਸਾਹਿਬ ਅੰਮ੍ਰਿਤਸਰ।
ਕਾਬਲ ਸਿੰਘ ਵਗੈਰਾ ਬਨਾਮ ਪਿਸ਼ੌਰਾ ਸਿੰਘ ਵਗੈਰਾ
ਦਰਖਾਸਤ ਬੁਰਦੇ ਕਰਾਉਣੇ ਖਾਤਾ ਤਕਸੀਮ ਜ਼ੇਰੇ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ ਬਾਬਤ ਰਕਬਾ ਕਲੇਰ ਘੁਮਾਣ ਖੇਵਟ ਖਤੌਨੀ 254/208
ਵਿਸ਼ਾ : ਨੋਟਿਸ ਬਨਾਮ ਪਬਲਿਕ
ਨਿਮਨ ਹਸਤਾਖਰ ਦੀ ਅਦਾਲਤ ਵਿੱਚ ਕਾਬਲ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਕਲੇਰ ਘੁਮਾਣ, ਤਹਿਸੀਲ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ ਦਰਖਾਸਤ ਪੇਸ਼ ਕਰਕੇ ਕਿਹਾ ਹੈ ਕਿ ਜਮ੍ਹਾਂਬੰਦੀ ਸਾਲ 2019-2020 ਵਾਕਿਆ ਰਕਬਾ ਪਿੰਡ ਕਲੇਰ ਘੁਮਾਣ 254/208 ਦੇ ਖਾਨਾ ਮਾਲਕੀ ਵਿਚ ਉੱਤਰਵਾਦੀਆਂ 1 ਪਸ਼ੌਰਾ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੱਘਰ ਸਿੰਘ 2. ਮਲਕੀਅਤ ਸਿੰਘ ਪੁੱਤਰ ਤੀਰਥ ਸਿੰਘ 3. ਜੀਤ ਕੌਰ ਮਾਤਾ ਮਨਮੋਹਨ ਸਿੰਘ 4. ਪ੍ਰਮਿੰਦਰ ਕੌਰ ਵਿਧਵਾ ਮਨਮੋਹਨ ਸਿੰਘ 5. ਨਵਲੀਨ ਕੌਰ ਪੁੱਤਰੀ ਮਨਮੋਹਨ ਸਿੰਘ 6. ਪਵਲੀਨ ਕੌਰ ਪੁੱਤਰੀ ਮਨਮੋਹਨ ਸਿੰਘ 7. ਸੰਦੀਪ ਕੌਰ ਪਤਨੀ ਦਲਜੀਤ ਸਿੰਘ ਪੁੱਤਰ ਪਸ਼ੌਰਾ ਸਿੰਘ 8. ਜਸਬੀਰ ਕੌਰ ਪਤਨੀ ਦਲਬੀਰ ਸਿੰਘ 9. ਮੰਜਰ ਸਿੰਘ ਪੁੱਤਰ ਮਹਿੰਦਰ ਸਿੰਘ 10. ਸਵਰਨ ਸਿੰਘ ਪੁੱਤਰ ਮਹਿੰਦਰ ਸਿੰਘ 11. ਮੰਗਲ ਸਿੰਘ ਪੁੱਤਰ ਮਹਿੰਦਰ ਸਿੰਘ 12. ਨਰੰਜਣ ਸਿੰਘ ਪੁੱਤਰ ਮੱਘਰ ਸਿੰਘ ਪੁੱਤਰ ਹਰੀ ਸਿੰਘ ਜਿਸ ਦੀ ਮੌਤ ਹੋ ਚੁੱਕੀ ਹੈ, ਜਿਸ ਦੇ ਹੇਠ ਲਿਖੇ ਕਾਨੂੰਨੀ ਵਾਰਸ ਹਨ।ਸ਼ਮਸ਼ੇਰ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਨਰੰਜਣ ਸਿੰਘ (ਅ) ਜਸਵੰਤ ਸਿੰਘ ਪੁੱਤਰ ਨਰੰਜਣ ਸਿੰਘ ਪੁੱਤਰ ਮੱਘਰ ਸਿੰਘ ਦੀ ਮੌਤ ਹੋ ਚੁੱਕੀ ਹੈ ਇਸ ਦੇ ਵਾਰਸ ਹੇਠ ਲਿਖੇ ਅਨੁਸਾਰ ਹਨ :- (ੳ) ਕਸ਼ਮੀਰ ਕੌਰ ਪਤਨੀ ਜਸਵੰਤ ਸਿੰਘ ਪੁੱਤਰ ਨਰੰਜਣ ਸਿੰਘ (ਅ) ਰਣਜੀਤ ਕੌਰ ਪੁੱਤਰੀ ਜਸਵੰਤ ਸਿੰਘ ਪੁੱਤਰ ਨਰੰਜਣ ਸਿੰਘ (ਏ) ਨਵਲੀਨ ਕੌਰ ਪੁੱਤਰੀ ਜਸਵੰਤ ਸਿੰਘ ਪੁੱਤਰ ਨਰੰਜਣ ਸਿੰਘ (ਏ) ਨਵਲੀਨ ਕੌਰ ਪੁੱਤਰੀ ਜਸਵੰਤ ਸਿੰਘ ਪੁੱਤਰ ਨਰੰਜਣ ਸਿੰਘ ਵਾਸੀਆਨ ਪਿੰਡ ਕਲੇਰ ਘੁਮਾਣ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, 13. ਪੰਜਾਬ ਐਂਡ ਸਿੰਧ ਬੈਂਕ ਬਰਾਂਚ ਕਲੇਰ ਘੁਮਾਣ ਦਾ ਇੰਦਰਾਜ਼ ਕਰਨ ਬਾਰੇ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਦਰਖਾਸਤ ਦਿੱਤੀ ਹੈ। ਇਸ ਲਈ ਇਸ ਇਸ਼ਤਿਹਾਰ ਅਖ਼ਬਾਰ ਦੇ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਉਪਰੋਕਤ ਮਾਲ ਰਿਕਾਰਡ ਵਿੱਚ ਤਕਸੀਮ ਕਰਾਉਣ ਦੇ ਇੰਦਰਾਜ਼ ਹੋਣ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਅਖਬਾਰ ਵਿਚ ਪ੍ਰਕਾਸ਼ਿਤ ਹੋਣ ਤੋਂ ਬਾਅਦ 21 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸਫੇਦ 10 ਵਜੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਵਿਚ ਕੋਈ ਵੀ ਇਤਰਾਜ਼ ਸੁਣਿਆ ਨਹੀਂ ਜਾਵੇਗਾ। ਮਾਲ ਰਿਕਾਰਡ ਵਿੱਚ ਕਾਬਲ ਸਿੰਘ ਵਗੈਰਾ ਦੀ ਤਕਸੀਮ ਕਰ ਦਿੱਤੀ ਜਾਵੇਗੀ।
ਅੱਜ ਇਹ ਇਸ਼ਤਿਹਾਰ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਕੀਤਾ ਗਿਆ ਹੈ।
ਸਹੀ/- ਤਹਿਸੀਲਦਾਰ-ਕਮ-ਸਰਕਲ ਰੈਵੇਨਿਊ ਅਫਸਰ, ਬਾਬਾ ਬਕਾਲਾ ਸਾਹਿਬ
ਨੰਬਰ : ਰੀਡਰ/ਤਹਿ 1529 ਮਿਤੀ 22-07-26

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਬਾਬਾ ਬਕਾਲਾ ਸਾਹਿਬ ਅੰਮ੍ਰਿਤਸਰ।
ਕਾਬਲ ਸਿੰਘ ਵਗੈਰਾ ਬਨਾਮ ਮੇਜਰ ਸਿੰਘ ਵਗੈਰਾ
ਦਰਖਾਸਤ ਬੁਰਦੇ ਕਰਾਉਣੇ ਖਾਤਾ ਤਕਸੀਮ ਜ਼ੇਰੇ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ ਬਾਬਤ ਰਕਬਾ ਕਲੇਰ ਘੁਮਾਣ ਖੇਵਟ ਖਤੌਨੀ 255/208
ਵਿਸ਼ਾ : ਨੋਟਿਸ ਬਨਾਮ ਪਬਲਿਕ
ਨਿਮਨ ਹਸਤਾਖਰ ਦੀ ਅਦਾਲਤ ਵਿੱਚ ਕਾਬਲ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਕਲੇਰ ਘੁਮਾਣ ਤਹਿਸੀਲ ਬਾਬਾ ਬਕਾਲਾ ਸਾਹਿਬ ਜ਼ਿਲ੍ਹਾ ਅੰਮ੍ਰਿਤਸਰ ਦਰਖਾਸਤ ਪੇਸ਼ ਕਰਕੇ ਕਿਹਾ ਹੈ ਕਿ ਜਮ੍ਹਾਂਬੰਦੀ ਸਾਲ 2019-2020 ਵਾਕਿਆ ਰਕਬਾ ਪਿੰਡ ਕਲੇਰ ਘੁਮਾਣ 255/208 ਦੇ ਖਾਨਾ ਮਾਲਕੀ ਵਿਚ ਉੱਤਰਵਾਦੀਆਂ ਮੇਸਰ ਸਿੰਘ ਪੁੱਤਰ ਮਹਿੰਦਰ ਸਿੰਘ 2. ਸਵਰਨ ਸਿੰਘ ਪੁੱਤਰ ਮਹਿੰਦਰ ਸਿੰਘ 3. ਮੰਗਲ ਸਿੰਘ ਪੁੱਤਰ ਮਹਿੰਦਰ ਸਿੰਘ 4. ਪਸ਼ੌਰਾ ਸਿੰਘ ਪੁੱਤਰ ਮਹਿੰਦਰ ਸਿੰਘ 5. ਮੇਹਰ ਸਿੰਘ ਪੁੱਤਰ ਹੁਕਮ ਸਿੰਘ 6. ਨਰੰਜਣ ਸਿੰਘ ਪੁੱਤਰ ਮੱਘਰ ਸਿੰਘ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦੇ 2 ਬੇਟੇ ਕੁਲਵੰਤ ਸਿੰਘ ਅਤੇ ਜਸਵੰਤ ਸਿੰਘ ਉਨ੍ਹਾਂ ਦੀ ਮੌਤ ਹੋ ਚੁੱਕੀ ਹੈ, ਇਹਨਾਂ ਦੇ ਕਾਨੂੰਨੀ ਵਾਰਸ ਹੇਠ ਲਿਖੇ ਅਨੁਸਾਰ ਹਨ:- ਕੁਲਵੰਤ ਕੌਰ ਪਤਨੀ ਲੇਟ ਸ੍ਰੀ ਕੁਲਵੰਤ ਸਿੰਘ (ਅ) ਸਮਸ਼ੇਰ ਸਿੰਘ ਪੁੱਤਰ ਲੇਟ ਸ੍ਰੀ ਕੁਲਵੰਤ ਸਿੰਘ ਜਸਵੰਤ ਸਿੰਘ ਦੇ ਕਾਨੂੰਨੀ ਵਾਰਸ ਹੇਠ ਲਿਖੇ ਅਨੁਸਾਰ ਹਨ, ਕਸ਼ਮੀਰ ਕੌਰ ਪਤਨੀ ਲੇਟ ਸ੍ਰੀ ਜਸਵੰਤ ਸਿੰਘ (ਅ) ਰਣਜੀਤ ਕੌਰ ਪੁੱਤਰੀ ਲੇਟ ਸ੍ਰੀ ਜਸਵੰਤ ਸਿੰਘ (ਏ) ਨਵਲੀਨ ਕੌਰ ਪੁੱਤਰੀ ਲੇਟ ਸ੍ਰੀ ਜਸਵੰਤ ਸਿੰਘ ਵਾਸੀਆਨ ਪਿੰਡ ਕਲੇਰ ਘੁਮਾਣ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ, 13. ਪੰਜਾਬ ਐਂਡ ਸਿੰਧ ਬੈਂਕ ਬਰਾਂਚ ਕਲੇਰ ਘੁਮਾਣ ਦਾ ਇੰਦਰਾਜ਼ ਕਰਨ ਬਾਰੇ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਦਰਖਾਸਤ ਦਿੱਤੀ ਹੈ। ਇਸ ਲਈ ਇਸ ਇਸ਼ਤਿਹਾਰ ਅਖ਼ਬਾਰ ਦੇ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਉਪਰੋਕਤ ਮਾਲ ਰਿਕਾਰਡ ਵਿੱਚ ਤਕਸੀਮ ਕਰਾਉਣ ਦੇ ਇੰਦਰਾਜ਼ ਹੋਣ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਅਖਬਾਰ ਵਿਚ ਪ੍ਰਕਾਸ਼ਿਤ ਹੋਣ ਤੋਂ ਬਾਅਦ 21 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਸਫੇਦ 10 ਵਜੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਆ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਵਿਚ ਕੋਈ ਵੀ ਇਤਰਾਜ਼ ਸੁਣਿਆ ਨਹੀਂ ਜਾਵੇਗਾ। ਮਾਲ ਰਿਕਾਰਡ ਵਿੱਚ ਕਾਬਲ ਸਿੰਘ ਵਗੈਰਾ ਦੀ ਤਕਸੀਮ ਕਰ ਦਿੱਤੀ ਜਾਵੇਗੀ।
ਅੱਜ ਇਹ ਇਸ਼ਤਿਹਾਰ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਕੀਤਾ ਗਿਆ ਹੈ।
ਸਹੀ/- ਤਹਿਸੀਲਦਾਰ-ਕਮ-ਸਰਕਲ ਰੈਵੇਨਿਊ ਅਫਸਰ, ਬਾਬਾ ਬਕਾਲਾ ਸਾਹਿਬ
ਨੰਬਰ : ਰੀਡਰ/ਤਹਿ 1530 ਮਿਤੀ 22-07-26

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਬਾਬਾ ਬਕਾਲਾ ਸਾਹਿਬ ਅੰਮ੍ਰਿਤਸਰ।
ਕਾਬਲ ਸਿੰਘ ਵਗੈਰਾ ਬਨਾਮ ਪਿਸ਼ੌਰਾ ਸਿੰਘ ਵਗੈਰਾ
ਦਰਖਾਸਤ ਬੁਰਦੇ ਕਰਾਉਣੇ ਖਾਤਾ ਤਕਸੀਮ ਜ਼ੇਰੇ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ ਬਾਬਤ ਰਕਬਾ ਕਲੇਰ ਘੁਮਾਣ ਖੇਵਟ ਖਤੌਨੀ 256/208
ਵਿਸ਼ਾ : ਨੋਟਿਸ ਬਨਾਮ ਪਬਲਿਕ
ਨਿਮਨ ਹਸਤਾਖਰ ਦੀ ਅਦਾਲਤ ਵਿੱਚ ਕਾਬਲ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਕਲੇਰ ਘੁਮਾਣ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਦਰਖਾਸਤ ਪੇਸ਼ ਕਰਕੇ ਕਿਹਾ ਹੈ ਕਿ ਜਮ੍ਹਾਂਬੰਦੀ ਸਾਲ 2019-2020 ਵਾਕਿਆ ਰਕਬਾ ਪਿੰਡ ਕਲੇਰ ਘੁਮਾਣ 256/208 ਦੇ ਖਾਨਾ ਮਾਲਕੀ ਵਿਚ ਉੱਤਰਵਾਦੀਆਂ 1. ਪਸ਼ੌਰਾ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਮੱਘਰ ਸਿੰਘ 2. ਮਲਕੀਅਤ ਸਿੰਘ ਪੁੱਤਰ ਤੀਰਥ ਸਿੰਘ 3. ਜੀਤ ਕੌਰ ਮਾਤਾ ਮਨਮੋਹਨ 4. ਪ੍ਰਮਿੰਦਰ ਕੌਰ ਵਿਧਵਾ ਮਨਮੋਹਨ ਸਿੰਘ 5. ਨਵਲੀਨ ਕੌਰ ਪੁੱਤਰੀ ਮਨਮੋਹਨ ਸਿੰਘ 6. ਪਵਲੀਨ ਕੌਰ ਪੁੱਤਰੀ ਮਨਮੋਹਨ ਸਿੰਘ 7. ਸੰਦੀਪ ਕੌਰ ਪਤਨੀ ਦਲਜੀਤ ਸਿੰਘ ਪੁੱਤਰ ਪਸ਼ੌਰਾ ਸਿੰਘ 8. ਜਸਬੀਰ ਕੌਰ ਪਤਨੀ ਦਲਬੀਰ ਸਿੰਘ 9. ਮੰਜਰ ਸਿੰਘ ਪੁੱਤਰ ਮਹਿੰਦਰ ਸਿੰਘ 10. ਸਵਰਨ ਸਿੰਘ ਪੁੱਤਰ ਮਹਿੰਦਰ ਸਿੰਘ 11. ਮੰਗਲ ਸਿੰਘ ਪੁੱਤਰ ਮਹਿੰਦਰ ਸਿੰਘ 12. ਤਾਰਾ ਸਿੰਘ ਪੁੱਤਰ ਗੁਰਦਿੱਤ ਸਿੰਘ 13. ਨਰੰਜਣ ਸਿੰਘ ਪੁੱਤਰ ਮੱਘਰ ਸਿੰਘ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦੇ 2 ਬੇਟੇ ਕੁਲਵੰਤ ਸਿੰਘ ਅਤੇ ਜਸਵੰਤ ਸਿੰਘ ਉਨ੍ਹਾਂ ਦੀ ਮੌਤ ਹੋ ਚੁੱਕੀ ਹੈ। ਇਹਨਾਂ ਦੇ ਕਾਨੂੰਨੀ ਵਾਰਸ ਹੇਠ ਲਿਖੇ ਅਨੁਸਾਰ ਹਨ।(ੳ) ਕੁਲਵੰਤ ਕੌਰ ਪਤਨੀ ਲੇਟ ਸ੍ਰੀ ਕੁਲਵੰਤ ਸਿੰਘ (ਅ) ਸਮਸ਼ੇਰ ਸਿੰਘ ਪੁੱਤਰ ਲੇਟ ਸ੍ਰੀ ਕੁਲਵੰਤ ਸਿੰਘ ਜਸਵੰਤ ਸਿੰਘ ਦੇ ਕਾਨੂੰਨੀ ਵਾਰਸ ਹੇਠ ਲਿਖੇ ਅਨੁਸਾਰ ਹਨ (ੳ) ਕਸ਼ਮੀਰ ਕੌਰ ਪਤਨੀ ਲ

ਕੋਰ ਕਮੇਟੀ ਦੀ ਮੀਟਿੰਗ 'ਚ ਚਮਕੌਰ ਸਾਹਿਬ ਸੀਟ 'ਤੇ ਮੁੜ ਵਿਚਾਰ ਕਰਨ ਦੀ ਮੰਗ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਕੋਈ ਵੀ ਹਲਕਾ 3/4 ਮਹੀਨਿਆਂ ਵਿੱਚ ਸਮਝ ਨਹੀਂ ਆ ਸਕਦਾ, 2017 ਤੋਂ ਲੈ ਕੇ 2022 ਤੱਕ ਹਲਕਾ ਸਮਝਣ ਨੂੰ ਮੈਨੂੰ 5 ਸਾਲ ਲੱਗ ਗਏ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਡਾ. ਚਰਨਜੀਤ ਸਿੰਘ



ਹਲਕਾ ਵਿਧਾਇਕ ਸ੍ਰੀ ਚਮਕੌਰ ਸਾਹਿਬ ਨੇ ਸਥਾਨਕ ਐਨ. ਐਚ. 95 ਹੋਟਲ ਵਿੱਚ ਸੱਦੀ ਆਮ ਆਦਮੀ ਪਾਰਟੀ ਕੋਰ ਕਮੇਟੀ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਨੇ ਜਸਵੀਰ ਸਿੰਘ ਗੜ੍ਹੀ ਦਾ ਨਾਂਅ ਲਏ ਬਿਨਾਂ ਸ਼ਬਦੀ ਵਾਰ ਕਰਦਿਆਂ ਕਿਹਾ ਕਿ 3/4 ਮਹੀਨਿਆਂ ਵਿੱਚ ਕਿਸੇ ਨੂੰ ਹਲਕੇ ਦੀ ਸਮਝ ਨਹੀਂ ਆ ਸਕਦੀ। ਜ਼ਿਕਰਯੋਗ ਹੈ ਕਿ ਕਰੀਬ 3 ਮਹੀਨੇ ਪਹਿਲਾਂ ਹੀ ਆਮ ਆਦਮੀ ਪਾਰਟੀ ਹਾਈਕਮਾਨ ਵੱਲੋਂ ਜਸਵੀਰ ਸਿੰਘ ਗੜ੍ਹੀ ਨੂੰ ਹਲਕਾ ਇੰਚਾਰਜ ਨਿਯੁਕਤ ਕਰਕੇ ਹਲਕੇ ਵਿੱਚ ਸੰਗਠਨ ਮਜ਼ਬੂਤ ਕਰਨ ਲਈ ਭੇਜਿਆ ਗਿਆ ਸੀ, ਜਿਨ੍ਹਾਂ ਨੂੰ ਪਾਰਟੀ ਵੱਲੋਂ ਹੁਣ ਵਿਧਾਨ ਸਭਾ 2027 ਦੀਆਂ ਚੋਣਾਂ ਲਈ ਉਮੀਦਵਾਰ ਐਲਾਨ ਦਿੱਤਾ ਗਿਆ ਹੈ। ਪਾਰਟੀ ਵੱਲੋਂ ਜਸਵੀਰ ਸਿੰਘ ਗੜ੍ਹੀ ਨੂੰ ਉਮੀਦਵਾਰ ਐਲਾਨੇ ਜਾਣ ਤੋਂ ਨਾਰਾਜ਼ ਹਲਕਾ ਵਿਧਾਇਕ ਡਾ ਚਰਨਜੀਤ ਸਿੰਘ ਵੱਲੋਂ ਲਗਾਤਾਰ ਵੱਖ ਵੱਖ ਸੋਸ਼ਲ ਮੀਡੀਆ ਚੈਨਲਾਂ ਰਾਹੀਂ ਬਿਆਨ ਦਿੱਤਾ ਜਾ ਰਿਹਾ ਹੈ ਕਿ ਉਹ ਇਸ ਹਲਕੇ ਤੋਂ ਚੋਣ ਜ਼ਰੂਰ ਲੜਨਗੇ। ਕੋਰ ਕਮੇਟੀ ਦੀ ਭਰਵੀਂ ਮੀਟਿੰਗ ਨੂੰ ਸੀਨੀਅਰ ਆਗੂ ਸਾਬਕਾ ਸਰਪੰਚ ਤੇਜਿੰਦਰ ਸਿੰਘ ਬਿੱਲੂ ਕਲਾਰਾਂ, ਕੇਸਰ ਸਿੰਘ ਸਮਾਣਾ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ ਅਤੇ ਸਕਿੰਦਰ ਸਿੰਘ ਸਹੇੜੀ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਚਮਕੌਰ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਰਕਰ ਹਾਜ਼ਰ ਸਨ।

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮੀਟਿੰਗ



ਮੋਰਿੰਡਾ (ਨਿਹਾਲ ਸਿੰਘ ਕਲਸੀ)- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ ਦੀ ਪ੍ਰਧਾਨਗੀ ਹੇਠ ਦਾਣਾ ਮੰਡੀ ਮੋਰਿੰਡਾ ਵਿਖੇ ਹੋਈ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜਸਵਿੰਦਰ ਸਿੰਘ ਕਈਨੌਰ ਅਤੇ ਸੁਖਜੰਤ ਸਿੰਘ ਕੋਟਲੀ ਨੇ ਦੱਸਿਆ ਕਿ ਮੀਟਿੰਗ ਵਿੱਚ ਕਈ ਕਿਸਾਨੀ ਮਸਲੇ ਵਿਚਾਰੇ ਗਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਗੁਰਚਰਨ ਸਿੰਘ ਢੋਲਣ ਮਾਜਰਾ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਐਨ ਪੀ ਕੇ ਖਾਦ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਕਿਸਾਨਾਂ ਨੂੰ ਆਰਥਿਕ ਨੁਕਸਾਨ ਪਹੁੰਚਾਇਆ ਹੈ। ਇਹ ਵਾਧਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਖਾਦਾਂ ਅਤੇ ਦਵਾਈਆਂ ਦੇ ਰੇਟ ਬਹੁਤ ਵਧਾਏ ਜਾਂਦੇ ਹਨ ਜਦੋਂ ਕਿ ਫਸਲਾਂ ਦੇ ਭਾਅ ਵਿੱਚ ਨਿਗੂਣਾ ਵਾਧਾ ਕੀਤਾ ਜਾਂਦਾ ਹੈ। ਇਸ ਮੌਕੇ ਸ੍ਰੀ ਚਲਾਕੀ ਅਤੇ ਅਵਤਾਰ ਸਿੰਘ ਸਹੇੜੀ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੰਯੁਕਤ ਕਿਸਾਨ ਮੋਰਚੇ ਵੱਲੋਂ ਤਜਵੀਜ ਕੀਤੀ ਦਿੱਲੀ ਕਿਸਾਨੀ ਮੋਰਚੇ ਦੀ ਵਰੇਗਢ ਮਨਾਉਂਦੇ ਹੋਏ 26 ਜਨਵਰੀ ਨੂੰ ਪਟਿਆਲਾ ਰੈਲੀ ਵਿੱਚ ਪਹੁੰਚਣ ਦੀ ਬੇਨਤੀ ਕੀਤੀ। ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦੀਆਂ ਤਰੀਕਾਂ ਵਿੱਚ ਵਾਧਾ ਕੀਤਾ ਜਾਣਾ ਚਾਹੀਦਾ ਹੈ ਅਤੇ ਡੀਏਪੀ ਖਾਦ ਜ਼ਿਲ੍ਹਾ ਰੋਪੜ ਵਿੱਚ ਮੰਗ ਅਨੁਸਾਰ ਮਿਲਣਾ ਚਾਹੀਦਾ ਹੈ। ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਫਸਰ ਇਕਬਾਲ ਸਿੰਘ ਨੇ ਕਿਸਾਨਾਂ ਨੂੰ ਕਣਕ ਦੀ ਬਿਜਾਈ ਤੇ ਵਰਤਨ ਵਾਲੀਆਂ ਖਾਦਾਂ ਦਵਾਈਆਂ ਆਦਿ ਪਾਉਣ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮਹਿੰਦਰ ਸਿੰਘ, ਨੇਤਰ ਸਿੰਘ ਰੋਣੀ, ਕਰਨੈਲ ਸਿੰਘ ਡੂਮਛੇੜੀ, ਕੇਵਲ ਸਿੰਘ, ਗੁਰਦੀਪ ਸਿੰਘ ਰਸੂਲਪੁਰ, ਕਰਨੈਲ ਸਿੰਘ ਰਸੀਦਪੁਰ, ਜਗੀਰ ਸਿੰਘ ਵਜੀਦਪੁਰ, ਕੁਲਵੰਤ ਸਿੰਘ ਸਲੇਮਪੁਰ, ਮੋਹਨ ਸਿੰਘ ਸੱਖੋ ਮਾਜਰਾ, ਭੁਪਿੰਦਰ ਸਿੰਘ ਮੁੰਡੀਆਂ, ਮਹਿੰਦਰ ਸਿੰਘ, ਭੁਪਿੰਦਰ ਸਿੰਘ ਢੋਲਣ ਮਾਜਰਾ, ਸ਼ਮਸ਼ੇਰ ਸਿੰਘ ਸੰਗਤਪੁਰਾ, ਕੁਲਬੀਰ ਸਿੰਘ ਦਾਤਾਰਪੁਰ, ਪਰਮਜੀਤ ਸਿੰਘ, ਗੁਰਨਾਮ ਸਿੰਘ ਕਾਂਜਲਾ, ਸੁਖਦੀਪ ਸਿੰਘ, ਰਘਬੀਰ ਸਿੰਘ, ਰਣਧੀਰ ਸਿੰਘ ਸੈਂਟੀ ਕਾਇਨੌਰ, ਸੰਤੋਖ ਸਿੰਘ ਕਲਹੇੜੀ, ਨਿਰਮਲ ਸਿੰਘ ਛੱਜੂ ਮਾਜਰਾ, ਕੁਲਵੰਤ ਸਿੰਘ ਮੁੰਡੀਆਂ, ਨੰਬਰਦਾਰ ਕਰਨੈਲ ਸਿੰਘ ਵਜੀਦਪੁਰ ਆਦਿ ਸ਼ਾਮਿਲ ਸਨ।

ਮੁਲਾਜ਼ਮ ਮੰਗਾਂ ਪ੍ਰਤੀ ਸਰਕਾਰ ਦੀ ਬੇਰੁਖੀ ਦਾ ਜਵਾਬ ਚੋਣਾਂ ਵਿੱਚ ਦੇਣ ਲਈ ਤਿਆਰ : ਚੌਂਟਾਲਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਮੁਲਾਜ਼ਮ ਮੰਚ ਅਤੇ ਸਾਂਝੀ ਤਾਲਮੇਲ ਕਮੇਟੀ ਵੱਲੋਂ ਉਲੀਕੇ ਗਏ ਪ੍ਰੋਗਰਾਮ ਤਹਿਤ ਸੰਗਰੂਰ ਵਿਖੇ19 ਨਵੰਬਰ ਤੱਕ ਲਗਾਏ ਜਾ ਰਹੇ ਪੱਕੇ ਮੋਰਚੇ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਬੰਧੀ ਯੂਨੀਅਨ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਂਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਦੀ ਅਗਵਾਈ ਹੇਠ ਹੋਈ।

ਮੀਟਿੰਗ ਦੌਰਾਨ ਆਗੂਆਂ ਨੇ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਟਾਲਮਟੋਲ ਦੀ ਨੀਤੀ ਦੀ ਸਖ਼ਤ ਨਿਖੇਧੀ ਕੀਤੀ। ਆਗੂਆਂ ਨੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਣਦਾ ਬਕਾਇਆ ਜਲਦ ਜਾਰੀ ਕੀਤਾ ਜਾਵੇ, ਪੈਨਸ਼ਨਰਾਂ ਲਈ 2.59 ਗੁਣਾਂਕ ਦਾ ਫਾਰਮੂਲਾ ਲਾਗੂ ਕੀਤਾ ਜਾਵੇ, ਪੇਅ-ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕੀਤੀਆਂ ਜਾਣ ਅਤੇ 17 ਜੁਲਾਈ 2020 ਅਤੇ 15 ਜਨਵਰੀ 2015 ਦੇ ਪੱਤਰ ਵਾਪਸ ਲਏ ਜਾਣ। ਇਸ ਤੋਂ ਇਲਾਵਾ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਅਤੇ ਅਦਾਲਤਾਂ ਦੇ ਫ਼ੈਸਲਿਆਂ ਨੂੰ ਲਾਗੂ ਕਰਨ ਦੀ ਮੰਗ,ਮਿੱਡ-ਡੇ-ਮੀਲ ਵਰਕਰਾਂ ਅਤੇ ਆਸ਼ਾ ਵਰਕਰਾਂ ਦੇ ਮਾਨ ਭੱਤੇ ਵਿੱਚ ਵਾਧਾ ਕਰਨ ਦੀ ਮੰਗ ਵੀ ਉਠਾਈ ਗਈ। ਜੇਕਰ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਤਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਸਰਕਾਰ ਨੂੰ ਇਸ ਦਾ ਸਿਆਸੀ ਖਮਿਆਜ਼ਾ ਭੁਗਤਣਾ ਪਵੇਗਾ।

ਆਗੂਆਂ ਨੇ ਦੱਸਿਆ ਕਿ ਸੰਗਰੂਰ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਦੌਰਾਨ 19 ਨਵੰਬਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੀ ਸ਼ਮੂਲੀਅਤ ਦੀ ਵਾਰੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਸੁਨੀਲ ਸ਼ਰਮਾ,ਪ੍ਰਿੰਸ ਪਲਿਆਲ ਗੜ੍ਹਦੀਵਾਲਾ,ਵਿਕਾਸ ਸ਼ਰਮਾ,ਰਜਤ ਮਹਾਜਨ, ਲੈਕਚਰਾਰ ਅਮਰ ਸਿੰਘ, ਵਰਿੰਦਰ ਵਿੱਕੀ,ਨਰਿੰਦਰ ਅਜਨੋਹਾ, ਅਸ਼ਵਨੀ ਰਾਣਾ, ਰਣਵੀਰ ਸਿੰਘ, ਪਰਮਜੀਤ ਕਾਂਤਿਬ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਤੀਸ਼ ਕੁਮਾਰ,ਸਤਵਿੰਦਰ ਸਿੰਘ ਮਾਹਿਲਪੁਰ,ਜਸਵਿੰਦਰ ਬੁੱਲ੍ਹੋਵਾਲ, ਉਮੇਸ਼ ਕੁਮਾਰ,ਲੈਕਚਰਾਰ ਪਵਨ ਗੋਇਲ,ਅਮਰਜੀਤ ਸਿੰਘ, ਨਰੇਸ਼ ਮਿੱਡਾ, ਮਨਜੀਤ ਸਿੰਘ ਬੱਬੀ, ਗੁਰਦੀਪ ਸਿੰਘ ਖੁਣ ਖੁਣ, ਮਨਜਿੰਦਰ ਸਿੰਘ ਢਾਂਡਾ,ਰਣਵੀਰ ਸਿੰਘ, ਸੰਦੀਪ ਕੁਮਾਰ,ਅਸ਼ੋਕ ਕੁਮਾਰ, ਜਸਵੰਤ ਸਿੰਘ,ਸਚਿਨ ਕੁਮਾਰ, ਰਾਜੇਸ਼ ਅਰੋੜਾ,ਬਲਵਿੰਦਰ ਟਾਕ, ਪਰਸ ਰਾਮ, ਮਨਜੀਤ ਸਿੰਘ, ਓਂਕਾਰ ਸਿੰਘ,ਮਨੋਜ ਰਤਨ,ਰਾਜ ਕੁਮਾਰ, ਦਵਿੰਦਰ ਸਿੰਘ, ਚਮਨ ਲਾਲ, ਅਮਰਜੀਤ ਸਿੰਘ,ਅਨੁਪਮ ਰਤਨ ਅਤੇ ਕਮਲਦੀਪ ਸਿੰਘ ਆਦਿ ਹਾਜ਼ਰ ਸਨ।

ਮਾਨ ਨੇ ਨਵ-ਵਿਆਹੀ ਜੋੜੀ ਨੂੰ ਦਿੱਤਾ ਆਸ਼ੀਰਵਾਦ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਇਟਲੀ ਦੇ ਜਥੇਦਾਰ ਬਘੇਲ ਸਿੰਘ ਦੀ ਭਾਣਜੀ ਬੀਬੀ ਦਿਲਪ੍ਰੀਤ ਕੌਰ ਦੇ ਪੁਨੀਤ ਸਿੰਘ ਸੈਣੀ ਨਾਲ ਆਨੰਦ ਕਾਰਜ ਮੌਕੇ ਪਾਰਟੀ ਦੇ ਕੌਮੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਨਵ-ਵਿਆਹੀ ਜੋੜੀ ਨੂੰ ਆਪਣਾ ਆਸ਼ੀਰਵਾਦ ਦਿੰਦਿਆਂ ਸੁਖਮਈ, ਖੁਸ਼ਹਾਲ ਅਤੇ ਚੜ੍ਹਦੀ ਕਲਾ ਭਰੇ ਗ੍ਰਹਿਸਥ ਜੀਵਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਹੁਸ਼ਿਆਰਪੁਰ ਦੇ ਟਾਂਡਾ ਰੋਡ ਸਥਿਤ ਮਹਾਰਾਜਾ ਫਾਰਮਜ਼ ਵਿਖੇ ਹੋਏ ਇਸ ਵਿਆਹ ਸਮਾਗਮ ਦੌਰਾਨ ਸ. ਸਿਮਰਨਜੀਤ ਸਿੰਘ ਮਾਨ ਨੇ ਪਰਵਾਰਕ ਮੈਂਬਰਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਵਿਆਹ ਦੀਆਂ ਮੁਬਾਰਕਾਂ ਦਿੱਤੀਆ। ਇਸ ਮੌਕੇ ਡਾ. ਹਰਜਿੰਦਰ ਸਿੰਘ ਜਖੂ, ਗੁਰਨਾਮ ਸਿੰਘ ਸਿੰਗੜੀਵਾਲਾ, ਬਘੇਲ ਸਿੰਘ ਇਟਲੀ, ਗੁਰਦੀਪ ਸਿੰਘ ਖੁਣ ਖੁਣ, ਉਪਿੰਦਰ ਪ੍ਰਤਾਪ ਸਿੰਘ (ਨਿੱਜੀ ਸਹਾਇਕ, ਸਿਮਰਨਜੀਤ ਸਿੰਘ ਮਾਨ) ਰਮਨਦੀਪ ਸਿੰਘ, ਹਰਵਿੰਦਰ ਸਿੰਘ ਹੀਰਾ, ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪ੍ਰਿੰਸੀਪਲ ਗੁਰਨਾਮ ਸਿੰਘ, ਮਾਸਟਰ ਜਰਨੈਲ ਸਿੰਘ ਧੀਰ, ਸਤਵੰਤ ਸਿੰਘ ਹਰਿਆਣਾ ਤੇ ਜਸਵੀਰ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

ਅੱਖਾਂ ਦਾ ਫ੍ਰੀ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ 21 ਨੂੰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ



ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰੇਟਰੀ ਚੁਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਵੱਖ ਵੱਖ ਬੁਲਾਰਿਆਂ ਨੇ ਆਪ ਦੇ ਸੁਪਰੀਮੋ ਕੇਜਰੀਵਾਲ ਅਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਤੋਂ ਜ਼ੋਰਦਾਰ ਆਵਾਜ਼ ਵਿੱਚ ਮੰਗ ਕੀਤੀ ਕਿ ਹਲਕਾ ਸ੍ਰੀ ਚਮਕੌਰ ਸਾਹਿਬ ਦੀ ਸੀਟ ਤੋਂ ਐਲਾਨੇ ਉਮੀਦਵਾਰ ਨੂੰ ਮੁੜ ਤੋਂ ਵਿਚਾਰਿਆ ਜਾਵੇ ਕਿਉਂਕਿ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਡਾ. ਚਰਨਜੀਤ ਸਿੰਘ ਵੱਲੋਂ ਸ਼ਲਾਘਾਯੋਗ ਕੰਮ ਕੀਤੇ ਹੋਏ ਹਨ। ਬੁਲਾਰਿਆਂ ਨੇ ਕਿਹਾ ਕਿ 2022 ਵਿੱਚ ਡਾ ਚਰਨਜੀਤ ਸਿੰਘ ਵੱਲੋਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਹਰਾ ਕੇ ਇਹ ਸੀਟ ਆਪ ਦੀ ਝੋਲੀ ਵਿੱਚ ਪਾਈ ਸੀ।

ਉਨ੍ਹਾਂ ਪਾਰਟੀ ਹਾਈਕਮਾਨ ਤੋਂ ਮੰਗ ਕੀਤੀ ਹੈ ਇਸ ਸੀਟ ਨੂੰ ਮੁੜ ਤੋਂ ਵਿਚਾਰ ਕੇ ਟਿਕਟ ਡਾ ਚਰਨਜੀਤ ਸਿੰਘ ਨੂੰ ਐਲਾਨੀ ਜਾਵੇ। ਇਸ ਮੌਕੇ ਖਰੜ ਬਲਾਕ ਸੰਮਤੀ ਦੇ ਵਾਈਸ ਚੇਅਰਮੈਨ ਨਿਰਪਾਲ ਸਿੰਘ ਮੰਡੇਰ, ਸ਼ੂਗਰ ਮਿੱਲ ਮੋਰਿੰਡਾ ਦੇ ਵਾਈਸ ਚੇਅਰਮੈਨ ਸਤਵਿੰਦਰ ਸਿੰਘ ਬੁੱਗਾ ਚੈੜੀਆਂ, ਸਕੱਤਰ ਜਗਤਾਰ ਸਿੰਘ ਘੜੂੰਆਂ, ਵਰਿੰਦਰ ਸਿੰਘ, ਮਹਿਲਾ ਆਗੂ ਮਨਜੀਤ ਕੌਰ, ਪ੍ਰੋਫੈਸਰ ਦਿਲਜੋਤ ਕੌਰ, ਸਪਨਾ ਛਾਬੜਾ, ਰੁਪਿੰਦਰ ਕੌਰ ਅਤੇ ਗੁਰਪ੍ਰੀਤ ਕੌਰ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਮੋਰਿੰਡਾ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਰਕਰ ਹਾਜ਼ਰ ਸਨ।

ਇਸ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਲਾਨਾ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

ਨੇ ਦੱਸਿਆ ਕਿ ਸ਼ਹੀਦ ਭਾਈ ਪਰਮਿੰਦਰ ਸਿੰਘ ਝੋਟਾ ਦੀ ਨਿੱਘੀ ਯਾਦ 'ਚ 8 ਵਾਂ ਅੱਖਾਂ ਦਾ ਫ੍ਰੀ ਚੈਕਅੱਪ ਤੇ ਆਪ੍ਰੇਸ਼ਨ ਕੈਂਪ ਲਾਇਨਜ਼ ਕਲੱਬ ਆਦਮਪੁਰ ਤੇ ਲਾਇਨਜ਼ ਆਈ ਹਸਪਤਾਲ ਸੋਸਾਇਟੀ ਆਦਮਪੁਰ ਵੱਲੋਂ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਸੰਸਥਾ ਰਜਿ.ਅਜਨੋਹਾ ਅਤੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਤੇ ਲੈਬੋਰੇਟਰੀ ਪਿੰਡ ਨਰੂੜ ਦੇ ਸਹਿਯੋਗ ਨਾਲ 21 ਨਵੰਬਰ 2026 ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 02 ਵਜੇ ਤੱਕ ਗੁਰਦੁਆਰਾ ਧਰਮਗੜ੍ਹ ਸਾਹਿਬ ਪਿੰਡ ਹੁੱਕੜਾਂ ਵਿਖੇ ਲਗਾਇਆ ਜਾ ਰਿਹਾ ਹੈ । ਅੱਖਾਂ ਦੇ ਕੈਂਪ ਵਿੱਚ ਲਾਇਨਜ਼ ਆਈ ਹਸਪਤਾਲ ਆਦਮਪੁਰ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈਕ ਅੱਪ ਕਰਕੇ ਫਰੀ ਵਿੱਚ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਲੋੜ ਅਨੁਸਾਰ ਮਰੀਜ਼ਾਂ ਦੇ ਫਰੀ ਵਿੱਚ ਆਪਰੇਸ਼ਨ ਵੀ ਕੀਤੇ ਜਾਣਗੇ।ਇਸ ਮੌਕੇ ਹਾਜ਼ਰ ਗੁਰੂ ਘਰ ਵਜ਼ੀਰ ਬਲਵੀਰ ਸਿੰਘ,ਸੰਸਥਾ ਮੁੱਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਜਤਿੰਦਰ ਸਿੰਘ ਰਾਣਾ ਖਾਲਸਾ ਮੁਖਲਿਆਣਾ, ਭੁਪਿੰਦਰ ਸਿੰ

ਮਾਨ ਸਰਕਾਰ ਵੱਲੋਂ ਕਰਵਾਏ ਵਿਕਾਸ ਦੇ ਕੰਮਾਂ ਨੂੰ ਲੈ ਕੇ ਜਾਵਾਂਗੇ ਲੋਕਾਂ ਦੀ ਕਚਹਿਰੀ : ਗੜ੍ਹੀ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਮਾਨ ਸਰਕਾਰ ਵਲੋਂ ਕਰਵਾਏ ਵਿਕਾਸ ਦੇ ਕੰਮਾਂ ਨੂੰ ਲੈ ਕੇ ਜਾਵਾਂਗੇ ਲੋਕਾਂ ਦੀ ਕਚਹਿਰੀ । ਇਹਨਾਂ ਸਬਦਾ ਦਾ ਪ੍ਰਗਟਾਵਾ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ



ਉਮੀਦਵਾਰ ਜਸਵੀਰ ਸਿੰਘ ਗੜ੍ਹੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵਲੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਮੈਨੂੰ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਉਮੀਦਵਾਰ ਵਜੋਂ ਮੈਦਾਨ ਵਿਚ ਉਤਾਰਿਆ ਹੈ, ਉਹਦੇ ਲਈ ਮੈਂ ਮਾਨਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਤੇ ਨੈਸ਼ਨਲ ਕਵੀਨਰ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਾ ਹਾਂ। ਉਹਨਾਂ ਕਿਹਾ ਕਿ ਲਗਭਗ 80 ਦਿਨ ਪਹਿਲਾਂ ਪਾਰਟੀ ਨੇ ਮੈਨੂੰ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਇੰਚਾਰਜ ਲਗਾਇਆ ਸੀ ਤਾਂ ਹਲਕੇ ਦੇ ਪਾਰਟੀ ਵਰਕਰਾਂ ਨੇ ਮੇਰਾ ਪੂਰਾ ਸਾਥ ਦਿੱਤਾ ਅਤੇ ਮੈਨੂੰ ਪੂਰੀ ਆਸ ਹੈ ਕਿ ਇਹ ਸਾਥ ਅੱਗੇ ਵੀ ਇਸੇ ਤਰ੍ਹਾ ਜਾਰੀ ਰਹੇਗਾ । ਮੈਂ ਪਾਰਟੀ ਦੇ ਸਮੂੱਚੇ ਵਰਕਰ, ਲੀਡਰ ਸਾਹਿਬਾਨ, ਵਲੰਟੀਅਰ ਸਾਹਿਬਾਨ ਦਾ ਵੀ ਧੰਨਵਾਦ ਕਰਦਾ ਹਾਂ ।

ਉਹਨਾਂ ਕਿਹਾ ਕਿ ਕੱਲ ਗੁਰਦੁਆਰਾ ਕਤਲਗੜ੍ਹ ਸਾਹਿਬ ਸ੍ਰੀ ਚਮਕੌਰ ਸਾਹਿਬ ਵਿਖੇ ਅਸੀਂ ਨਤਮਸਤਕ ਹੋਵਾਂਗੇ ਤੇ ਪਾਰਟੀ ਦੇ ਦਫਤਰ ਦਾ ਜਿਹੜਾ ਉਦਘਾਟਨ ਕਰਾਂਗੇ। ਉਹਨਾਂ ਕਿਹਾ ਕਿ ਹਲਕੇ ਦੇ ਉਮੀਦਵਾਰ ਵਜੋਂ ਮੋਰਿੰਡਾ ਵਿੱਚ ਮੇਰੀ ਪਹਿਲੀ ਪ੍ਰੈਸ ਮਿਲਨੀ ਹੈ ।ਇਸ ਮੌਕੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਹਰਜੀਤ ਸਿੰਘ ਸੋਢੀ,ਗੁਪਿੰਦਰ ਸਿੰਘ ਭਿੰਚਰਾ, ਮਾਰਕੀਟ ਕਮੇਟੀ ਦੇ ਚੇਅਰਮੈਨ ਕੇਸਰ ਸਿੰਘ ਸਮਾਣਾ, ਸ਼ੂਗਰਮਿਲ ਦੇ ਚੇਅਰਮੈਨ ਸੁਖਜਿੰਦਰ ਸੋਹੀ ਵਾਈਸ ਚੇਅਰਮੈਨ ਚੇੜ੍ਹੀਆ, ਆਰ ਡੀ ਚੌਹਾਨ ਆਦਿ ਸਮੇਤ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਹਾਜ਼ਰ ਸਨ।

ਸਾਲਾਨਾ ਭਗਵਤੀ ਜਾਗਰਣ ਕਰਵਾਇਆ

ਅੱਡਾ ਸਰਾਂ (ਜਸਵੀਰ ਕਾਜਲ)- ਪਿੰਡ ਕੰਧਾਲੀ ਨੰਗੌਰ ਪੁਰ ਵਿਖੇ ਬਾਬਾ ਸਿੱਧ ਚਰਨੋ ਕੱਲਬ ਵਲੋ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਾਲਾਨਾ ਭਗਵਤੀ ਜਾਗਰਣ ਕਰਵਾਇਆ ਗਿਆ। ਇਸ ਮੌਕੇ ਮਾਤਾ ਚਿੰਤਪੁਰਨੀ ਜੀ ਦਾ ਸੋਹਣਾ ਸੁੰਦਰ ਭਵਨ ਬਣਾਇਆ



ਗਿਆ ਅਤੇ ਮਾਤਾਂ ਜੀ ਜੋਤ ਪ੍ਰਚੰਡ ਕਰਨ ਉਪਰੰਤ ਪੰਜਾਬ ਦੀ ਮਸ਼ਹੂਰ ਜਾਗਰਣ ਪਾਰਟੀ ਕੁਲਦੀਪ ਕੂਕੀ ਰੰਜੂ ਰਿਹਾਣ ਹਾਜੀਪੁਰ ਨੇ ਮਾਤਾ ਜੀ ਦੀ ਆਰਤੀ ਕਰਨ ਉਪਰੰਤ ਸਰਬਤ ਦੇ ਭਲੇ ਦੀ ਅਰਦਾਸ ਕੀਤੀ। ਇਨ੍ਹਾਂ ਤੋ ਇਲਾਵਾ ਪੰਜਾਬ ਦੀ ਮਸਹੂਰ ਅਵਾਜ਼ ਪ੍ਰਿਤੀ ਸੀਲੋ ਨੇ ਮਾਤਾ ਜੀ ਦੀਆਂ ਭੇਟਾਂ ਦਾ ਸਾਰੀ ਰਾਤ ਗੁਣਗਾਨ ਕੀਤਾ। ਇਸ ਮੌਕੇ ਵੱਖ ਵੱਖ ਦਰਬਾਰ ਦੇ ਸੰਤ ਮਹਾਪੁਰਸ਼ ਵੀ ਹਾਜਰ ਸਨ ਇਸ ਮੌਕੇ ਸੰਗਤਾਂ ਵਾਸਤੇ ਚਾਹ ਪਕੌੜਿਆ ਤੋ ਇਲਾਵਾ ਫ਼ਰੂਟ ਦਾ ਲੰਗਰ ਵੀ ਲਗਾਇਆ ਗਿਆ ਅਤੇ ਨਗਰ ਦੀਆਂ ਸੰਗਤਾਂ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਵੀ ਹਾਜਰ ਸਨ। ਮਾਤਾ ਦਾ ਅਤੁੱਟ ਲਗਰ ਵੀ ਵਰਤਾਇਆ ਗਿਆ ਇਸ ਮੌਕੇ ਬਲਵੀਰ ਸਿੰਘ, ਮਲਕੀਅਤ ਸਿੰਘ, ਬੂਟਾ ਸਿੰਘ ਕਾਜਲ, ਹਰਪ੍ਰੀਤ ਸਿੰਘ, ਏ ਐੱਸ ਆਈ ਸਰਬਜੀਤ ਸਿੰਘ, ਰਾਮ ਬਲੀ ਸਿੰਘ, ਉਕਾਰ ਸਿੰਘ,ਬੱਗਾ, ਅਵਤਾਰ ਸਿੰਘ, ਸਤਨਾਮ ਸਿੰਘ, ਭਗਵਾਨ ਦਾਸ, ਬਖਸ਼ੀ, ਗੁਰਦੀਪ ਸਿੰਘ, ਹੈਪੀ, ਰੈਪੀ, ਗਗਨ ਆਦਿ ਹਾਜ਼ਰ ਸਨ।

ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਲਈ ਮੀਟਿੰਗ

ਬਲਾਚੌਰ (ਜਸਵਿੰਦਰ ਬੈਂਸ) ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਾਲ ਸ਼ੋਭਾ ਯਾਤਰਾ ਦੇ ਪ੍ਰਬੰਧਾਂ ਅਤੇ ਤਿਆਰੀਆਂ ਸਬੰਧੀ ਬਲਾਚੌਰ ਦੇ ਬਾਬਾ ਵਿਸ਼ਵਕਰਮਾ ਮੰਦਰ ਵਿਖੇ ਸੁਰਿੰਦਰ ਪਨੇਸਰ ਦੀ ਰਹਿਨੁਮਾਈ ਹੇਠ ਇੱਕ ਅਹਿਮ ਬੈਠਕ ਕੀਤੀ ਗਈ। ਇਸ ਮੌਕੇ ਸ਼ੋਭਾ ਯਾਤਰਾ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸੰਚਾਲਨ ਸੰਮਤੀ ਦਾ ਗਠਨ ਕੀਤਾ ਗਿਆ। ਇਸ ਮੌਕੇ ਯਾਤਰਾ ਦੇ ਜ਼ਿਲ੍ਹਾ ਸੰਯੋਜਕ ਪਰਮਜੀਤ ਰੁੱਤੇਵਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਯਾਤਰਾ ਦਾ ਸ਼ੁਭ ਆਰੰਭ 22 ਨਵੰਬਰ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਤਪੋਭੂਮੀ ਤੋਂ ਅਸ਼ੀਰਵਾਦ ਪ੍ਰਾਪਤ ਕਰਨ ਉਪਰੰਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ 22 ਨਵੰਬਰ ਨੂੰ ਸ਼ੋਭਾ ਯਾਤਰਾ ਸਿਘਪੁਰ, ਝੰਡੂਪੁਰ, ਮਾਲੇਵਾਲ ਕੰਢੀ, ਮੰਗੂਪੁਰ, ਭੱਦੀ, ਥੋਪੀਆ, ਉਧਨਵਾਲ, ਰੱਤੇਵਾਲ ਅਤੇ ਕਾਠਗੜ੍ਹ ਤੋਂ ਹੁੰਦੀ ਹੋਈ ਬਲਾਚੌਰ ਪਹੁੰਚੇਗੀ, ਜਿੱਥੇ ਰਾਤ ਦਾ ਵਿਸ ਰਾਮ ਕੀਤਾ ਜਾਵੇਗਾ।ਦੂਜੇ ਦਿਨ 23 ਨਵੰਬਰ ਨੂੰ ਯਾਤਰਾ ਮਜਾਰੀ, ਸਾਹਿਬਾ, ਸੜੋਆ ਅਤੇ ਸਮੁੰਦੜਾ ਤੋਂ ਹੁੰਦੀ ਹੋਈ ਗੜ੍ਹਸ਼ੰਕਰ



ਰਾਹੀਂ ਮਾਹਿਲਪੁਰ ਪਹੁੰਚੇਗੀ। ਤੀਜੇ ਦਿਨ 24 ਨਵੰਬਰ ਨੂੰ ਯਾਤਰਾ ਪੰਚ ਨੰਗਲਾਂ, ਮਾਹਿਲ ਗਹਿਲਾਂ, ਖਮਾਚੋਂ ਅਤੇ ਮੁਕੰਦਪੁਰ ਤੋਂ ਹੁੰਦੀ ਹੋਈ ਬੰਗਾ ਪਹੁੰਚੇਗੀ, ਜਿੱਥੇ ਰਾਤ ਦਾ ਵਿਸ਼ਰਾਮ ਹੋਵੇਗਾ।ਚੌਥੇ ਦਿਨ 25 ਨਵੰਬਰ ਨੂੰ ਯਾਤਰਾ ਮਹਿਦਪੁਰ, ਨਵਾਂ ਸ਼ਹਿਰ, ਲੰਗੜੋਆ, ਜਾਡਲਾ, ਪੱਲੀਆਂ ਖੁਰਦ ਅਤੇ ਰਾਹੋਂ ਤੋਂ ਹੁੰਦੀ ਹੋਈ ਆਪਣੇ ਅਗਲੇ ਪੜਾਅ ਨਗਰ ਪਹੁੰਚੇਗੀ।ਹਲਕਾ ਬਲਾਚੌਰ ਲਈ ਪ੍ਰਬੰਧ ਪ੍ਰਮੁੱਖ ਰਣਦੀਪ ਕੌਸ਼ਲ ਅਤੇ ਆਯੋਜਕ ਰਜੀਵ ਆਨੰਦ, ਹਲਕਾ ਗੜ੍ਹਸ਼ੰਕਰ ਲਈ ਪ੍ਰਬੰਧ ਪ੍ਰਮੁੱਖ ਗੁੜਾਕੇਸ਼ ਅਤੇ ਆਯੋਜਕ ਜਸਵੀਰ ਸਿੰਘ, ਹਲਕਾ ਬੰਗਾ ਲਈ ਪ੍ਰਬੰਧ ਪ੍ਰਮੁੱਖ ਵਰੁਣ ਜੈਨ ਅਤੇ ਆਯੋਜਕ ਡਾ. ਬਲਵੀਰ ਸ਼ਰਮਾ ਅਤੇ ਹਲਕਾ ਨਵਾਂ ਸ਼ਹਿਰ ਲਈ ਪ੍ਰਬੰਧ ਪ੍ਰਮੁੱਖ ਰਮਨ ਮਲਹੋਤਰਾ ਅਤੇ ਆਯੋਜਕ ਸਤਨਾਮ ਸਹਿਜਲ ਨੂੰ ਜ਼ਿੰਮੇਵਾਰੀਆਂ ਸੌਪੀਆਂ ਗਈਆਂ।22 ਨਵੰਬਰ ਨੂੰ ਬਲਾਚੌਰ ਹਲਕੇ ਵਿੱਚ ਸ਼ੋਭਾ ਯਾਤਰਾ ਦੇ ਸਵਾਗਤ, ਪ੍ਰਬੰਧਾਂ ਅਤੇ ਹੋਰ ਜ਼ਿੰਮੇਵਾਰੀਆਂ ਨੂੰ ਨਿਭਾਉਣ ਲਈ ਜਗਦੀਸ਼ ਕਪਿਲ, ਸੁਰਿੰਦਰ ਪਨੇਸਰ, ਬਲਵੰਤ ਕਿਸ਼ੋਰ, ਪ੍ਰਦੀਪ ਰਾਣਾ, ਪ੍ਰਦੀਪ ਨਾਗਪਾਲ, ਨੰਦ ਕਿਸ਼ੋਰ, ਸ਼ੇਖਰਪਾਲ ਬੈਂਸ, ਲਲਿਤ ਰਾਣਾ, ਵਿਸ਼ਵ ਰਾਜ ਕੌਸ਼ਲ, ਸੋਮਨਾਥ ਤਕਲਾ, ਹਰਵਿੰਦਰ ਪਾਲ ਸਿੰਘ, ਰਿੰਕੀ ਬਜਾਜ, ਨਵੀਨ ਸੰਦੇਸ਼ ਮੋਦਗਿਲ, ਅਮਰਜੀਤ ਸਿੰਘ, ਮਹਿੰਦਰ ਪਾਲ, ਅਰਿਦਰ ਸਿੰਘ, ਅਰੁਣਾ ਪਾਠਕ, ਸੁਨੀਤਾ ਵਾਸੁਦੇਵ, ਨਿੰਮੀ, ਜਸਵਿੰਦਰ ਸੋਢੀ, ਯੋਗੇਸ਼ ਮਲਹੋਤਰਾ, ਸੰਜੀਵ ਕੁਮਾਰ, ਪਰਵਿੰਦਰ ਸਿੰਘ ਲਾਲੀ, ਵਰਿੰਦਰ ਭੁੰਬਲਾ, ਅਨੂਪ ਕੁਮਾਰ, ਡਾ. ਸੰਦੇਸ਼ ਮੰਗੂਪੁਰ, ਮਨੋਹਰ ਲਾਲ ਥੋਪੀਆ ਅਤੇ ਨਰੇਸ਼ ਕੁਮਾਰ ਨੂੰ ਵੱਖ-ਵੱਖ ਜ਼ਿੰਮੇਵਾਰੀਆਂ ਸੌਪੀਆਂ ਗਈਆਂ।

ਹੈਰੋਇਨ ਦਾ ਨਸ਼ਾ ਕਰਦਾ ਨੌਜਵਾਨ ਕਾਬੂ

ਅਲਾਵਲਪੁਰ (ਮਦਨ ਬੰਗੜ)- ਪੁਲਸ ਥਾਣਾ ਆਦਮਪੁਰ ਅਧੀਨ ਪੈਂਦੀ ਪੁਲਿਸ ਚੌਕੀ ਅਲਾਵਲਪੁਰ ਦੀ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਹੈਰੋਇਨ ਦਾ ਨਸ਼ਾ ਕਰਦਿਆਂ ਕਾਬੂ ਕਰਨ ਦਾ ਸਮਾਚਾਰ



ਪ੍ਰਾਪਤ ਹੋਇਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਸ ਚੌਕੀ ਅਲਾਵਲਪੁਰ ਦੇ ਇੰਚਾਰਜ ਐੱਸ ਆਈ ਸਿਮਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਦੀ ਹੋਈ ਅਲਾਵਲਪੁਰ ਤੋਂ ਬਿਆਸ ਪਿੰਡ ਵੱਲ ਜਾ ਰਹੀ ਸੀ। ਇਸ ਦੌਰਾਨ ਜਦੋਂ ਪੁਲਿਸ ਪਾਰਟੀ ਅਲਾਵਲਪੁਰ ਦੇ ਸ਼ਮਸ਼ਾਨਘਾਟ ਨੇੜੇ ਪਹੁੰਚੀ ਤਾਂ ਚਾਰਦੀਵਾਰੀ ਅੰਦਰ ਸੀਮਿੰਟ ਦੇ ਬੈਂਚ 'ਤੇ ਬੈਠੇ ਇੱਕ ਨੌਜਵਾਨ ਦੀ ਸ਼ੱਕ ਦੇ ਆਧਾਰ 'ਤੇ ਜਾਂਚ ਕੀਤੀ ਗਈ। ਪੁਲਿਸ ਅਨੁਸਾਰ ਉਕਤ ਨੌਜਵਾਨ ਪੰਨੀ ਉੱਪਰ ਨਸ਼ੀਲਾ ਪਦਾਰਥ ਰੱਖ ਕੇ 10 ਰੁਪਏ ਦੇ ਰੋਲ ਕੀਤੇ ਨੋਟ ਰਾਹੀਂ ਧੂੰਆਂ ਅੰਦਰ ਖਿੱਚ ਰਿਹਾ ਸੀ ਅਤੇ ਲਾਈਟਰ ਨਾਲ ਪੰਨੀ ਨੂੰ ਅੱਗ ਲਗਾ ਰਿਹਾ ਸੀ। ਪੁਲਸ ਨੇ ਉਸ ਨੂੰ ਮੌਕੇ 'ਤੇ ਕਾਬੂ ਕਰਕੇ ਉਸ ਕੋਲੋਂ ਹੈਰੋਇਨ ਨਾਲ ਲਿਬੜੀ ਪੰਨੀ, 10 ਰੁਪਏ ਦਾ ਰੋਲ ਕੀਤਾ ਹੋਇਆ ਨੋਟ, ਇੱਕ ਲਾਈਟਰ ਅਤੇ ਪਲਾਸਟਿਕ ਦੀ ਬੋਤਲ ਦਾ ਢੱਕਣ ਬਰਾਮਦ ਕੀਤਾ। ਪੁਲਸ ਵੱਲੋਂ ਮੁਲਜ਼ਮ ਦੀ ਪਛਾਣ ਮੁਹੰਮਦ ਜਾਹੂਰੁਲ ਉਰਫ਼ ਮੁਹੰਮਦ ਪੁੱਤਰ ਇਮਾਨ ਅਲੀ, ਵਾਸੀ ਲਾਜਵੰਤੀ ਨਗਰ, ਥਾਣਾ ਮਾਡਲ ਟਾਊਨ, ਹੁਸ਼ਿਆਰਪੁਰ, ਹਾਲ ਵਾਸੀ ਪਿੰਡ ਖੁਰਦਪੁਰ ਥਾਣਾ ਆਦਮਪੁਰ ਜ਼ਿਲ੍ਹਾ ਜਲੰਧਰ ਵਜੋਂ ਦੱਸੀ ਗਈ ਹੈ। ਪੁਲਸ ਨੇ ਮੁਲਜ਼ਮ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਤਲਵਿੰਦਰ ਹੀਰ ਨੂੰ ਮੀਡੀਆ ਕਮੇਟੀ ਮੈਂਬਰ ਨਿਯੁਕਤ ਕਰਨ 'ਤੇ ਕੀਤਾ ਧੰਨਵਾਦ

ਮਾਹਿਲਪੁਰ (ਸਫਰੀ)- ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਦੇ ਸਰਪ੍ਰਸਤ ਕੋਚ ਰਾਜਿੰਦਰ ਸ਼ਰਮਾ ਜੀ, ਪ੍ਰਧਾਨ ਗੁਰਦਿਆਲ ਸਿੰਘ ਬੈਂਸ, ਉਪ ਪ੍ਰਧਾਨ ਯਸ਼ਪਾਲ ਜੱਸੀ,ਮੁੱਖ ਸਲਾਹਕਾਰ ਦਲਜੀਤ ਸਿੰਘ ਬਿੱਟੂ ਤੇ ਉੱਘੇ ਫੁੱਟਬਾਲਰ ਸੰਦੀਪ ਸੈਣੀ,ਵੇਦ ਪ੍ਰਕਾਸ਼ ਮਨਜੀਤ ਸਿੰਘ ਖੁਰਦਪੁਰ, ਨਰਿਦਰ ਸਿੰਘ ਜਿਆਣ, ਸੁਰਿੰਦਰਪਾਲ ਸਿੰਘ ਲਿੱਧੜ, ਸਾਬੀ ਮਰੂਲਾ, ਸਰਬਜੀਤ ਚੰਦੇਲੀ, ਜਸਵਿੰਦਰ ਬੰਗਾ, ਕੁਲਦੀਪ ਸਿੰਘ ਪ੍ਰਵੀਨ ਕੁਮਾਰ, ਬਲਵੀਰ ਸਿੰਘ, ਜਸਵੀਰ ਸਿੰਘ ਨੇ ਆਪਣੀ ਸੁਸਾਇਟੀ ਦੇ ਸਰਗਰਮ ਮੈਂਬਰ ਤੇ ਸਮਾਜ ਸੇਵਕ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੂੰ ਪੰਜਾਬ ਫੁੱਟਬਾਲ ਐਸੋਸੀਏਸ਼ਨ ਵਲੋਂ ਮੀਡੀਆ ਕਮੇਟੀ ਦਾ ਮੈਂਬਰ ਨਿਯੁਕਤ ਕਰਨ ਤੇ ਪ੍ਰਧਾਨ ਮਹਾਰਾਜ ਕੁਮਾਰ ਸੂਰਿਆਜੀਤ ਸਿੰਘ,ਸਰਦਾਰ ਜਰਨੈਲ ਸਿੰਘ,ਸ੍ਰੀ ਵਿਜੇ ਬਾਲੀ ਤੇ ਹਰਜਿੰਦਰ ਸਿੰਘ ਜੱਗਾ ਸਮੇਤ



ਸਾਰੇ ਐਸੋਸੀਏਸ਼ਨ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਆਪਣੀ ਸੁਸਾਇਟੀ ਵਲੋਂ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਹਰ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਜ਼ਿਕਰਯੋਗ ਹੈ ਕਿ ਪੰਜਾਬ ਫੁੱਟਬਾਲ ਐਸੋਸੀਏਸ਼ਨ ਨੇ ਪਹਿਲਾਂ ਵੀ ਸੁਸਾਇਟੀ ਦੇ ਸਰਪ੍ਰਸਤ ਅਰਜਨਾ ਐਵਾਰਡੀ ਗੁਰਦੇਵ ਸਿੰਘ ਗਿੱਲ ਨੂੰ ਟ੍ਰਿਬਿਊਨਲ ਮੈਂਬਰ,ਉੱਘੇ ਫੁੱਟਬਾਲਰ ਦਲਜੀਤ ਸਿੰਘ ਬਿੱਟੂ ਨੂੰ ਟੈਕਨੀਕਲ ਕਮੇਟੀ ਦਾ ਕਨਵੀਨਰ ਤੇ ਫੁੱਟਬਾਲਰ ਮਨਜਿੰਦਰ ਸਿੰਘ ਨੂੰ ਜੂਨੀਅਰ ਟੀਮਾਂ ਦੀ ਚੋਣ ਕਮੇਟੀ ਦੇ ਮੈਂਬਰ ਦਾ ਅਹੁਦਾ ਦੇ ਕੇ ਨਿਵਾਜਿਆ ਹੈ।ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਨੇ ਆਪਣੇਂ ਸਾਥੀਆਂ ਦੀ ਨਿਯੁਕਤੀ ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ।

'ਔੜ 'ਤੇ ਬਰਸਾਤ' ਬਾਰੇ ਵਿਚਾਰ-ਚਰਚਾ ਤੇ ਸਾਹਿਤਕ ਸਮਾਗਮ

ਬੰਗਾ (ਅਵਤਾਰ ਕਲੇਰ)- ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਵੱਲੋਂ ਭਾਈ ਸੰਗਤ ਸਿੰਘ ਖਾਲਸਾ ਕਾਲਜ ਵਿਖੇ ਸ਼ਾਇਰ ਗੁਰਦੀਪ ਸਿੰਘ ਸੈਣੀ ਦੇ ਪਲੇਠੇ ਗ਼ਜ਼ਲ ਸੰਗ੍ਰਹਿ 'ਔੜ 'ਤੇ ਬਰਸਾਤ' ਬਾਰੇ ਵਿਚਾਰ ਚਰਚਾ ਅਤੇ ਸਾਹਿਤਕ ਸਮਾਗਮ ਕਰਵਾਇਆ ਗਿਆ। ਪ੍ਰਧਾਨਗੀ ਮੰਡਲ ਵਿੱਚ ਪ੍ਰਿੰਸੀਪਲ ਡਾ.ਰਣਜੀਤ ਸਿੰਘ, ਪ੍ਰੋਫੈਸਰ ਬਲਜੀਤ ਸਿੰਘ ਬੱਲੀ, ਪ੍ਰਿੰਸੀਪਲ ਡਾ. ਹਰਭਜਨ ਸਿੰਘ ਕਰਨਾਣਾ(ਭਾਰਤ ਵਿਭੂਸ਼ਣ), ਡਾ ਸੋਮਾ ਸਬਲੋਕ ਸ਼ੁਸ਼ੋਬਤ ਸਨ। ਸਮਾਗਮ ਦੀ ਸ਼ੁਰੂਆਤ ਕਰਦਿਆਂ ਮੰਚ ਦੇ ਪ੍ਰਧਾਨ ਸੋਮਾ ਸਬਲੋਕ ਨੇ ਆਏ ਹੋਏ ਸਭ ਮਹਿਮਾਨਾਂ, ਸਾਹਿਤ ਪ੍ਰੇਮੀਆਂ ਨੂੰ ਜੀ ਆਇਆਂ ਨੂੰ ਕਿਹਾ। ਉਨ੍ਹਾਂ ਵੱਲੋਂ ਮੰਚ ਦੇ ਉਦੇਸ਼ ਪ੍ਰਤੀ ਅਤੇ ਪਿਛਲੇ ਸਮੇਂ ਵਿੱਚ ਕੀਤੀ ਕਾਰਗੁਜ਼ਾਰੀ ਦਾ ਵੇਰਵਾ ਸਾਂਝਾ ਕੀਤਾ ਗਿਆ। ਡਾ ਸ਼ਮਸ਼ੇਰ ਮੋਹੀ ਹੋਰਾਂ ਨੇ ਪੁਸਤਕ ਤੇ ਪਰਚਾ ਪੜ੍ਹਦਿਆਂ ਕਿਹਾ ਕਿ ਲੇਖਕ ਵੱਲੋਂ ਨਿੱਜੀ ਗ਼ਮਾਂ ਨਾਲੋਂ ਸਮਾਜਿਕ ਮਸਲਿਆਂ ਨੂੰ ਤਰਜੀਹ ਦਿੱਤੀ ਗਈ ਹੈ। ਮਨੁੱਖੀ ਕਿਰਦਾਰ ਦੀ ਸੁੱਚਤਾ ਅਤੇ ਬੁਲੰਦੀ ਨੂੰ ਮਨੁੱਖ ਹੋਣ ਦੀ ਮੁੱਢਲੀ ਸ਼ਰਤ ਤਸਲੀਮ ਕਰਦਿਆਂ ਇਸ ਦੇ ਇਰਦ-ਗਿਰਦ ਆਪਣੇ ਵਿਚਾਰਾਂ ਦਾ ਤਾਣਾ ਬਣਾ ਬੁਣਦਾ ਹੈ। ਉਸ ਨੂੰ ਆਪਣੇ ਆਲੇ-ਦੁਆਲੇ ਜ਼ਿਆਦਾਤਰ ਬੌਣੇ, ਖੋਖਲੇ, ਦਾਗੀ, ਕਪਟੀ ਕਿਰਦਾਰ ਨਜ਼ਰ ਆਉਂਦੇ ਹਨ। ਭਾਵ ਸਮੂੱਚਾ ਪ੍ਰਬੰਧ ਹੀ ਗਰਕ ਚੁੱਕਾ ਹੈ। ਸੰਤ ਸਿੰਘ ਸੋਹਲ ਨੇ ਕਿਹਾ ਕਿ ਹੁਣ ਗ਼ਜ਼ਲ ਔਰਤਾਂ ਨਾਲ




ਗੱਲਾਂ ਹੀ ਨਹੀਂ ਕਰਦੀ ਸਗੋਂ ਵਿਸ਼ਵ ਵਿਆਪੀ ਵਰਤਾਰਿਆਂ ਵਿੱਚ ਵਿਚਰਦੀ ਇੱਕ ਅੱਤ ਹੀ ਸੰਵੇਦਨਸ਼ੀਲ ਹਰਮਨ ਪਿਆਰੀ ਵਿਧਾ ਬਣ ਗਈ ਹੈ। ਪੁਸਤਕ ਬਾਰੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਲੇਖਕ ਅਵਾਮ ਨੂੰ ਸੁਚੇਤ ਹੋਣ ਲਈ ਪ੍ਰੇਰਦਾ ਹੈ ਅਤੇ ਆਪਣੇ ਹ

ਬੇਰੁਜ਼ਗਾਰਾਂ ਵੱਲੋਂ ਮੁੱਖ ਮੰਤਰੀ ਦੇ ਦਫ਼ਤਰ ਅੱਗੇ ਧਰਨਾ, 20 ਨੂੰ ਪ੍ਰਮੁੱਖ ਸਕੱਤਰ ਨਾਲ ਹੋਵੇਗੀ ਪੈਨਲ ਮੀਟਿੰਗ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਮੁੱਖ ਮੰਤਰੀ ਭਗਵੰਤ ਮਾਨ ਦੇ ਸਥਾਨਕ ਦਫ਼ਤਰ ਦਾ ਘਿਰਾਓ ਕਰਨ ਪੁੱਜੇ ਬੇਰੁਜ਼ਗਾਰ ਸਾਂਝੇ ਮੋਰਚੇ ਦੇ ਕਾਰਕੁੰਨਾਂ ਨੇ ਪੁਲਸ ਰੋਕਾਂ ਦੇ ਬਾਵਜੂਦ ਮੁੱਖ ਮੰਤਰੀ ਦਫ਼ਤਰ ਅੱਗੇ ਧਰਨਾ ਦਿੰਦਿਆਂ ਸਰਕਾਰ ਦਾ ਪਿੱਟ ਸਿਆਪਾ ਕੀਤਾ।ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਰਮਨ ਕੁਮਾਰ ਮਲੋਟ, ਅਮਨ ਸੇਖਾਂ ਤੇ ਬੇਰੁਜ਼ਗਾਰ ਬੀ ਐੱਡ 55 ਪੀੜਤ ਯੂਨੀਅਨ ਦੇ ਗੁਰਪ੍ਰੀਤ ਪੱਕਾ ਕਲਾਂ ਦੀ ਅਗਵਾਈ ਹੇਠ ਸਿਵਲ ਹਸਪਤਾਲ ਤੋਂ ਰੋਸ ਮਾਰਚ ਕਰਦੇ ਹੋਏ ਬੇਰੁਜ਼ਗਾਰ ਮੁੱਖ ਮੰਤਰੀ ਦੇ ਦਫ਼ਤਰ ਨੇੜੇ ਪੁੱਜੇ।ਕਾਫ਼ੀ ਜੱਦੋ-ਜਹਿਦ ਮਗਰੋਂ ਪ੍ਰਸ਼ਾਸਨ ਨੇ 20 ਨਵੰਬਰ ਨੂੰ ਪ੍ਰਮੁੱਖ ਸਕੱਤਰ ਨਾਲ ਪੈਨਲ ਮੀਟਿੰਗ ਤੈਅ ਕਰਵਾਈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਭਰਤੀ ਕੈਲੰਡਰ ਦਾ ਵਾਅਦਾ ਕਰਨ ਦੇ ਬਾਵਜੂਦ ਸਿੱਖਿਆ ਵਿਭਾਗ ਵਿੱਚ ਮਾਸਟਰ ਕੇਡਰ ਦੀ ਕੋਈ ਅਸਾਮੀ ਨਹੀਂ ਕੱਢੀ ਗਈ।ਉਨ੍ਹਾਂ 15 ਹਜ਼ਾਰ ਮਾਸਟਰ ਕੇਡਰ ਅਸਾਮੀਆਂ ਜਾਰੀ ਕਰਨ, 55 ਫ਼ੀਸਦੀ ਅੰਕਾਂ ਦੀ ਸ਼ਰਤ ਰੱਦ ਕਰਨ ਤੇ ਉਮਰ ਹੱਦ ਵਿੱਚ ਛੋਟ ਸਮੇਤ ਹੋਰ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ।ਉਨ੍ਹਾਂ ਦੱਸਿਆ ਕਿ ਡੀ ਸੀ ਦਫ਼ਤਰ ਅੱਗੇ ਪੱਕਾ ਮੋਰਚਾ ਪਿਛਲੇ 11 ਮਹੀਨਿਆਂ ਤੋਂ ਜਾਰੀ ਹੈ।

ਗੁਰੂ ਨਾਨਕ ਮਾਡਲ ਸਕੂਲ ਵਿਖੇ ਬਾਲ ਦਿਵਸ ਮਨਾਇਆ



ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਬਾਲ ਦਿਵਸ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਵੱਖ-ਵੱਖ ਵਿੱਦਿਅਕ, ਸੱਭਿਆਚਾਰਕ ਤੇ ਖੇਡ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਸਵੇਰ ਦੀ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਮਹੱਤਤਾ ਦੇ ਨਾਲ-ਨਾਲ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਤੇ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸੇ ਦੌਰਾਨ ਸਤੰਬਰ ਮਹੀਨੇ ਦੀਆਂ ਪ੍ਰੀਖਿਆਵਾਂ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨੇ ? ਬੱਚਿਆਂ ਦੇ ਫੈਂਸੀ ਡਰੈੱਸ ਮੁਕਾਬਲੇ ਕਰਵਾਏ ਗਏ।ਇਸ ਤੋਂ ਇਲਾਵਾ ਬੱਚਿਆਂ ਨੂੰ ਬਨਸਥਲੀ ਜੈਨ ਮੰਦਰ ਦਾ ਵਿੱਦਿਅਕ ਤੇ ਧਾਰਮਿਕ ਟੂਰ ਵੀ ਕਰਵਾਇਆ ਗਿਆ।ਤੀਜੀ ਤੋਂ ਪੰਜਵੀਂ ਜਮਾਤ ਤੱਕ ਦੇ ਬੱਚਿਆਂ ਨਾਲ ਸੰਬੰਧਤ ਵੱਖ-ਵੱਖ ਵਿਸ਼ਿਆਂ 'ਤੇ ਪੈਨਲ ਚਰਚਾ ਹੋਈ ਤੇ ਵਿਦਿਆਰਥੀਆਂ ਨੇ ਖੂਬ ਆਨੰਦ ਮਾਣਦਿਆਂ ਪੰਜਾਬ ਦੀਆਂ ਲੋਕ-ਖੇਡਾਂ ਜਿਵੇਂ ਕਿ ਪਿੱਠੂ, ਪੀਚੋ, ਖੋ-ਖੋ, ਗੀਟੇ ਤੇ ਕੋਟਲਾ ਛਪਾਕੀ ਆਦਿ ਖੇਡੀਆਂ।ਸੀਨੀਅਰ ਜਮਾਤਾਂ ਦੇ ਵਿਦਿਆਰਥੀਆਂ ਨੇ ਨੱਚ-ਟੱਪ ਕੇ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਇਸ ਦਿਨ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸ ਮੌਕੇ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਸਕੂਲ ਡਾਇਰੈਕਟਰ ਰੁਪਿੰਦਰ ਕੌਰ ਬਰਾੜ ਤੇ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸਮੂਹ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

ਸਰਬੱਤ ਦਾ ਭਲਾ ਟਰੱਸਟ ਨੇ ਟ੍ਰੈਫਿਕ ਪੁਲਸ ਦੇ ਸਹਿਯੋਗ ਨਾਲ ਰਿਫਲੈਕਟਰ ਲਗਾਏ



ਸ੍ਰੀ ਮੁਕਤਸਰ ਸਾਹਿਬ (ਸ਼ਸ਼ਿੰਦਰ ਪਾਲ/ਪੂਜਾ)-ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ ਵੱਖ ਵੱਖ ਵਹੀਕਲਾਂ 'ਤੇ ਜ਼ਿਲ੍ਹਾ ਟ੍ਰੈਫਿਕ ਪੁਲਸ ਦੀ ਮੱਦਦ ਨਾਲ ਰਿਫਲੈਕਟਰ ਲਗਾਏ ਗਏ।ਅਰਵਿੰਦਰ ਪਾਲ ਸਿੰਘ ਚਾਹਲ ਬੁੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਕਾਫ਼ੀ ਥਾਵਾਂ 'ਤੇ ਜ਼ਿਲ੍ਹਾ ਟ੍ਰੈਫਿਕ ਪੁਲਸ ਦੇ ਸਹਿਯੋਗ ਨਾਲ ਕੈਂਪ ਲਗਾ ਕੇ ਵੱਡੇ ਪੱਧਰ 'ਤੇ ਵੱਖ ਵੱਖ ਵਹੀਕਲਾਂ 'ਤੇ ਰਿਫਲੈਕਟਰ ਲਗਾਏ ਗਏ।ਇਸ ਮੌਕੇ ਏ ਐੱਸ ਆਈ ਗੁਰਜੰਟ ਸਿੰਘ ਪੀ ਸੀ ਆਰ ਨੇ ਦੱਸਿਆ ਕਿ ਡਾ. ਓਬਰਾਏ ਦਾ ਇਹ ਉਪਰਾਲਾ ਬਹੁਤ ਹੀ ਵਧੀਆ ਹੈ, ਕਿਉਂਕਿ ਮਨੁੱਖੀ ਜਾਨਾਂ ਬਹੁਤ ਹੀ ਕੀਮਤੀ ਹਨ, ਅਜਿਹੇ ਉਪਰਾਲਿਆਂ ਨਾਲ ਇਨ੍ਹਾਂ ਨੂੰ ਅਜਾਈਂ ਜਾਣ ਤੋਂ ਰੋਕਿਆ ਜਾ ਸਕਦਾ ਹੈ।ਇਸ ਮੌਕੇ ਐੱਸ ਆਈ ਸੁਖਦੇਵ ਸਿੰਘ ਭੁੱਲਰ, ਏ ਐੱਸ ਆਈ ਗੁਰਜੰਟ ਸਿੰਘ ਪੀ ਸੀ ਆਰ, ਮੰਗਲ ਸਿੰਘ ਟ੍ਰੈਫਿਕ ਸਟਾਫ਼ ਜਸਵੰਤ ਸਿੰਘ, ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ, ਅਸ਼ੋਕ ਕੁਮਾਰ, ਗੁਰਪਾਲ ਸਿੰਘ ਪਾਲੀ, ਮਲਕੀਤ ਸਿੰਘ ਰਿਟਾ. ਬੈਂਕ ਮੈਨੇਜਰ ਮੀਤ ਪ੍ਰਧਾਨ ਆਦਿ ਹਾਜ਼ਰ ਸਨ।

ਚੇਅਰਮੈਨ ਪਰਦਮਨ ਸਿੰਘ ਵਿਰਕ ਦਾ ਜਨਮ ਦਿਨ ਮਨਾਇਆ



ਸਮਾਣਾ (ਇਕਬਾਲ ਸਿੰਘ ਬੱਲ)-ਪਿੰਡ ਫਤਿਹਪੁਰ ਵਿਖੇ ਸਥਿਤ ਨਾਮਵਰ ਵਿੱਦਿਅਕ ਅਦਾਰੇ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਕੂਲ ਦੇ ਮਾਣਯੋਗ ਚੇਅਰਮੈਨ ਸ੍. ਪਰਦਮਨ ਸਿੰਘ ਵਿਰਕ ਦਾ ਜਨਮ ਦਿਨ ਬੜੀ ਸ਼ਰਧਾ, ਖ਼ੁਸ਼ੀ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਖ਼ਾਸ ਮੌਕੇ ਸਕੂਲ ਦੇ ਸਮੂਹ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਨੂੰ ਜਨਮ ਦਿਨ ਦੀਆਂ ਦਿਲੋਂ ਮੁਬਾਰਕਾਂ ਦਿੱਤੀਆਂ ਗਈਆਂ। ?ਸਮਾਗਮ ਦੌਰਾਨ ਸਕੂਲ ਦੇ ਸਮੂਹ ਸਟਾਫ਼ ਵੱਲੋਂ ਕੇਕ ਕੱਟ ਕੇ ਖ਼ੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ ਤੇ ਸ੍. ਪਰਦਮਨ ਸਿੰਘ ਦੀ ਲੰਬੀ ਉਮਰ, ਚੰਗੀ ਸਿਹਤ, ਖ਼ੁਸ਼ਹਾਲੀ ਤੇ ਚੜ੍ਹਦੀ ਕਲਾ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ। ?ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਚੇਅਰਮੈਨ ਸ੍. ਪਰਦਮਨ ਸਿੰਘ ਦੀ ਯੋਗ ਅਗਵਾਈ, ਦੂਰਦਰਸ਼ੀ ਸੋਚ ਤੇ ਸਿੱਖਿਆ ਪ੍ਰਤੀ ਸਮਰਪਣ ਸਦਕਾ ਪਿੰਡ ਫਤਿਹਪੁਰ ਦਾ ਇਹ ਸਕੂਲ ਲਗਾਤਾਰ ਤਰੱਕੀ ਦੀਆਂ ਨਵੀਆਂ ਮੰਜ਼ਿਲਾਂ ਵੱਲ ਵਧ ਰਿਹਾ ਹੈ। ਉਨ੍ਹਾਂ ਦਾ ਮਾਰਗਦਰਸ਼ਨ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਿਹਾ ਹੈ।ਅੰਤ ਵਿੱਚ ਜਨਰਲ ਸਕੱਤਰ ਸ੍. ਬਲਵਿੰਦਰ ਸਿੰਘ, ਸੀਨੀਅਰ ਵਾਈਸ-ਪ੍ਰਧਾਨ ਸ੍. ਗੁਲਜ਼ਾਰ ਸਿੰਘ, ਖ਼ਜ਼ਾਨਚੀ ਸ. ਜਸਵੰਤ ਸਿੰਘ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਸ. ਕੁਲਦੀਪ ਸਿੰਘ ਢਿੱਲੋਂ, ਸਕੂਲ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ ਤੇ ਸਮੂਹ ਸਕੂਲ ਪਰਿਵਾਰ ਵੱਲੋਂ ਸ. ਪਰਦਮਨ ਸਿੰਘ ਵਿਰਕ ਜੀ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਗਈਆਂ ਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਤੇ ਤੰਦਰੁਸਤ ਜੀਵਨ ਦੀ ਕਾਮਨਾ ਕੀਤੀ ਗਈ।

ਦਸਮੇਸ਼ ਗਲੋਰੀਅਸ ਪਬਲਿਕ ਸਕੂਲ ਵਿਖੇ ਬਾਲ ਦਿਵਸ ਮਨਾਇਆ



ਕੋਟਕਪੂਰਾ (ਰਛਪਾਲ ਭੁੱਲਰ)-ਦਸ਼ਮੇਸ਼ ਗਲੋਰੀਅਸ ਪਬਲਿਕ ਸਕੂਲ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਬੱਚਿਆਂ ਵੱਲੋਂ ਵੱਖ-ਵੱਖ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀਮਤੀ ਰੁਬੀਨਾ ਧੀਰ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਤੇ ਬੱਚਿਆਂ ਨੂੰ ਸੰਦੇਸ਼ ਦਿੱਤਾ ਕਿ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਸਤਿਕਾਰ ਕਰਨ, ਉਨ੍ਹਾਂ ਦੇ ਆਗਿਆਕਾਰੀ ਬਨਣ ਤੇ ਉਨ੍ਹਾਂ ਵੱਲੋਂ ਦਿੱਤੀਆਂ ਚੰਗੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ।ਇਸ ਮੌਕੇ ਸੱਤਵੀਂ ਜਮਾਤ ਦੀ ਵਿਦਿਆਰਥਣ ਐਵਲੀਨ ਕੌਰ ਵੱਲੋਂ ਬਾਲ ਦਿਵਸ ਦੀ ਮਹੱਤਤਾ ਬਾਰੇ ਇੱਕ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤਾ ਗਿਆ।ਇਸ ਮੌਕੇ ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਖੇਡਾਂ ਦਾ ਆਯੋਜਨ ਵੀ ਕੀਤਾ।ਚਾਰ ਹਾਊਸਾਂ ਵਿਚਕਾਰ ਵੱਖ-ਵੱਖ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਸਾਰੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਜੇਤੂ ਵਿਦਿਆਰਥੀਆਂ ਨੂੰ ਗਿਫ਼ਟ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍. ਬਲਜੀਤ ਸਿੰਘ, ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਸਕੂਲ ਪ੍ਰਿੰਸੀਪਲ ਰੁਬੀਨਾ ਧੀਰ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਅੱਗੇ ਤੋਂ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਹਰਜਿੰਦਰ ਸਹੋਤਾ ਨੂੰ ਜਾਇੰਟ ਸਕੱਤਰ ਨਿਯੁਕਤ ਕਰਨ 'ਤੇ ਦਿੱਤੀ ਵਧਾਈ



ਜ਼ੀਰਾ (ਨਰਿੰਦਰ ਅਨੇਜਾ)-ਮਿਸਲ ਸਤਲੁਜ ਵੱਲੋਂ ਸ੍. ਹਰਜਿੰਦਰ ਸਿੰਘ ਸਹੋਤਾ ਦੀ ਪਹਿਲਾਂ ਦੀ ਕਾਰਗੁਜ਼ਾਰੀ, ਜਥੇਬੰਦੀ ਪ੍ਰਤੀ ਸਮਰਪਣ ਤੇ ਮਿਹਨਤ ਨੂੰ ਦੇਖਦਿਆਂ ਉਨ੍ਹਾਂ ਨੂੰ ਮਿਸਲ ਸਤਲੁਜ ਪੰਜਾਬ ਦਾ ਜੁਆਇੰਟ ਸਕੱਤਰ ਨਿਯੁਕਤ ਕਰਕੇ ਮਾਣ ਬਖ਼ਸ਼ਿਆ ਗਿਆ।ਇਸ ਨਿਯੁਕਤੀ 'ਤੇ ਜਥੇਬੰਦੀ ਦੇ ਸਕੱਤਰ ਜਨਰਲ ਸ੍. ਦਵਿੰਦਰ ਸਿੰਘ ਸੇਖੋਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਸ੍. ਸੋਹਤਾ ਨੇ ਕਿਹਾ ਕਿ ਜਥੇਬੰਦੀ ਵੱਲੋਂ ਸੌਂਪੀ ਗਈ ਇਸ ਨਵੀਂ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮਕਸਦ ਪੰਜਾਬ ਦੀ ਨੌਜਵਾਨੀ ਨੂੰ ਪੈਰਾਂ ਸਿਰ ਕਰਨਾ ਤੇ ਪੰਜਾਬ ਨੂੰ ਮੁੜ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਲੈ ਕੇ ਜਾਣਾ ਹੈ।ਇਸ ਮਕਸਦ ਲਈ ਮਿਸਲ ਸਤਲੁਜ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਥੇਬੰਦੀ ਨਾਲ ਜੋੜਿਆ ਜਾਵੇਗਾ।ਇਸ ਮੌਕੇ ਦਵਿੰਦਰ ਸਿੰਘ ਸੇਖੋਂ, ਸਕੱਤਰ ਜਨਰਲ ਮਿਸਲ ਸਤਲੁਜ ਨੇ ਕਿਹਾ ਕਿ ਸਾਨੂੰ ਸ੍. ਹਰਜਿੰਦਰ ਸਿੰਘ ਸਹੋਤਾ ਵਰਗੇ ਸਮਰਪਤ, ਮਿਹਨਤੀ ਤੇ ਸਿਰੜੀ ਸਾਥੀਆਂ ਦੀ ਜਥੇਬੰਦੀ ਵਿੱਚ ਹੋਰ ਵੀ ਲੋੜ ਹੈ।ਉਨ੍ਹਾਂ ਕੰਮ ਕਰਨ ਦੇ ਢੰਗ ਤੇ ਪੰਜਾਬ ਪ੍ਰਤੀ ਸੋਚ ਨੂੰ ਦੇਖਦਿਆਂ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਇਸ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ।ਉਨ੍ਹਾਂ ਕਿਹਾ ਕਿ ਅਜਿਹੇ ਸਾਥੀਆਂ ਦੀ ਸ਼ਮੂਲੀਅਤ ਨਾਲ ਜਥੇਬੰਦੀ ਨੂੰ ਨਵੀਂ ਤਾਕਤ ਤੇ ਮਜ਼ਬੂਤੀ ਮਿਲੇਗੀ।ਇਸ ਮੌਕੇ ਤਜਿੰਦਰ ਸਿੰਘ ਕੰਗ ਤੇ ਜਤਿੰਦਰ ਸਿੰਘ ਹਾਜ਼ਰ ਸਨ।

ਲਾਇਨਜ਼ ਕਲੱਬ ਕੋਟਕਪੂਰਾ ਰਾਇਲ ਦੇ ਸਹੁੰ ਚੁੱਕ ਸਮਾਗਮ 'ਚ ਅਹਿਮ ਵਿਚਾਰਾਂ

ਕੋਟਕਪੂਰਾ (ਰਛਪਾਲ ਭੁੱਲਰ)

ਸਥਾਨਕ ਇਕ ਨਿੱਜੀ ਹੋਟਲ ਵਿੱਚ ਹੋਏ 'ਲਾਇਨਜ਼ ਕਲੱਬ ਕੋਟਕਪੂਰਾ ਰਾਇਲ' ਦੇ 26ਵੇਂ ਸਹੁੰ ਚੁੱਕ ਸਮਾਗਮ ਦੇ ਮੁੱਖ ਮਹਿਮਾਨ ਲਾਇਨ ਅਜੈ ਕੁਮਾਰ ਗੋਇਲ ਜ਼ਿਲ੍ਹਾ ਗਵਰਨਰ-321ਐੱਫ, ਇੰਡਕਸ਼ਨ ਅਫਸਰ ਲਾਇਨ ਐੱਸ. ਕੇ. ਰਾਣਾ, ਇੰਸਟਾਲੇਸ਼ਨ ਅਫਸਰ ਲਾਇਨ ਨਰੇਸ਼ ਗੋਇਲ ਵੀਡੀਜੀ-1, ਸਟਾਰ ਗੈਸਟ ਲਾਇਨ ਬੀ. ਐੱਸ. ਸੋਹਲ, ਮਲਟੀਪਲ ਡਿਸਟ੍ਰਿਕ ਲੀਓ ਚੇਅਰਮੈਨ ਐੱਮ.ਡੀ.-321 ਤੋਂ ਇਲਾਵਾ ਟੀ. ਐੱਨ. ਗਰੋਵਰ ਪੀ.ਡੀ.ਜੀ., ਰਵਿੰਦਰ ਪ੍ਰਕਾਸ਼ ਗੋਇਲ ਪੀ.ਡੀ.ਜੀ., ਕਮਲ ਮੰਗਲਾ ਰੀਜਨ ਚੇਅਰਮੈਨ ਤੋਂ ਇਲਾਵਾ ਕਲੱਬ ਦੇ ਸਮੂਹ ਅਹੁਦੇਦਾਰ ਤੇ ਮੈਂਬਰਾਂ ਨੇ ਪਰਿਵਾਰਾਂ ਸਮੇਤ ਸ਼ਮੂਲੀਅਤ ਕੀਤੀ।ਮਨਜੀਤ ਸਿੰਘ ਔਲਖ ਪ੍ਰਧਾਨ 2025-26 ਵੱਲੋਂ ਸਮਾਗਮ ਸ਼ੁਰੂ ਕਰਨ ਦੀ ਇਜਾਜ਼ਤ ਦਿੰਦਿਆਂ ਮੈਡਮ ਨੀਰੂ ਗੋਇਲ ਵੱਲੋਂ ਪ੍ਰਾਰਥਣਾ ਤੇ ਧਵਜ ਵੰਦਨਾ ਪੜ੍ਹੀ ਗਈ।ਮਨਜੀਤ ਸਿੰਘ ਲਵਲੀ ਫੰਕਸ਼ਨ ਚੇਅਰਮੈਨ ਨੇ ਲਾਇਨ ਲੀਡਰਾਂ ਤੇ ਲਾਇਨ ਮੈਂਬਰਾਂ ਨੂੰ ਜੀ ਆਇਆਂ ਆਖਿਆ। ਸੁਰਜੀਤ ਸਿੰਘ ਘੁਲਿਆਣੀ ਨੇ ਕਲੱਬ ਦੀ ਰਿਪੋਰਟ ਪੜ੍ਹਨ ਉਪਰੰਤ ਜ਼ਿਲ੍ਹਾ ਗਵਰਨਰ ਨੂੰ ਬੇਨਤੀ ਕੀਤੀ ਕਿ ਕੇਂਦਰ ਸਰਕਾਰ ਦੇ ਐਲਾਨ ਮੁਤਾਬਿਕ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਲਾਇਨਇਜ਼ਮ ਵਿੱਚ ਮਹੱਤਤਾ ਦਿੱਤੀ ਜਾਵੇ।ਐੱਸ. ਕੇ. ਰਾਣਾ ਵੀਡੀਜੀ-2 ਨੇ ਨਵੇਂ ਮੈਂਬਰ ਗਗਨਦੀਪ ਮਲਿਕ ਨੂੰ ਕਲੱਬ 'ਚ ਸ਼ਾਮਲ ਕਰਕੇ ਜੀ ਆਇਆਂ ਆਖਿਆ। ਲਾਇਨ ਨਰੇਸ਼ ਗੋਇਲ ਵੀ.ਡੀ.ਜੀ.-1 ਨੇ 2026-27 ਲਈ ਚੁਣੀ ਗਈ ਨਵੀਂ ਟੀਮ ਨੂੰ ਉਹਨਾਂ ਦੀਆਂ ਡਿਊਟੀਆਂ ਬਾਰੇ ਦੱਸਦਿਆਂ ਨਵੇਂ ਪ੍ਰਧਾਨ ਇੰਜੀ. ਭੁਪਿੰਦਰ ਸਿੰਘ ਕਮੋਂ ਨੂੰ ਅਹੁਦੇ ਦੀ ਸਹੁੰ ਚੁਕਾਈ।ਉਪਰੰਤ ਮੁੱਖ ਮਹਿਮਾਨ ਲਾਇਨ ਅਜੈ ਗੋਇਲ ਜ਼ਿਲ੍ਹਾ ਗਵਰਨਰ 321ਐੱਫ ਨੇ ਲਾਇਨਇਜ਼ਮ ਬਾਰੇ ਜਾਣਕਾਰੀ ਦੇਣ ਉਪਰੰਤ ਨਵੀਂ ਟੀਮ ਨੂੰ ਮੁ

ਭਾਰਤ ਦੀ ਆਜ਼ਾਦੀ ਦੇ
ਮਹਾਨ ਕ੍ਰਾਂਤੀਕਾਰੀ ਅਤੇ ਅਮਰ ਸ਼ਹੀਦ



ਸ਼ਹੀਦ

ਕਰਤਾਰ ਸਿੰਘ ਸਰਾਭਾ

ਅਤੇ ਉਨ੍ਹਾਂ ਦੇ ਛੇ ਸੂਰਬੀਰ ਕ੍ਰਾਂਤੀਕਾਰੀ ਸਾਥੀਆਂ ਨੂੰ ਉਨ੍ਹਾਂ ਦੇ
ਸ਼ਹੀਦੀ ਦਿਹਾੜੇ
ਮੌਕੇ ਕੋਟਿ-ਕੋਟਿ ਪ੍ਰਣਾਮ


ਸ਼ਹੀਦ ਵਿਸ਼ਣੂ ਗਣੇਸ਼ ਪਿੰਗਲੇ


ਸ਼ਹੀਦ ਜਗਤ ਸਿੰਘ


ਸ਼ਹੀਦ ਹਰਨਾਮ ਸਿੰਘ ਸਿਆਲਕੋਟੀ


ਸ਼ਹੀਦ ਬਖ਼ਸ਼ੀਸ਼ ਸਿੰਘ


ਸ਼ਹੀਦ ਸੁਰੈਨ ਸਿੰਘ (ਸੀਨੀਅਰ)


ਸ਼ਹੀਦ ਸੁਰੈਨ ਸਿੰਘ (ਜੂਨੀਅਰ)

“ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ,
ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ।
ਜਿਨ੍ਹਾਂ ਦੇਸ਼ ਸੇਵਾ ਵਿੱਚ ਪੈਰ ਪਾਇਆ,
ਉਨ੍ਹਾਂ ਲੱਖ ਮੁਸੀਬਤਾਂ ਝੱਲੀਆਂ ਨੇ।”

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

.... ਬੜੇ ਮੀਆਂ ਤੋਂ ਬੜੇ ਮੀਆਂ ਛੋਟੇ ਮੀਆਂ ਸੁਭਾਹਨ ਅੱਲਾ

ਸ਼ਾਹਕੋਟ (ਗਿਆਨ ਸੈਦਪੁਰੀ)- ਬੀਤੀ ਸ਼ਾਮ ਕਾਂਗਰਸ ਪਾਰਟੀ ਦੀ 'ਜਵਾਨੀ ਸੰਭਾਲ ਯਾਤਰਾ' ਸਾਬਕਾ ਮੁੱਖ ਮੰਤਰੀ ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਿੱਚ ਪਿੰਡ ਢੰਡੋਵਾਲ ਪਹੁੰਚੀ ਤਾਂ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਸਿਆਸੀ ਆਕਾਸ਼ ਵਿੱਚ ਚੰਨੀ ਦਾ 'ਚੰਨ'ਚਮਕਦਾ ਨਜ਼ਰ ਆਇਆ, ਉੱਥੇ ਕੁਝ ਸਥਾਨਕ ਆਗੂਆਂ ਦਾ ਸਿਆਸੀ ਕੱਦ ਹੋਰ ਉੱਚਾ ਹੋਇਆ। ਨਾਲ ਦੀ ਨਾਲ ਸ਼ਕਾਫਤੀ ਮਾਹੌਲ ਦੇ ਵੀ ਦੀਦਾਰ ਹੋਏ। ਜਦੋਂ ਚੰਨੀ ਦੇ ਨਾਲ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੋਰੋਵਾਲੀਆ, ਸਾਬਕਾ ਮੰਤਰੀ ਅਤੇ ਕਪੂਰਥਲਾ ਦੇ ਵਿਧਾਇਕ ਰਾਣਾ ਗੁਰਜੀਤ ਸਿੰਘ, ਆਦਮਪੁਰ ਦੇ ਵਿਧਾਇਕ ਸੁਖਵਿੰਦਰ ਕੋਟਲੀ ਆਦਿ ਪਿੰਡ ਵਿੱਚ ਲੱਗੀ ਸਟੇਜ ਦੇ ਨੇੜੇ ਪਹੁੰਚੇ ਤਾਂ ਔਰਤਾਂ ਤੇ ਖਾਸ ਕਰਕੇ ਬੱਚਿਆਂ ਨੇ ਫੁੱਲਾਂ ਦੀ ਵਰਖਾ ਕੀਤੀ, ਉਸ ਵੇਲੇ ਧੀਆਂ ਵੱਲੋਂ ਬਾਬਲ 'ਤੇ ਮਾਣ ਕਰਦਾ ਗੀਤ 'ਚਾਦਰ' ਲਵਪ੍ਰੀਤ ਢੰਡੋਵਾਲ ਵੱਲੋਂ ਪੇਸ਼ ਕੀਤਾ ਜਾ ਰਿਹਾ ਸੀ। ਸਟੇਜ ਦੇ ਮੁੱਖ ਪ੍ਰਬੰਧਕ ਸੁਰਿੰਦਰਜੀਤ ਸਿੰਘ ਚੱਠਾ ਦੀ ਲਾਡਲੀ ਧੀ ਗੁਰਲੀਨ ਕੌਰ ਚੱਠਾ ਬਾਪ ਨਾਲ ਪ੍ਰਬੰਧਾਂ 'ਚ ਹੱਥ ਵਟਾਉਂਦੀ ਨਜ਼ਰ ਆਈ। ਇਸੇ ਦੌਰਾਨ ਇੱਕ ਨਿਹੰਗ ਸਿੰਘ ਨਾਲ ਸਤਿਕਾਰ



ਭਰਿਆ ਨਿੱਘਾ ਮਿਲਣ ਦਾ ਦ੍ਰਿਸ਼ ਵੀ ਸਾਹਮਣੇ ਆਇਆ, ਜਿਸ ਨੂੰ ਦੇਖ ਕੇ ਸਟੇਜ 'ਤੇ ਬੈਠੇ ਆਗੂ ਵੀ ਮੁਸਕਰਾਏ ਬਿਨਾਂ ਨਾ ਰਹਿ ਸਕੇ। ਇਸ ਮੌਕੇ ਚਰਨਜੀਤ ਸਿੰਘ ਚੰਨੀ ਤੋਂ ਪਹਿਲਾਂ ਰਾਣਾ ਗੁਰਜੀਤ ਸਿੰਘ ਨੂੰ ਸਟੇਜ ਤੋਂ ਕੁਝ ਕਹਿਣ ਲਈ ਬੁਲਾਇਆ ਤਾਂ ਇਸ ਬੁਲਾਵੇ ਵਿੱਚ ਸਤਿਕਾਰ ਦੇ ਸਾਰੇ ਸ਼ਬਦ ਸ਼ਾਮਿਲ ਸਨ। ਸਟੇਜ ਸਮਾਪਤੀ ਤੋਂ ਬਾਅਦ ਜਦੋਂ ਯਾਤਰਾ ਸ਼ਾਹਕੋਟ ਦੇ ਬਾਜ਼ਾਰਾਂ ਵਿੱਚ ਲੰਘੀ ਤਾਂ ਯਾਤਰਾ ਦੇ ਸਵਾਗਤ ਲਈ ਕਾਂਗਰਸੀ ਵਰਕਰ ਪੱਬਾਂ ਭਾਰ ਹੋਏ ਨਜ਼ਰ ਆਏ। ਸ਼ੋਰੋਵਾਲੀਆ ਦੇ ਪੀ ਏ ਦੇ ਵਾਰਡ ਵਾਸੀਆਂ ਵੱਲੋਂ ਸਵਾਗਤ ਦੀ ਵਾਰੀ ਆਈ ਤਾਂ ਸੋਨੂੰ ਕੰਗ ਵੱਲੋਂ ਆਪਣੇ ਬੌਸ ਵਿਧਾਇਕ ਪ੍ਰਤੀ ਕੀਤੇ ਜਾਣ ਵਾਲੇ ਕੰਮਾਂ ਦੀ ਸ਼ਿੱਦਤ ਤੇ ਸੁਹਿਰਦਤਾ ਦੇ ਸ਼ਬਦ ਚੰਨੀ ਦੇ ਕੰਨਾਂ ਵਿੱਚ ਪਏ ਤਾਂ ਉਹਨਾਂ ਨੇ ਸੋਨੂੰ ਕੰਗ ਨੂੰ ਗਲਵੱਕੜੀ ਵਿੱਚ ਲੈ ਲਿਆ। ਸ਼ੋਰੋਵਾਲੀਆ ਦੀ ਸਿਆਸੀ ਸ਼ਖਸ਼ੀਅਤ ਬਾਰੇ ਚੰਨੀ ਪਹਿਲਾਂ ਸਟੇਜ 'ਤੇ ਹੋਏ ਭਾਸ਼ਣ ਵਿੱਚ ਜ਼ਿਕਰ ਕਰ ਆਏ ਸਨ। ਹੁਣ ਚੰਨੀ ਦੇ ਹਾਵ ਭਾਵ ਤੋਂ ਲੱਗਦਾ ਸੀ ਕਿ ਉਹ ਕਹਿ ਰਹੇ ਹੋਣ, 'ਬੜੇ ਮੀਆਂ ਤੋਂ ਬੜੇ ਮੀਆਂ ਛੋਟੇ ਮੀਆਂ ਸੁਭਾਹਨ ਅੱਲਾ।'

ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਨਵੇਂ 'ਗੀਡਿੰਗ ਹਾਲ' ਦੀ ਉਸਾਰੀ ਆਰੰਭ

ਗੁਰਾਇਆ (ਬਿੰਦਰ ਸੁਮਨ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਿੱਧੇ ਪ੍ਰਬੰਧਾਂ ਅਧੀਨ ਉਪ-ਕੁਲਪਤੀ ਪ੍ਰੋ.(ਡਾ.)ਕਰਮਜੀਤ ਸਿੰਘ ਦੀ ਰਹਿਨੁਮਾਈ ਅਤੇ ਪ੍ਰੋ.(ਡਾ.)ਸਰੋਜ ਅਰੋੜਾ ਡੀਨ ਕਾਲਜ ਵਿਕਾਸ ਕੌਂਸਲ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਚੱਲ ਰਹੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਵਿਖੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਅਗਵਾਈ ਹੇਠਾਂ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਬਿਹਤਰ ਅਤੇ ਸ਼ਾਂਤਮਈ ਮਾਹੌਲ ਪ੍ਰਦਾਨ ਕਰਨ ਦੇ ਉਦੇਸ਼ ਨਾਲ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਵਿਖੇ ਨਵੇਂ ਬਣਨ ਵਾਲੇ ਆਧੁਨਿਕ 'ਗੀਡਿੰਗ ਹਾਲ' ਦਾ ਨੀਂਹ ਪੱਥਰ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ.(ਡਾ.) ਕਰਮਜੀਤ ਸਿੰਘ ਚਾਹਲ ਵੱਲੋਂ ਰੱਖਿਆ ਗਿਆ। ਉਨ੍ਹਾਂ ਨੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਆਧੁਨਿਕ ਸਹੂਲਤਾਂ ਨਾਲ ਲੈਸ ਇਹ ਹਾਲ ਵਿਦਿਆਰਥੀਆਂ ਲਈ ਗਿਆਨ ਦਾ ਇੱਕ ਨਵਾਂ ਕੇਂਦਰ ਬਣੇਗਾ ਅਤੇ ਉਨ੍ਹਾਂ ਨੂੰ ਪੜ੍ਹਨ-ਲਿਖਣ ਦੇ ਨਾਲ-ਨਾਲ ਸੱਭਿਆਚਾਰ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਮੌਕੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤਾ ਤੇ ਨਿੱਘਾ ਸਵਾਗਤ ਕੀਤਾ। ਕਾਲਜ ਦੇ ਪੁਰਾਣੇ



ਵਿਦਿਆਰਥੀ ਡਾ.ਲਖਵਿੰਦਰ ਸਿੰਘ ਜੌਹਲ ਨੇ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਲਈ ਇਹ ਹਾਲ ਲਗਭਗ 1350 ਵਰਗ ਫੁੱਟ ਦਾ ਬਣੇਗਾ।

ਇਸ ਨੂੰ ਜੰਡਿਆਲਾ ਪਿੰਡ ਦੇ ਨਿਵਾਸੀ ਸੁਰਿੰਦਰ ਸਿੰਘ ਜੌਹਲ, ਜੋ ਹੁਣ ਐਡਮਿੰਟਨ (ਕੈਨੇਡਾ) ਵਿੱਚ ਹੈ, ਦੁਆਰਾ ਬਣਾਇਆ ਜਾ ਰਿਹਾ ਹੈ, ਜਿਸ ਵੱਲੋਂ ਆਪਣੇ ਦਾਦਾ ਸਰਦਾਰ ਮੰਗਲ ਸਿੰਘ ਲੰਬੜਦਾਰ ਦੀ ਯਾਦ ਵਿੱਚ ਇਸ ਹਾਲ ਲਈ 20 ਲੱਖ ਰੁਪਏ ਦੀ ਸਹਾਇਤਾ ਭੇਜੀ ਗਈ ਹੈ। ਇਸ ਹਾਲ ਦਾ ਨਾਮ 'ਲੰਬੜਦਾਰ ਮੰਗਲ ਸਿੰਘ ਜੌਹਲ ਮੈਮੋਰੀਅਲ ਹਾਲ' ਰੱਖਿਆ ਗਿਆ ਹੈ। ਇਸ ਮੌਕੇ ਇਸ ਸਮਾਗਮ ਦਾ ਸ੍ਰੀ ਮੱਖਣ ਲਾਲ ਪੱਲਣ ਚੇਅਰਮੈਨ ਸੈਨ ਸਮਾਜ ਵੈਲਫ਼ੇਅਰ ਬੋਰਡ ਪੰਜਾਬ,ਸਾਬਕਾ ਸਰਪੰਚ ਪਿੰਡ ਜੰਡਿਆਲਾ ਅਤੇ ਜੰਡਿਆਲਾ ਲੋਕ ਭਲਾਈ ਮੰਚ ਦੇ ਪ੍ਰਧਾਨ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

ਸਮਾਗਮ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਰਾਵਲ ਸਿੰਘ ਔਲਖ, ਜੰਡਿਆਲਾ ਦੇ ਸਰਪੰਚ ਕਮਲਜੀਤ ਸਿੰਘ, ਜੰਡਿਆਲਾ ਲੋਕ ਭਲਾਈ ਮੰਚ ਦੇ ਸਕੱਤਰ ਤਰਸੇਮ ਸਿੰਘ, ਬਲਾਕ ਸੰਮਤੀ ਮੈਂਬਰ ਮੱਖਣ ਸਿੰਘ ਜੌਹਲ, ਪੰਚ ਜਸਵਿੰਦਰ ਸਿੰਘ, ਸੁਰਜੀਤ ਸਿੰਘ ਜੰਡਿਆਲਾ, ਸੁਰਜੀਤ ਜੱਜ, ਡਾਕਟਰ ਭੁਪਿੰਦਰ ਕੌਰ, ਡਾ. ਰੁਮਿੰਦਰ ਕੌਰ, ਏਕਮ ਸਿੰਘ ਪੰਨੂ, ਸੁਖਵਿੰਦਰ ਸਿੰਘ, ਬਲਕਾਰ ਸਿੰਘ, ਡਾ. ਉਮਿੰਦਰ ਸਿੰਘ ਜੌਹਲ, ਕਰਮਜੀਤ ਸਿੰਘ ਸਰਪੰਚ ਪੰਡੋਰੀ, ਗੁਰਵਿੰਦਰ ਸਿੰਘ ਪੰਚ,ਸੁਖਜੀਤ ਸਿੰਘ ਮਾਸਟਰ, ਜਸਪਾਲ ਸੋਨਾ ਪੁਰੇਵਾਲ, ਸਤਵੀਰ ਸਿੰਘ ਸੱਤੀ, ਹਰਜਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸਰਕਾਰ ਵੱਲੋਂ ਝੋਨੇ ਦੀ ਖਰੀਦ ਦੀ ਲਿਮਟ ਪੂਰੀ ਹੋਣ ਦਾ ਬਹਾਨਾ ਬਣਾਉਣਾ ਕਿਸਾਨ ਵਿਰੋਧੀ : ਜਮਹੂਰੀ ਕਿਸਾਨ ਸਭਾ

ਜਲੰਧਰ (ਕੇਸਰ)- ਕੁੱਲ ਹਿੰਦ ਕਿਸਾਨ ਮਹਾਂ ਸਭਾ ਅਤੇ ਜਮਹੂਰੀ ਕਿਸਾਨ ਸਭਾ ਪੰਜਾਬ ਨੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਬੰਦ ਕਰਨ ਦੇ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਪ੍ਰੈਸ ਨੂੰ ਜਾਰੀ ਬਿਆਨ ਵਿੱਚ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ ਜਲੰਧਰ ਤੋਂ ਜਾਰੀ ਕੀਤੇ ਬਿਆਨ ਵਿੱਚ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਜਮਹੂਰੀ ਕਿਸਾਨ ਸਭਾ ਪੰਜਾਬ (ਏ ਆਈ ਕੇ ਐਮ) ਦੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਆਖਿਆ ਕਿ ਸਰਕਾਰਾਂ ਵੱਲੋਂ ਇਹ ਤਰਕ ਦੇਣਾ ਕਿ 'ਝੋਨੇ ਖਰੀਦਣ ਦੀ ਲਿਮਟ ਪੂਰੀ ਹੋ ਗਈ ਹੈ', ਕਿਸਾਨਾਂ ਨਾਲ ਧੋਖਾ ਅਤੇ ਉਨ੍ਹਾਂ ਦੀ ਮਿਹਨਤ ਉੱਤੇ ਪਾਣੀ ਫੇਰਨ ਵਾਂਗ ਹੈ। ਸੂਬੇ ਦੀਆਂ ਝੋਨਾ ਮੰਡੀਆਂ ਵਿੱਚ ਅੱਜ ਵੀ ਲੱਖਾਂ ਕੁਇੰਟਲ ਝੋਨਾ ਬਿਨਾਂ ਵਿਕੇ ਖੁੱਲੇ ਆਸਮਾਨ ਹੇਠ ਜਾਂ ਆੜ੍ਹਤਾਂ ਦੀਆਂ ਦੁਕਾਨਾਂ ਅੱਗੇ ਪਿਆ ਹੋਇਆ ਹੈ। ਅਜਿਹੇ ਸਮੇਂ ਵਿੱਚ ਜਦੋਂ ਕਿਸਾਨ ਆਪਣੀ ਫ਼ਸਲ ਨੂੰ ਵੇਚਣ ਲਈ ਦਿਨ-ਰਾਤ ਮੰਡੀਆਂ ਵਿੱਚ ਖੱਜਲ ਹੋ ਰਹੇ ਹਨ, ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਹੱਥ ਖੜ੍ਹੇ ਕਰ ਦੇਣਾ ਇਹ



ਸਾਬਤ ਕਰਦਾ ਹੈ ਕਿ ਦੋਵੇਂ ਸਰਕਾਰਾਂ ਕਾਰਪੋਰੇਟ ਘਰਾਣਿਆਂ ਅਤੇ ਵਿਚੋਲਿਆਂ ਦੇ ਇਸ਼ਾਰੇ ਉੱਤੇ ਕੰਮ ਕਰ ਰਹੀਆਂ ਹਨ। ਉਹਨਾਂ ਮੰਗ ਕੀਤੀ ਕਿ ਝੋਨੇ ਦੀ ਤੁਰੰਤ ਖਰੀਦ ਸ਼ੁਰੂ ਹੋਵੇ, ਮੰਡੀਆਂ ਵਿੱਚ ਪਏ ਇੱਕ-ਇੱਕ ਦਾਣੇ ਦੀ ਖਰੀਦ ਬਿਨਾਂ ਕਿਸੇ ਰੋਕ-ਟੋਕ ਅਤੇ ਲਿਮਟ ਦੇ ਤੁਰੰਤ ਯਕੀਨੀ ਬਣਾਈ ਜਾਵੇ, ਖਰੀਦ ਉੱਤੇ ਲਗਾਈ ਗਈ ਅਖੌਤੀ 'ਸੀਮਾ' (ਲਿਮਟ) ਦੇ ਤੁਗਲਕੀ ਫ਼ਰਮਾਨ ਨੂੰ ਤੁਰੰਤ ਰੱਦ ਕੀਤਾ ਜਾਵੇ, ਮੰਡੀਆਂ ਵਿੱਚ ਨਮੀ ਜਾਂ ਹੋਰ ਕਾਰਨਾਂ ਕਰਕੇ ਪ੍ਰੇਸ਼ਾਨ ਹੋ ਰਹੇ ਕਿਸਾਨਾਂ ਨੂੰ ਤੁਰੰਤ ਰਾਹਤ ਦਿੱਤੀ ਜਾਵੇ, ਝੋਨਾ 22% ਨਮੀ ਤੇ ਖ਼ਰੀਦਿਆ ਜਾਵੇ ਅਤੇ ਫ਼ਸਲ ਚੁੱਕੀ ਜਾਵੇ।ਪ੍ਰੈਸ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਸਭਾ ਦੇ ਸੂਬਾਈ ਪ੍ਰੈਸ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਨੇ ਆਖਿਆ ਕਿ ਜੇਕਰ ਕੇਂਦਰ ਅਤੇ ਸੂਬਾ ਸਰਕਾਰਾਂ ਨੇ ਆਪਣਾ ਇਹ ਕਿਸਾਨ-ਵਿਰੋਧੀ ਫ਼ੈਸਲਾ ਤੁਰੰਤ ਵਾਪਸ ਨਾ ਲਿਆ ਅਤੇ ਮੰਡੀਆਂ ਵਿੱਚ ਝੋਨੇ ਦੀ ਸੁਚਾਰੂ ਖਰੀਦ ਸ਼ੁਰੂ ਨਾ ਕੀਤੀ, ਤਾਂ ਜਮਹੂਰੀ ਕਿਸਾਨ ਸਭਾ ਪੰਜਾਬ ਕਿਸਾਨਾਂ ਨੂੰ ਨਾਲ ਲੈ ਕੇ ਤਿੱਖਾ ਸੰਘਰਸ਼ ਕਰਨ ਲਈ ਮਜ਼ਬੂਰ ਹੋਵੇਗੀ।

ਪਰਾਲੀ ਸਾੜਨ ਸੰਬੰਧੀ 18 ਕਿਸਾਨਾਂ ਨੂੰ 5-5 ਹਜ਼ਾਰ ਰੁਪਏ ਜੁਰਮਾਨਾ

ਚਾਰ ਹੋਰ ਕਿਸਾਨਾਂ ਖ਼ਿਲਾਫ਼ ਜਲਦ ਹੋਵੇਗੀ ਕਾਰਵਾਈ : ਐਸ ਡੀ ਐਮ

ਫਿਲੌਰ (ਨਿਰਮਲ)- ਖੇਤਾਂ ਵਿੱਚ ਪਰਾਲੀ ਸਾੜਨ, ਦੀਵਾਲੀ ਮੌਕੇ ਚਲਾਏ ਗਏ ਪਟਾਕਿਆਂ, ਸੜਕਾਂ 'ਤੇ ਦੌੜਦੇ ਵਾਹਨਾਂ ਵਿੱਚੋਂ ਨਿਕਲਣ ਵਾਲੇ ਧੂੰਏਂ ਅਤੇ ਉਦਯੋਗਿਕ ਇਕਾਈਆਂ ਵਿੱਚੋਂ ਨਿਕਲਣ ਵਾਲੇ ਧੂੰਏਂ ਕਾਰਨ ਵਾਤਾਵਰਣ ਦਿਨੋਂ-ਦਿਨ ਜ਼ਹਿਰੀਲਾ ਹੁੰਦਾ ਜਾ ਰਿਹਾ ਹੈ। ਇਸ ਕਾਰਨ ਹਵਾ ਦੀ ਗੁਣਵੱਤਾ 'ਤੇ ਮਾੜਾ ਅਸਰ ਪੈ ਰਿਹਾ ਹੈ।ਇਸ ਸਬੰਧੀ ਹਲਕਾ ਫਿਲੌਰ ਵਿੱਚ ਪਰਾਲੀ ਸਾੜਨ ਦੇ ਕੁੱਲ 31 ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਵਿੱਚੋਂ 18 ਥਾਵਾਂ 'ਤੇ ਪਰਾਲੀ ਸਾੜਨ ਦੇ ਸਬੂਤ ਮਿਲੇ, ਜਦਕਿ 13 ਮਾਮਲਿਆਂ ਵਿੱਚ ਅੱਗ ਲੱਗਣ ਦੇ ਸਬੂਤ ਨਹੀਂ ਮਿਲੇ।ਪ੍ਰਸ਼ਾਸਨ ਵੱਲੋਂ ਕੀਤੀ ਗਈ ਕਾਰਵਾਈ ਤਹਿਤ 14 ਕਿਸਾਨਾਂ ਖ਼ਿਲਾਫ਼ ਪਰਚੇ ਦਰਜ ਕੀਤੇ ਗਏ ਹਨ। ਇਸ ਤੋਂ ਇਲਾਵਾ 18 ਕਿਸਾਨਾਂ ਦੇ ਮਾਲ ਰਿਕਾਰਡ ਵਿੱਚ ਰੈਡ ਐਂਟਰੀਆਂ ਦਰਜ ਕੀਤੀਆਂ ਗਈਆਂ ਹਨ ਅਤੇ 18 ਕਿਸਾਨਾਂ ਨੂੰ ਪੰਜ-ਪੰਜ ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਹੈ। ਚਾਰ ਹੋਰ ਕਿਸਾਨਾਂ ਖ਼ਿਲਾਫ਼ ਵੀ ਜਲਦ ਪਰਚੇ ਦਰਜ ਕੀਤੇ ਜਾਣਗੇ। ਇਸ ਸੰਬੰਧੀ ਸ਼ਿਵਰਾਜ ਸਿੰਘ ਬੱਲ ਐੱਸ ਡੀ ਐੱਮ ਫਿਲੌਰ ਦੇ ਨਿਰਦੇਸ਼ਾਂ ਹੇਠ ਪ੍ਰਸ਼ਾਸਨ ਵੱਲੋਂ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਯੋਗ ਪ੍ਰਬੰਧਨ ਕਰਨ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕੇ।



ਸ਼ਮਸ਼ਾਨਘਾਟ ਨੇੜੇ ਸਾੜਿਆ ਜਾ ਰਿਹਾ ਕੂੜਾ

ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਇੱਕ ਪਾਸੇ ਸਰਕਾਰ ਵੱਲੋਂ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਵੱਡੇ ਪੱਧਰ 'ਤੇ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ, ਦੂਜੇ ਪਾਸੇ ਡੇਰਾਬੱਸੀ ਨੇੜਲੇ ਪਿੰਡ ਭਾਂਖਰਪੁਰ ਵਿਖੇ ਹਾਈਵੇ ਸੜਕ ਕਿਨਾਰੇ ਲੱਗੇ ਕੂੜੇ-ਕਰਕਟ ਦੇ ਢੇਰਾਂ ਨੂੰ ਸ਼ਰੇਆਮ ਅੱਗ ਲਗਾਏ ਜਾਣ ਦੀਆਂ ਘਟਨਾਵਾਂ ਨੇ ਪ੍ਰਸ਼ਾਸਨਿਕ ਪ੍ਰਬੰਧਾਂ 'ਤੇ ਸਵਾਲੀਆ

● ਨੇੜੇ ਹੀ ਹਾਈਟੈਂਸ਼ਨ ਬਿਜਲੀ ਟਾਵਰ ਹੋਣ ਕਾਰਨ ਖ਼ਤਰਾ ਵਧਿਆ

ਨਿਸ਼ਾਨ ਲਗਾ ਦਿੱਤਾ ਹੈ। ਪਿੰਡ ਦੇ ਸ਼ਮਸ਼ਾਨਘਾਟ ਨੇੜੇ ਵੱਖ-ਵੱਖ ਥਾਵਾਂ 'ਤੇ ਕੂੜੇ ਨੂੰ ਲੱਗੀ ਅੱਗ ਕਾਰਨ ਉੱਠ ਰਹੇ ਸੰਘਣੇ ਕਾਲੇ ਧੂੰਏਂ ਨੇ ਜਿੱਥੇ ਵਾਤਾਵਰਣ ਨੂੰ ਦੂਸ਼ਿਤ ਕਰ ਦਿੱਤਾ ਹੈ, ਉੱਥੇ ਹੀ ਇਸ ਰਸਤੇ ਤੋਂ ਲੰਘਣ ਵਾਲੇ ਰਾਹਗੀਰਾਂ ਅਤੇ ਨੇੜਲੇ ਵਸਨੀਕਾਂ ਲਈ ਵੀ ਮੁਸ਼ਕਲਾਂ ਖੜ੍ਹੀਆਂ ਕਰ ਦਿੱਤੀਆਂ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਦੀ ਮੁੱਖ ਸੜਕ ਦੇ ਨਾਲ ਸ਼ਮਸ਼ਾਨਘਾਟ ਨੇੜੇ ਵੱਡੀ ਮਾਤਰਾ ਵਿੱਚ ਕੂੜਾ-ਕਰਕਟ ਅਤੇ ਪਲਾਸਟਿਕ ਦਾ ਕਚਰਾ ਇਕੱਠਾ ਹੋਇਆ ਪਿਆ ਹੈ।

ਸ਼ਾਮ ਸਮੇਂ ਇਸ ਕੂੜੇ ਨੂੰ ਕਈ ਥਾਵਾਂ 'ਤੇ ਅੱਗ ਲੱਗਣ ਕਾਰਨ ਧੂੰਏਂ ਦੇ ਗੁਬਾਰ ਉੱਠਦੇ ਦੇਖੇ ਗਏ। ਪਲਾਸਟਿਕ ਅਤੇ ਹੋਰ ਰਹਿੰਦ-ਖੂੰਹਦ ਸੜਨ ਨਾਲ ਨਿਕਲਣ ਵਾਲਾ ਹਾਨੀਕਾਰਕ ਧੂੰਆਂ ਲੋਕਾਂ ਦੀ ਸਿਹਤ ਲਈ ਗੰਭੀਰ ਖ਼ਤਰਾ ਬਣ ਸਕਦਾ ਹੈ। ਚਿੰਤਾ ਦਾ ਵਿਸ਼ਾ ਇਹ ਵੀ ਹੈ ਕਿ ਜਿਸ ਥਾਂ ਕੂੜੇ ਨੂੰ ਅੱਗ ਲੱਗੀ ਹੋਈ ਹੈ, ਉਸ ਦੇ ਬਿਲਕੁਲ ਨੇੜੇ ਹਾਈ-ਟੈਂਸ਼ਨ ਬਿਜਲੀ ਲਾਈਨ ਦਾ ਟਾਵਰ ਸਥਿਤ ਹੈ। ਅੱਗ ਦੀਆਂ ਲਪਟਾਂ ਅਤੇ ਤੇਜ਼ ਸੇਕ ਕਾਰਨ ਬਿਜਲੀ ਦੇ ਢਾਂਚੇ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਪ੍ਰਗਟਾਇਆ



ਜਾ ਰਿਹਾ ਹੈ। । ਇਸ ਸਬੰਧੀ ਪਿੰਡ ਭਾਂਖਰਪੁਰ ਦੇ ਸਰਪੰਚ ਮਨਦੀਪ ਕੌਰ ਦੇ ਪਤੀ ਜਗਪ੍ਰੀਤ ਸਿੰਘ ਜੱਗੀ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਕੂੜਾ ਇਕੱਠਾ ਕਰਨ ਲਈ ਠੇਕੇਦਾਰ ਰਾਹੀਂ ਪ੍ਰਬੰਧ ਕੀਤਾ ਗਿਆ ਹੈ।

ਇਕੱਠੇ ਕੀਤੇ ਕੂੜੇ ਵਿੱਚੋਂ ਵਿਕਣਯੋਗ ਸਮੱਗਰੀ ਵੱਖ ਕਰਕੇ ਵੇਚ ਦਿੱਤੀ ਜਾਂਦੀ ਹੈ, ਜਦਕਿ ਬਾਕੀ ਕੂੜੇ ਦੇ ਨਿਪਟਾਰੇ ਦਾ ਪ੍ਰਬੰਧ ਕੀਤਾ ਜਾਂਦਾ ਹੈ।ਉਹ ਇਸ ਸਬੰਧੀ ਪੜਤਾਲ ਕਰਵਾਉਣਗੇ ਕਿ ਅੱਗ ਕਿਸ ਵੱਲੋਂ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਕਾਰਨ ਰਾਹਗੀਰਾਂ ਜਾਂ ਇਲਾਕਾ ਵਾਸੀਆਂ ਨੂੰ ਪ੍ਰੇਸ਼ਾਨੀ ਆ ਰਹੀ ਹੈ ਤਾਂ ਇਸ ਦਾ ਹੱਲ ਕਰਵਾਉਣ ਲਈ ਬਣਦੇ ਕਦਮ ਚੁੱਕੇ ਜਾਣਗੇ।

ਕਰਨਜੋ